ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 12 ਮਾਰਚ 2025 (ਨਾਨਕਸ਼ਾਹੀ ਸੰਮਤ : ੫੫੬, ੨੯ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਸੈਂਕੜੇ ਮੁਸਾਫਰਾਂ ਨੂੰ ਬਣਾਇਆ ਬੰਧਕ

# ਬਲੋਚ ਆਰਮੀ ਨੇ ਰੇਲ ਕੀਤੀ ਹਾਈਜੈਕ




**ਇਸਲਾਮਾਬਾਦ, 11 ਮਾਰਚ (ਆਵਾਜ਼ਿ ਕੌਮ ਬਿਊਰੋ)**-ਬਲੋਚ ਲਿਬਰੇਸ਼ਨ ਆਰਮੀ (BLA) ਨੇ ਪਾਕਿਸਤਾਨ ਦੇ ਬਲੋਚਿਸਤਾਨ ਵਿੱਚ ਜਾਫਰ ਐਕਸਪ੍ਰੈਸ ਨੂੰ ਹਾਈਜੈਕ ਕਰ ਲਿਆ ਹੈ। ਇੰਨਾ ਹੀ ਨਹੀਂ, ਬਲੋਚ ਫੌਜ ਨੇ ਟ੍ਰੇਨ ਦੇ ਸਾਰੇ ਯਾਤਰੀਆਂ ਨੂੰ ਬੰਧਕ ਬਣਾ ਲਿਆ ਹੈ। ਬਲੋਚ ਲਿਬਰੇਸ਼ਨ ਆਰਮੀ ਨੇ ਸੋਸ਼ਲ ਮੀਡੀਆ 'ਤੇ ਟ੍ਰੇਨ ਹਾਈਜੈਕ ਕਰਨ ਦੀ ਜਾਣਕਾਰੀ ਦਿੱਤੀ। ਬਲੋਚ ਲਿਬਰੇਸ਼ਨ ਆਰਮੀ ਨੇ ਸੋਸ਼ਲ ਮੀਡੀਆ 'ਤੇ ਇੱਕ ਬਿਆਨ ਜਾਰੀ ਕਰਕੇ ਕਿਹਾ ਕਿ ਇਹ ਕਾਰਵਾਈ ਮਸ਼ਕਫ਼, ਧਾਦਰ, ਬੋਲਾਨ ਵਿੱਚ ਕੀਤੀ ਗਈ। ਜਿੱਥੇ ਉਸ ਦੇ ਲੜਾਕਿਆਂ ਨੇ ਰੇਲਵੇ ਟਰੈਕ ਨੂੰ ਉਡਾ ਦਿੱਤਾ ਹੈ। ਇਸ ਕਾਰਨ ਜਾਫਰ ਐਕਸਪ੍ਰੈਸ ਨੂੰ ਰੋਕਣਾ ਪਿਆ। ਇਸ ਤੋਂ ਬਾਅਦ ਟ੍ਰੇਨ ਨੂੰ ਕਾਬੂ ਵਿੱਚ ਕਰ ਲਿਆ ਗਿਆ ਅਤੇ ਸਾਰੇ ਯਾਤਰੀਆਂ ਨੂੰ ਬੰਧਕ ਬਣਾ ਲਿਆ ਗਿਆ। ਬੀਐਲਏ ਨੇ ਧਮਕੀ ਦਿੱਤੀ ਹੈ ਕਿ ਜੇਕਰ ਪਾਕਿਸਤਾਨੀ ਫੌਜ ਨੇ ਕੋਈ ਫੌਜੀ ਕਾਰਵਾਈ ਕਰਨ ਦੀ ਕੋਸ਼ਿਸ਼ ਕੀਤੀ ਤਾਂ ਨਤੀਜੇ ਗੰਭੀਰ ਹੋਣਗੇ ਅਤੇ ਸਾਰੇ ਬੰਧਕਾਂ ਨੂੰ ਮਾਰ ਦਿੱਤਾ ਜਾਵੇਗਾ। ਇਨ੍ਹਾਂ ਕਤਲਾਂ ਦੀ ਜ਼ਿੰਮੇਵਾਰੀ ਪੂਰੀ ਤਰ੍ਹਾਂ ਫੌਜ ਦੀ ਹੋਵੇਗੀ। (ਫਾਈਲ ਫੋਟੋ)

Exclusive News

## ਕੇਜਰੀਵਾਲ ਨੂੰ ਅਦਾਲਤ ਤੋਂ ਵੱਡਾ ਝਟਕਾ, 5 ਸਾਲ ਪੁਰਾਣੇ ਮਾਮਲੇ ਵਿੱਚ ਐਫ.ਆਈ.ਆਰ. ਦਰਜ ਕਰਨ ਦੇ ਹੁਕਮ, ਹੋ ਸਕਦੀ ਗ੍ਰਿਫ਼ਤਾਰੀ ?

**ਨਵੀਂ ਦਿੱਲੀ, 11 ਮਾਰਚ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਝਟਕਾ ਦਿੰਦੇ ਹੋਏ ਦਿੱਲੀ ਦੀ ਰਾਊਜ਼ ਐਵੇਨਿਊ ਅਦਾਲਤ ਨੇ ਹੋਰਡਿੰਗ ਲਗਾਉਣ ਲਈ ਜਨਤਕ ਪੈਸੇ ਦੀ ਕਥਿਤ ਦੁਰਵਰਤੋਂ ਦੇ ਮਾਮਲੇ ਵਿੱਚ ਐਫਆਈਆਰ ਦਰਜ ਕਰਨ ਦਾ ਹੁਕਮ ਦਿੱਤਾ ਹੈ। ਦੱਸਿਆ ਜਾ ਰਿਹਾ ਹੈ ਕਿ ਹੋਲੀ ਤੋਂ ਬਾਅਦ ਕੇਜਰੀਵਾਲ ਅਤੇ ਹੋਰਾਂ ਖਿਲਾਫ ਐਫਆਈਆਰ ਦਰਜ ਕੀਤੀ ਜਾਵੇਗੀ। ਰਾਊਸ ਐਵੇਨਿਊ ਅਦਾਲਤ ਨੇ ਸਾਲ 2019 ਵਿੱਚ ਦਵਾਰਕਾ ਵਿੱਚ ਵੱਡੇ ਹੋਰਡਿੰਗ ਲਗਾ ਕੇ ਜਨਤਕ ਫੰਡਾਂ ਦੀ ਦੁਰਵਰਤੋਂ ਕਰਨ ਦੇ ਦੋਸ਼ ਵਿੱਚ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਤੇ ਹੋਰਾਂ ਵਿਰੁੱਧ ਐਫਆਈਆਰ ਦਰਜ ਕਰਨ ਦੀ ਮੰਗ ਕਰਨ ਵਾਲੀ ਪਟੀਸ਼ਨ 'ਤੇ ਆਪਣਾ ਫੈਸਲਾ ਸੁਣਾਉਂਦੇ ਹੋਏ, ਐਫਆਈਆਰ ਦਰਜ ਕਰਨ ਦਾ ਹੁਕਮ ਦਿੱਤਾ ਹੈ। ਆਪਣਾ ਫੈਸਲਾ ਸੁਣਾਉਂਦੇ ਹੋਏ, ਅਦਾਲਤ ਨੇ ਕਿਹਾ ਕਿ ਧਾਰਾ 156(3) ਸੀਆਰਪੀਸੀ ਅਧੀਨ ਪਟੀਸ਼ਨ ਮਨਜ਼ੂਰ ਹੈ। ਅਦਾਲਤ ਨੇ ਦਵਾਰਕਾ ਦੱਖਣੀ ਪੁਲਿਸ ਨੂੰ ਇਸ ਮਾਮਲੇ ਵਿੱਚ ਐਫਆਈਆਰ ਦਰਜ ਕਰਨ ਅਤੇ ਐਸਐਚਓ ਨੂੰ 18 ਮਾਰਚ ਤੱਕ ਪਾਲਣਾ ਰਿਪੋਰਟ ਦਾਇਰ ਕਰਨ ਲਈ ਕਿਹਾ ਹੈ। ਇਹ ਮਾਮਲਾ 2019 ਵਿੱਚ ਅਦਾਲਤ ਵਿੱਚ ਦਾਇਰ ਇੱਕ ਸ਼ਿਕਾਇਤ ਨਾਲ ਸਬੰਧਤ ਹੈ, ਜਿਸ ਵਿੱਚ ਦੋਸ਼ ਲਗਾਇਆ ਗਿਆ ਸੀ ਕਿ ਕੇਜਰੀਵਾਲ, ਸਾਬਕਾ 'ਆਪ' ਵਿਧਾਇਕ ਗੁਲਾਬ ਸਿੰਘ ਤੇ ਦਵਾਰਕਾ ਕੌਂਸਲਰ ਨੀਤੀਕਾ ਸ਼ਰਮਾ ਨੇ ਇਲਾਕੇ ਵਿੱਚ ਵੱਖ-ਵੱਖ ਥਾਵਾਂ 'ਤੇ ਵੱਡੇ ਆਕਾਰ ਦੇ ਹੋਰਡਿੰਗ ਲਗਾ ਕੇ ਜਾਣਬੁੱਝ ਕੇ ਜਨਤਕ ਫੰਡਾਂ ਦੀ ਦੁਰਵਰਤੋਂ ਕੀਤੀ।

## ਦਮਦਮੀ ਟਕਸਾਲ ਨੇ 14 ਮਾਰਚ ਨੂੰ ਅਨੰਦਪੁਰ ਸਾਹਿਬ ਵਿਖੇ ਸੱਦਿਆ ਪੰਥਕ ਇਕੱਠ



ਸਿੱਖ ਸਿਧਾਂਤਾ ਦੇ ਅਤੇ ਤਖਤ ਸਹਿਬਾਨਾਂ ਦੇ ਹੋਏ ਅਪਮਾਨ ਅਤੇ ਪੰਥਕ ਮਰਯਾਦਾ ਦੇ ਹੋਏ ਨਿਰਾਦਰ ਨੂੰ ਵੇਖਦੇ ਹੋਏ ਮਿਤੀ 14 ਮਾਰਚ 2025 ਦਿਨ ਸ਼ੁੱਕਰਵਾਰ ਨੂੰ ਪੰਜ ਪਿਆਰਾ ਪਾਰਕ ਦੇ ਸਾਹਮਣੇ ਦਮਦਮੀ ਟਕਸਾਲ ਦੇ ਅਸਥਾਨ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ (ਸ਼੍ਰੀ ਅਨੰਦਪੁਰ ਸਾਹਿਬ) ਵਿਖੇ ਮਹਾਨ ਪੰਥਕ ਇਕੱਠ ਕੀਤਾ ਜਾ ਰਿਹਾ ਹੈ ਸਮੂਹ ਸੰਤ ਸਮਾਜ, ਨਿਹੰਗ ਸਿੰਘ ਜਥੇਬੰਦੀਆਂ, ਸਿੱਖ ਸੰਸਥਾਵਾਂ ਅਤੇ ਸਮੁੱਚੇ ਪੰਥ ਨੂੰ ਬੇਨਤੀ ਹੈ ਇਸ ਮਹਾਨ ਪੰਥਕ ਇਕੱਠ ਵਿੱਚ ਹੁੰਮ ਹੁੰਮਾ ਕੇ ਦਰਸ਼ਨ ਦੇਣ ਦੀ ਕਿਰਪਾਲਤਾ ਕਰੋ ਜੀ ।

**ਵੱਲੋ : ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ**
**ਮੁਖੀ ਦਮਦਮੀ ਟਕਸਾਲ**
**ਪ੍ਰਧਾਨ ਸੰਤ ਸਮਾਜ**

## ਈ. ਡੀ. ਦੀ ਵੱਡੀ ਕਾਰਵਾਈ, ਸੁਖਪਾਲ ਖਹਿਰਾ ਦੀ ਪ੍ਰਾਪਰਟੀ ਕੀਤੀ ਅਟੈਚ



**ਚੰਡੀਗੜ੍ਹ, 11 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਜਿੱਥੇ ਨਸ਼ਾ ਤਸਕਰਾਂ ਵਿਰੁੱਧ ਸ਼ਿਕੰਜਾ ਕੱਸ ਰਹੀ ਹੈ, ਉੱਥੇ ਹੀ ਈਡੀ ਨੇ ਇਕ ਵੱਡੇ ਨੇਤਾ ਖ਼ਿਲਾਫ਼ ਵੀ ਕਾਰਵਾਈ ਕੀਤੀ ਹੈ। ਦੱਸ ਦਈਏ ਕਿ ਭੁਲੱਥ ਤੋਂ ਕਾਂਗਰਸੀ ਵਿਧਾਇਕ ਸੁਖਪਾਲ ਖਹਿਰਾ ਵਿਰੁੱਧ ਵੀ ਕਾਰਵਾਈ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਉਨ੍ਹਾਂ ਉੱਤੇ ਈਡੀ ਵੱਲੋਂ ਇਹ ਕਾਰਵਾਈ ਨਸ਼ਾ ਤਸਕਰ ਨਾਲ ਲੈਣ ਦੇਣ ਨੂੰ ਲੈ ਕੇ ਕੀਤੀ ਗਈ ਦੱਸੀ ਜਾ ਰਹੀ ਹੈ। ਮਿਲੀ ਜਾਣਕਾਰੀ ਮੁਤਾਬਕ ਈਡੀ ਵੱਲੋਂ ਸੁਖਪਾਲ ਖਹਿਰਾ ਉੱਤੇ ਵੱਡੀ ਕਾਰਵਾਈ ਕਰਦਿਆਂ ਉਨ੍ਹਾਂ ਦੀ ਚੰਡੀਗੜ੍ਹ ਵਾਲੀ ਕੋਠੀ ਅਟੈਚ ਕਰ ਲਈ ਗਈ ਹੈ। ਇਸ ਕੋਠੀ ਦੀ ਕੀਮਤ 3 ਕਰੋੜ 82 ਲੱਖ ਰੁਪਏ ਦੱਸੀ ਜਾ ਰਹੀ ਹੈ। ਇਹ ਵੀ ਕਿਹਾ ਜਾ ਰਿਹਾ ਹੈ ਕਿ ਇਹ ਕਾਰਵਾਈ ਨਸ਼ਾ ਤਸਕਰੀ ਦੇ ਸ਼ੱਕੀ ਮਾਮਲੇ ਵਿਚ ਕੀਤੀ ਗਈ ਹੈ। ਇਸ ਦੌਰਾਨ ਸੁਖਪਾਲ ਖਹਿਰਾ ਉੱਤੇ ਨਸ਼ਾ ਤਸਕਰ ਗੁਰਦੇਵ ਸਿੰਘ ਨਾਲ ਲੈਣ ਦੇਣ ਦੇ ਇਲਜ਼ਾਮ ਹਨ।

### ਖਹਿਰਾ ਨੇ ਈਡੀ ਦੀ ਕਾਰਵਾਈ ਨੂੰ ਦੱਸਿਆ ਗਲਤ

ਉੱਥੇ ਹੀ ਦੂਜੇ ਪਾਸੇ ਸੁਖਪਾਲ ਖਹਿਰਾ ਨੇ ਸੋਸ਼ਲ ਮੀਡੀਆ 'ਤੇ ਪੋਸਟ ਪਾ ਕੇ ਇਸ ਕਾਰਵਾਈ ਨੂੰ ਗਲਤ ਠਹਿਰਾਇਆ ਹੈ ਉਨ੍ਹਾਂ ਨੇ ਲਿਖਿਆ ਹੈ ਕਿ ਮੈਨੂੰ ਮੀਡੀਆ ਰਾਹੀਂ ਹੁਣੇ ਪਤਾ ਲੱਗਾ ਹੈ ਕਿ ਈ. ਡੀ. ਨੇ ਮੇਰੀ ਚੰਡੀਗੜ੍ਹ ਰਿਹਾਇਸ਼ ਨੂੰ ਅਟੈਚ ਕਰ ਲਿਆ ਹੈ ਜਿਸ ਬਾਰੇ ਮੈਂ ਸਪੱਸ਼ਟ ਕਰਨਾ ਚਾਹੁੰਦਾ ਹਾਂ ਕਿ ਮੈਨੂੰ ਇਸ ਬਾਰੇ 54 ਜਾਂ ਕਿਸੇ ਹੋਰ ਸਰਕਾਰੀ ਸਰੋਤ ਤੋਂ ਕੋਈ ਨੋਟਿਸ ਨਹੀਂ ਮਿਲਿਆ ਹੈ।

ਜੇਕਰ ਖਬਰ ਸਹੀ ਵੀ ਹੈ ਤਾਂ ਮੀਡੀਆ ਨੂੰ ਖਬਰਾਂ ਜਾਰੀ ਕਰਨ ਦੀ ਬਜਾਏ ਮੈਨੂੰ ਸੂਚਿਤ ਕੀਤਾ ਜਾਣਾ ਚਾਹੀਦਾ ਸੀ। ਇਹ ਮੇਰੀ ਛਵੀ ਨੂੰ ਖ਼ਰਾਬ ਕਰਨ ਦੀ ਸਾਜ਼ਿਸ਼ ਤੋਂ ਇਲਾਵਾ ਕੁਝ ਨਹੀਂ ਹੈ, BJP ਦੇਸ਼ ਭਰ ਵਿੱਚ ਵਿਰੋਧੀ ਧਿਰ ਦੇ ਨੇਤਾਵਾਂ ਦਾ ਸ਼ਿਕਾਰ ਕਰਨ ਲਈ ਈ. ਡੀ. ਦੀ ਦੁਰਵਰਤੋਂ ਕਰ ਰਹੀ ਹੈ - ਖਹਿਰਾ

## ਮਜੀਠੀਆ ਨੂੰ ਸਬਕ ਸਿਖਾਉਣ ਲਈ ਬਾਦਲ ਨੇ ਖੇਡਿਆ ਵੱਡਾ ਦਾਅ, ਲੰਗਾਹ ਨੂੰ ਸੌਂਪੀ ਕਮਾਨ

**ਅੰਮ੍ਰਿਤਸਰ, 11 ਮਾਰਚ (ਆਵਾਜ਼ਿ ਕੌਮ ਬਿਊਰੋ)**-ਮਾਝੇ ਦਾ ਜਰਨੈਲ ਮੰਨੇ ਜਾਂਦੇ ਸੀਨੀਅਰ ਅਕਾਲੀ ਲੀਡਰ



ਬਿਕਰਮ ਮਜੀਠੀਆ ਨੇ ਤਖਤਾਂ ਦੇ ਜਥੇਦਾਰਾਂ ਨੂੰ ਹਟਾਉਣ ਖਿਲਾਫ ਆਵਾਜ਼ ਬੁਲੰਦ ਕਰਕੇ ਸ਼੍ਰੋਮਣੀ ਅਕਾਲੀ ਦਲ ਅੰਦਰ ਵੱਡਾ ਧਮਾਕਾ ਕੀਤਾ ਹੈ। ਮਜੀਠੀਆ ਦੇ ਇਸ ਫੈਸਲੇ ਦੇ ਹੱਕ ਵਿੱਚ ਵੱਡੀ ਗਿਣਤੀ ਅਕਾਲੀ ਲੀਡਰ ਆ ਖੜ੍ਹੇ ਹੋਏ ਹਨ। ਇਸ ਮਗਰੋਂ ਬਾਦਲ ਧੜੇ ਨੇ ਮਜੀਠੀਆ ਸਣੇ ਬਾਗੀ ਸੁਰਾਂ ਵਾਲੇ ਲੀਡਰਾਂ ਖਿਲਾਫ ਸਖਤ ਐਕਸ਼ਨ ਲੈਣ ਦੀ ਧਮਕੀ ਦਿੰਦਿਆਂ ਮਾਝੇ ਅੰਦਰ ਨਵਾਂ ਦਾਅ ਖੇਡਿਆ ਹੈ। ਬਾਦਲ ਧੜੇ ਨੇ ਮਜੀਠੀਆ ਨੂੰ ਸਬਕ ਸਿਖਾਉਣ ਲਈ ਵਿਵਾਦਾਂ ਕਰਕੇ ਕਈ ਸਾਲਾਂ ਤੋਂ ਸਿਆਸੀ ਹਾਸ਼ੀਏ 'ਤੇ ਚੱਲ ਰਹੇ ਸੀਨੀਅਰ ਲੀਡਰ ਸੁੱਚਾ ਸਿੰਘ ਲੰਗਾਹ ਨੂੰ ਥਾਪੜਾ ਦੇ ਦਿੱਤਾ ਹੈ। ਤਖਤ ਸ਼੍ਰੀ ਕੇਸਗੜ੍ਹ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਦਸਤਾਰਬੰਦੀ ਮੌਕੇ ਲੰਗਾਹ ਨੇ ਹੀ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਆ ਕੇ ਮੋਰਚਾ ਸੰਭਾਲਿਆ। ਉਹ ਹੀ ਮੀਡੀਆ ਨੂੰ ਮੁਖਾਤਿਬ ਹੋਏ ਤੇ ਅਕਾਲੀ ਦਲ ਤੇ ਸ਼੍ਰੋਮਣੀ ਕਮੇਟੀ ਦਾ ਬਚਾਅ ਕੀਤਾ।ਦਰਅਸਲ ਸ਼੍ਰੋਮਣੀ ਅਕਾਲੀ ਦਲ ਦੋ ਧੜਿਆਂ ਵਿੱਚ ਵੰਡਿਆ ਗਿਆ ਹੈ। ਇਸ ਦਾ ਸਭ ਤੋਂ ਵੱਡਾ ਅਸਰ ਮਾਝੇ ਵਿੱਚ ਵੇਖਿਆ ਜਾ ਰਿਹਾ ਹੈ। ਸ਼੍ਰੋਮਣੀ ਕਮੇਟੀ ਵੱਲੋਂ ਤਖ਼ਤ ਸਾਹਿਬਾਨ ਦੇ ਜਥੇਦਾਰਾਂ ਨੂੰ ਉਨ੍ਹਾਂ ਦੇ ਅਹੁਦਿਆਂ ਤੋਂ ਹਟਾਉਣ ਦੇ ਫੈਸਲੇ ਦਾ ਬਿਕਰਮ ਮਜੀਠੀਆ ਵੱਲੋਂ ਵਿਰੋਧ ਕਰਨ ਤੋਂ ਬਾਅਦ ਮਾਝੇ ਵਿੱਚ ਸ਼੍ਰੋਮਣੀ ਅਕਾਲੀ ਦਲ ਪੂਰੀ ਤਰ੍ਹਾਂ ਫੁੱਟ ਦੇ ਕੰਢੇ 'ਤੇ ਪਹੁੰਚ ਗਿਆ ਹੈ। ਮਜੀਠੀਆ ਦੇ ਹੱਕ ਵਿੱਚ ਵੱਡੀ ਗਿਣਤੀ ਲੀਡਰ ਆਣ ਖੜ੍ਹੇ ਹਨ। ਤਾਜ਼ਾ ਹਾਲਾਤ ਨੂੰ ਵੇਖਦਿਆਂ ਬਾਦਲ ਧੜੇ ਨੇ ਲੰਗਾਹ ਨੂੰ ਮੈਦਾਨ ਵਿੱਚ ਉਤਾਰਿਆ ਹੈ। ਇਸ ਮੁੱਦੇ 'ਤੇ ਸੁਖਬੀਰ ਬਾਦਲ ਦੇ ਸਮਰਥਕ ਸੁੱਚਾ ਸਿੰਘ ਲੰਗਾਹ ਦੀ ਅਗਵਾਈ ਹੇਠ ਇਕੱਠੇ ਹੋਣੇ ਸ਼ੁਰੂ ਹੋ ਗਏ ਹਨ। ਜਦੋਂ ਕਿ ਵਿਰੋਧੀ ਬਿਕਰਮ ਮਜੀਠੀਆ ਦੀ ਅਗਵਾਈ ਹੇਠ ਆਉਣੇ ਸ਼ੁਰੂ ਹੋ ਗਏ ਹਨ। ਯਾਦ ਰਹੇ ਮਜੀਠੀਆ ਅਕਾਲੀ ਦਲ ਵਿੱਚ ਮਾਝੇ ਦੇ ਜਰਨੈਲ ਵਜੋਂ ਜਾਣੇ ਜਾਂਦੇ ਹਨ। ਇਸ ਕਰਕੇ ਬਾਦਲ ਧੜੇ ਨੂੰ ਡਰ ਹੈ ਕਿ ਜੇਕਰ ਬਗਾਵਤ ਵਧੀ ਤਾਂ ਮਜੀਠੀਆ ਦਾ ਧੜਾ ਹਾਵੀ ਹੋ ਸਕਦਾ ਹੈ। ਇਸ ਲਈ ਲੰਗਾਹ ਨੂੰ ਅੱਗੇ ਕੀਤਾ ਗਿਆ ਹੈ। ਉਧਰ ਲੰਗਾਹ ਵੀ ਇਸ ਮੌਕੇ ਦਾ ਫਾਇਦਾ ਲੈਣ ਲਈ ਸਰਗਰਮ ਹੋ ਗਏ ਹਨ। ਉਨ੍ਹਾਂ ਨੇ ਬੀਤੇ ਕੱਲ੍ਹ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਦਸਤਾਰਬੰਦੀ ਮੌਕੇ ਪੂਰੀ ਤਰ੍ਹਾਂ ਮੋਰਚਾ ਸੰਭਾਲਿਆ ਤੇ ਵਿਰੋਧੀਆਂ ਉਪਰ ਤਿੱਖੇ ਹਮਲੇ ਕੀਤੇ। ਉਨ੍ਹਾਂ ਨੇ ਬਾਦਲ ਪਰਿਵਾਰ ਦੀਆਂ ਕੁਰਬਾਨੀਆਂ ਗਿਣਵਾਈਆਂ ਤੇ ਵਿਰੋਧੀਆਂ ਨੂੰ ਖੂਬ ਰਗੜੇ ਲਾਏ। ਲੰਗਾਹ ਦੇ ਹਮਲਾਵਰ ਤੇਵਰਾਂ ਤੋਂ ਸਾਫ ਨਜ਼ਰ ਆ ਰਿਹਾ ਸੀ ਕਿ ਉਨ੍ਹਾਂ ਨੂੰ ਸੁਖਬੀਰ ਬਾਦਲ ਦੀ ਖੁੱਲ੍ਹੀ ਹਮਾਇਤ ਹੈ। ਸਿਆਸੀ ਮਾਹਿਰਾਂ ਦਾ ਕਹਿਣਾ ਹੈ ਕਿ ਹੁਣ ਮਾਝੇ ਵਿੱਚ ਅਕਾਲੀ ਦਲ ਦੇ ਅੰਦਰ ਦੋ ਰਾਜਨੀਤਕ ਕੇਂਦਰ ਉੱਭਰ ਕੇ ਸਾਹਮਣੇ ਆਏ ਹਨ। ਬਿਕਰਮ ਸਿੰਘ ਮਜੀਠੀਆ ਉਪਰ ਲਗਾਮ ਕੱਸਣ ਲਈ ਬਾਦਲ ਧੜਾ ਸੁੱਚਾ ਸਿੰਘ ਲੰਗਾਹ ਨਾਲ ਡਟ ਕੇ ਖੜ੍ਹੇਗਾ। ਇਸ ਦੇ ਨਾਲ ਹੀ ਸ਼੍ਰੋਮਣੀ ਅਕਾਲੀ ਦਲ ਦੀ ਕੋਰ ਕਮੇਟੀ ਨੇ ਬਾਗ਼ੀ ਬਿਆਨ ਦੇਣ ਵਾਲਿਆਂ ਵਿਰੁੱਧ ਕਾਰਨ ਦੱਸੋ ਨੋਟਿਸ ਜਾਰੀ ਕਰਨ ਦਾ ਫੈਸਲਾ ਕੀਤਾ ਹੈ। ਇਸ ਗੱਲ ਦੀ ਸੰਭਾਵਨਾ ਹੈ ਕਿ ਬਿਕਰਮ ਮਜੀਠੀਆ ਵਿਰੁੱਧ ਵੀ ਪਾਰਟੀ ਅਨੁਸ਼ਾਸਨ ਦੀ ਉਲੰਘਣਾ ਕਰਨ ਵਾਲੇ ਬਿਆਨ ਦੇਣ ਲਈ ਨੋਟਿਸ ਜਾਰੀ ਕੀਤਾ ਜਾ ਸਕਦਾ ਹੈ। ਜੇਕਰ ਇਹ ਨੋਟਿਸ ਮਜੀਠੀਆ ਵਿਰੁੱਧ ਜਾਰੀ ਹੁੰਦਾ ਹੈ ਤਾਂ ਮਾਝੇ ਵਿੱਚ ਪਾਰਟੀ ਪੂਰੀ ਤਰ੍ਹਾਂ ਦੋ ਧੜਿਆਂ ਵਿੱਚ ਵੰਡੇ ਜਾਣ ਦੀ ਸੰਭਾਵਨਾ ਹੈ।

## ਨਵੇਂ ਜਥੇਦਾਰ ਦੀ ਦਸਤਾਰ ਬੰਦੀ ਵੇਲੇ ਹੋਇਆ ਮਰਿਯਾਦਾ ਦਾ ਘਾਣ, ਕੌਮ ਦੇ ਮੱਥੇ 'ਤੇ ਕਲੰਕ ਲਾਉਣ ਵਾਲਿਆਂ ਨੂੰ ਪੰਥ ਚੋਂ ਛੇਕਣ ਦੀ ਮੰਗ

**ਸ੍ਰੀ ਅਨੰਦਪੁਰ ਸਾਹਿਬ, 11 ਮਾਰਚ (ਆਵਾਜ਼ਿ ਕੌਮ ਬਿਊਰੋ)**-ਬੀਤੇ ਦਿਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਜੀ ਦੇ ਨਵੇਂ ਜਥੇਦਾਰ ਸਾਹਿਬਾਨ ਦੀ ਦਸਤਾਰ ਬੰਦੀ ਮੌਕੇ ਜਿਸ ਤਰੀਕੇ ਪੰਥਕ ਮਰਿਯਾਦਾ ਦਾ ਘਾਣ ਹੋਇਆ, ਗੁਰੂ ਗ੍ਰੰਥ ਅਤੇ ਗੁਰੂ ਪੰਥ ਦੀ ਗ਼ੈਰ ਹਾਜ਼ਰੀ ਵਿੱਚ ਅਤੇ ਹਨੇਰ ਕਾਲ ਵਿੱਚ ਪੰਥਕ ਪ੍ਰੰਪਰਾਵਾਂ, ਸਿਧਾਂਤਾਂ ਅਤੇ ਮਰਿਯਾਦਾ ਨੂੰ ਭੰਗ ਕੀਤਾ ਗਿਆ, ਇਸ ਸਾਰੇ ਮੰਦਭਾਗੇ ਘਟਨਾਕ੍ਰਮ ਤੋਂ ਕੌਮ ਨੂੰ ਜਾਣੂ ਅਤੇ ਸੁਚੇਤ ਕਰਵਾਉਣ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਦਾ ਸ਼੍ਰੋਮਣੀ ਕਮੇਟੀ ਮੈਂਬਰਾਂ, ਸੁਰਿੰਦਰ ਸਿੰਘ ਭੁਲੇਵਾਲਰਾਠਾ, ਮਨਜੀਤ ਸਿੰਘ, ਸਤਵਿੰਦਰ ਸਿੰਘ ਟੌਹੜਾ, ਜਰਨੈਲ ਸਿੰਘ ਕਰਤਾਰਪੁੱਰ ਤੇ ਮਲਕੀਤ ਸਿੰਘ ਚੰਗਾਲ ਨੇ ਧੰਨਵਾਦ ਕੀਤਾ। ਜਾਰੀ ਬਿਆਨ ਵਿੱਚ ਐਸਜੀਪੀਸੀ ਮੈਂਬਰਾਂ ਨੇ ਕਿਹਾ ਕਿ ਕੁਝ ਲੋਕ ਆਪਣੀ ਜ਼ਿੱਦ ਹੱਠ ਅਤੇ ਹਿੰਢ ਦੇ ਚਲਦੇ ਪੰਥਕ ਮਰਿਯਾਦਾ ਅਤੇ ਸਿਧਾਂਤਾਂ ਦੀਆਂ ਧੱਜੀਆਂ ਉਡਾ ਰਹੇ ਹਨ। ਪਹਿਲਾਂ ਆਪਣੇ ਪ੍ਰਭਾਵ ਨਾਲ ਅੰਤ੍ਰਿੰਗ ਕਮੇਟੀ ਤੋਂ ਕੌਮ ਦੀਆਂ ਭਾਵਨਾਵਾਂ ਖ਼ਿਲਾਫ਼ ਫੈਸਲਾ ਕਰਵਾਇਆ, ਜਿਵੇਂ ਠੀਕ 10 ਸਾਲ ਪਹਿਲਾਂ ਡੇਰਾ ਸਿਰਸਾ ਨੂੰ ਮੁਆਫੀ ਦਿਵਾਈ ਗਈ ਸੀ, ਉਸੇ ਤਰਜ਼ ਤੇ ਅੰਤ੍ਰਿੰਗ ਕਮੇਟੀ ਦੇ ਅਧਿਕਾਰ ਖੇਤਰ ਵਿੱਚ ਆਪਣੇ ਪ੍ਰਭਾਵ ਨਾਲ ਗਲਤ ਫੈਸਲੇ ਕਰਵਾਏ ਜਾ ਰਹੇ ਹਨ। ਐਸਜੀਪੀਸੀ ਮੈਂਬਰਾਂ ਨੇ ਕਿਹਾ ਕਿ ਪਿਛਲੇ ਦਿਨਾਂ ਦੇ ਪੰਥ ਵਿਰੋਧੀ ਘਟਨਾਕ੍ਰਮਾਂ ਨੇ ਕੌਮ ਨੂੰ ਵੱਡੀ ਠੇਸ ਪਹੁੰਚਾਈ ਹੈ। ਐਸਜੀਪੀਸੀ ਮੈਬਰਾਂ ਨੇ ਜ਼ੋਰ ਦੇਕੇ ਮੰਗ ਚੁੱਕੀ ਕਿ ਸ੍ਰੀ ਕੇਸਗੜ੍ਹ ਸਾਹਿਬ ਜੀ ਦੇ ਜਥੇਦਾਰ ਸਾਹਿਬ ਦੀ ਦਸਤਾਰ ਬੰਦੀ ਵੇਲੇ ਮਰਿਯਾਦਾ ਦਾ ਘਾਣ ਕਰਕੇ ਕੌਮ ਦੇ ਮੱਥੇ ਤੇ ਕਲੰਕ ਲਗਾਉਣ ਅਤੇ ਲਗਵਾਉਣ ਵਾਲੇ ਲੋਕਾਂ ਨੂੰ ਪੰਥ ਵਿੱਚੋ ਛੇਕਿਆ ਜਾਵੇ। ਐਸਜੀਪੀਸੀ ਮੈਬਰਾਂ ਨੇ ਕਿਹਾ ਹਨੇਰ ਕਾਲ ਵਿੱਚ ਬਗੈਰ ਗੁਰੂ ਦੀ ਰੌਸ਼ਨੀ ਅਤੇ ਪ੍ਰਕਾਸ਼ ਤੋਂ, ਗ੍ਰੰਥ ਅਤੇ ਪੰਥ ਦੀ ਹਾਜ਼ਰੀ ਤੋਂ ਬਿਨ੍ਹਾਂ, ਕੀਤੀ ਗਈ ਦਸਤਾਰਬੰਦੀ ਨੇ ਦੁਨੀਆਂ ਭਰ ਦੇ ਸਿੱਖਾਂ ਵਿੱਚ ਮਾੜੇ ਪ੍ਰਭਾਵ ਵਾਲਾ ਸੁਨੇਹਾ ਪਹੁੰਚਾਇਆ ਹੈ। ਇਸ ਦੇ ਨਾਲ ਹੀ ਐਸਜੀਪੀਸੀ ਮੈਬਰਾਂ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਅੰਦਰ ਸਮੂਹ ਐਸਜੀਪੀਸੀ ਮੈਂਬਰਾਂ ਨੂੰ ਲਾਮਬੰਦ ਕਰਕੇ ਇਸ ਪੰਥਕ ਮਰਿਯਾਦਾ ਅਤੇ ਅੰਤ੍ਰਿੰਗ ਕਮੇਟੀ ਦੇ ਪੰਥ ਵਿਰੋਧੀ ਫੈਸਲਿਆਂ ਖਿਲਾਫ ਮੋਰਚਾਬੰਦੀ ਕੀਤੀ ਜਾਵੇਗੀ। ਇਸ ਤੋਂ ਪਹਿਲਾਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਦਸਤਾਰਬੰਦੀ ਨੂੰ ਲੈ ਕੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਵੱਡੇ ਸਵਾਲ ਚੁੱਕੇ ਹਨ। ਉਨ੍ਹਾਂ ਨੇ ਕਿਹਾ ਕਿ ਬੀਤੇ ਦਿਨ ਜੋ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗਜ ਦੀ ਦਸਤਾਰਬੰਦੀ ਦੌਰਾਨ ਮਰਿਆਦਾ ਦਾ ਵੱਡਾ ਘਾਣ ਹੋਇਆ ਹੈ। ਉਨ੍ਹਾਂ ਕਿਹਾ ਕਿ ਅਖੰਡ ਪਾਠ ਦੇ ਪ੍ਰਵਾਹ 'ਚ ਸਕੱਤਰ ਤੇ ਮੈਨੇਜਰ ਨੇ ਜਥੇਦਾਰ ਦੇ ਸਿਰ 'ਤੇ ਦਸਤਾਰ ਸਜਾਈ, ਜੋ ਕਿ ਵੱਡੀ ਉਲੰਘਣਾ ਹੈ। ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਚੋਰੀ-ਛਿਪੇ ਨਵੇਂ ਜਥੇਦਾਰ ਦਾ ਨਿਯੁਕਤੀ ਹੋਈ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਰੂਪ ਨਾ ਹੋ ਕੇ ਖਾਲੀ ਪਾਲਕੀ ਸਾਹਿਬ ਦੇ ਅੱਗੇ ਮੱਥਾ ਟੇਕਿਆ ਗਿਆ ਅਤੇ ਨਾ ਹੀ ਦਰਬਾਰ ਅੰਦਰ ਸ਼ਸਤਰ ਮੌਜੂਦ ਸਨ।

# ਦਮਦਮੀ ਟਕਸਾਲ ਵੱਲੋਂ 14 ਮਾਰਚ ਨੂੰ ਅਨੰਦਪੁਰ ਸਾਹਿਬ ਵਿਖੇ
# ਪੰਥਕ ਇਕੱਠ

ਸਿੱਖ ਸਿਧਾਂਤਾ ਦੇ ਅਤੇ ਤਖਤ ਸਹਿਬਾਨਾਂ ਦੇ ਹੋਏ ਅਪਮਾਨ ਅਤੇ ਪੰਥਕ ਮਰਯਾਦਾ ਦੇ ਹੋਏ ਨਿਰਾਦਰ ਨੂੰ ਵੇਖਦੇ ਹੋਏ ਮਿਤੀ 14 ਮਾਰਚ 2025 ਦਿਨ ਸ਼ੁੱਕਰਵਾਰ ਨੂੰ ਪੰਜ ਪਿਆਰਾ ਪਾਰਕ ਦੇ ਸਾਹਮਣੇ ਦਮਦਮੀ ਟਕਸਾਲ ਦੇ ਅਸਥਾਨ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ (ਸ਼੍ਰੀ ਅਨੰਦਪੁਰ ਸਾਹਿਬ) ਵਿਖੇ ਮਹਾਨ ਪੰਥਕ ਇਕੱਠ ਕੀਤਾ ਜਾ ਰਿਹਾ ਹੈ ਸਮੂਹ ਸੰਤ ਸਮਾਜ , ਨਿਹੰਗ ਸਿੰਘ ਜਥੇਬੰਦੀਆਂ, ਸਿੱਖ ਸੰਸਥਾਵਾਂ ਅਤੇ ਸਮੁੱਚੇ ਪੰਥ ਨੂੰ ਬੇਨਤੀ ਹੈ ਇਸ ਮਹਾਨ ਪੰਥਕ ਇਕੱਠ ਵਿੱਚ ਹੁੰਮ ਹੁੰਮਾ ਕੇ ਦਰਸ਼ਨ ਦੇਣ ਦੀ ਕਿਰਪਾਲਤਾ ਕਰੋ ਜੀ ।





--✶ ਵੱਲੋਂ ✶--

## ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ
## ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net

---

ਦਮਦਮੀ ਟਕਸਾਲ — ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

www.damdamitaksal.net

वाहिगुरु जी का खालसा॥ वाहिगुरु जी की फतहि॥ — WAHEGURU JI KA KHALSA WAHEGURU JI KI FATEH

खंडे बाटे दी पाहुल छक के गुरु वाले बणो

Khande Bate di Pahul Shak Ke Guru Wale Bano

गुरबाणी संथिआ अते गुरमति सिंखिआ नाल जुड़ो

Join Gurbani Santhia and Gurmat Sikhia

कीरतन कथा कवीशरी अते ढाडी वारां सिंखो

Learn Kirtan Katha Kavishri and Dhadi Waran

गुरमुखी पंजाबी सिंखो

Learn Gurmukhi Punjabi

गतका सिंखो — Learn Gatka

www.damdamitaksal.net

---

ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243




ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫਤਹਿ — ਅੰਮ੍ਰਿਤ ਛਕੋ ਸਿੰਘ ਸਜੋ - ਨਸ਼ੇ ਛੱਡੋ ਕੋਹੜ ਵੱਡੋ — ਪੰਥ ਕੀ ਜੀਤ

## ਖਾਲਸਾ ਸਾਜਨਾ ਦਿਵਸ ਦੇ ਸਬੰਧ ਵਿੱਚ ਤਿੰਨ ਰੋਜ਼ਾ

# ਮਹਾਨ ਗੁਰਮਤਿ ਸਮਾਗਮ

ਗੁਰਦੁਆਰਾ ਸ੍ਰੀ ਨਾਮਦੇਵ ਭਵਨ, ਅਕਾਲਸਰ ਰੋਡ, ਮੋਗਾ ਵਿਖੇ ਮਿਤੀ 25-26-27 ਮਾਰਚ, 2025 ਦਿਨ ਮੰਗਲਵਾਰ, ਬੁੱਧਵਾਰ ਅਤੇ ਵੀਰਵਾਰ ਸ਼ਾਮ 6.00 ਤੋਂ 9.15 ਵਜੇ ਤੱਕ ਦੀਵਾਨ ਸਜਾਏ ਜਾਣਗੇ । ਜਿਸ ਵਿੱਚ ਪੰਥ ਦੇ ਮਹਾਨ ਕੀਰਤਨ, ਕਥਾ ਵਾਚਕ, ਢਾਡੀ, ਕਵਿਸ਼ਰੀ ਸਿੰਘ ਹਾਜ਼ਰੀਆਂ ਭਰਨਗੇ ਇਸ ਹੋ ਰਹੇ ਮਹਾਨ ਗੁਰਮਤਿ ਸਮਾਗਮ ਵਿੱਚ ਪਹੁੰਚ ਕੇ ਲਾਹੇ ਪ੍ਰਾਪਤ ਕਰੋ ਜੀ ।

**ਮਿਤੀ 25 ਮਾਰਚ, 2025 — ਦਿਨ ਮੰਗਲਵਾਰ**

ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜ਼ੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਕਥਾ --- 7:40 ਤੋਂ 9:15 ਵਜੇ ਤੱਕ
(ਪੰਥ ਦੇ ਮਹਾਨ ਕਥਾ ਵਾਚਕ ਗਿਆਨੀ ਨਿਰਮਲ ਸਿੰਘ ਧੂਲਕੋਟ)

**ਮਿਤੀ 26 ਮਾਰਚ, 2025 — ਦਿਨ ਬੁੱਧਵਾਰ**

ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜ਼ੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਢਾਡੀ --- 7:40 ਤੋਂ 9:15 ਵਜੇ ਤੱਕ
(ਭਾਈ ਸੁਖਵਿੰਦਰ ਸਿੰਘ ਢਾਡੀ ਜੱਥਾ)

**ਮਿਤੀ 27 ਮਾਰਚ, 2025 — ਦਿਨ ਵੀਰਵਾਰ**

ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜ਼ੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਢਾਡੀ --- 7:40 ਤੋਂ 9:15 ਵਜੇ ਤੱਕ
(ਪੰਥ ਦੇ ਮਹਾਨ ਕਥਾ ਵਾਚਕ ਗਿਆਨੀ ਸੁਖਦੇਵ ਸਿੰਘ ਛੱਲਾ)







ਪੰਥ ਦੇ ਮਹਾਨ ਕਥਾ ਵਾਚਕ
ਗਿਆਨੀ ਸੁਖਦੇਵ ਸਿੰਘ ਛੱਲਾ



ਪੰਥ ਦੇ ਮਹਾਨ ਕਥਾ ਵਾਚਕ
ਗਿਆਨੀ ਨਿਰਮਲ ਸਿੰਘ ਧੂਲਕੋਟ

ਅੰਮ੍ਰਿਤ ਛਕੋ ਸਿੰਘ ਸਜੋ - ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ
ਧੰਨ ਧੰਨ ਮਾਤਾ ਸਾਹਿਬ ਕੌਰ ਜੀ ਦੇ ਪੁੱਤਰੋ ਧੀਓ ਅੰਮ੍ਰਿਤ ਧਾਰੀ ਹੋ ਕੇ ਜੀਓ।

ਮਿਤੀ 28 ਮਾਰਚ, 2025 ਦਿਨ ਸ਼ੁਕਰਵਾਰ ਨੂੰ ਸਵੇਰੇ 11:30 ਵਜੇ ਮਹਾਨ ਅੰਮ੍ਰਿਤ ਸੰਚਾਰ ਹੋਵੇਗਾ। ਅੰਮ੍ਰਿਤ ਅਭਿਲਾਖੀ ਪ੍ਰਾਣੀ ਕੇਸੀ ਇਸ਼ਨਾਨ ਕਰਕੇ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ। ਕਕਾਰਾਂ ਦੀ ਸੇਵਾ ਫਰੀ ਕੀਤੀ ਜਾਵੇਗੀ।

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :
ਭਾਈ ਗੁਰਮੀਤ ਸਿੰਘ ਸਲੀਣਾ (UK) 73409-17046
ਭਾਈ ਹਰਮੇਲ ਸਿੰਘ ਮੋਗਾ 94171-39213

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਵੱਲੋਂ : ਗੁਰਦੁਆਰਾ ਨਾਮਦੇਵ ਭਵਨ ਪ੍ਰਬੰਧਕੀ ਕਮੇਟੀ, ਮੋਗਾ
ਮੋ: 99156-86386

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਏ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com








# ਹੋਲੇ ਮਹੱਲੇ ਦੇ ਸਮਾਗਮਾਂ ਵਿੱਚ ਪੰਥ ਵੱਧ ਚੜ੍ਹ ਕੇ ਹਿੱਸਾ ਲਵੇ: ਗਿਆਨੀ ਕੁਲਦੀਪ ਸਿੰਘ

**ਨਵੀਂ ਦਿੱਲੀ, 11 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਿੱਖ ਕੌਮ ਉੱਪਰ ਗੁਰੂ ਸਾਹਿਬ ਦੀ ਬਹੁਤ ਬਖਸ਼ਿਸ਼ ਹੈ ਅਤੇ ਉਨ੍ਹਾਂ ਸਾਨੂੰ ਕਈ ਕੌਮੀ ਤਿਉਹਾਰ ਬਖ਼ਸ਼ਿਸ਼ ਕੀਤੇ ਹਨ, ਜੋ ਸਾਨੂੰ ਹਮੇਸ਼ਾ ਗੁਰੂ ਸਾਹਿਬ ਨਾਲ ਜੋੜਕੇ ਰੱਖਦੇ ਹਨ, ਸਾਡੇ ਵਿੱਚ ਜੋਸ਼, ਜਜ਼ਬਾ ਤੇ ਚੜ੍ਹਦੀ ਕਲਾ ਭਰਦੇ ਹਨ। ਇਨ੍ਹਾਂ ਹੀ ਤਿਉਹਾਰਾਂ ਵਿੱਚੋਂ ਸਿੱਖ ਕੌਮ ਦਾ ਕੌਮੀ ਤਿਉਹਾਰ ਹੈ ਹੋਲਾ ਮਹੱਲਾ ਜੋ ਖ਼ਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ 'ਤੇ ਮਨਾਇਆ ਜਾਂਦਾ ਹੈ। ਜਿਸ ਵਿੱਚ ਵੱਖ-ਵੱਖ ਨਿਹੰਗ ਸਿੰਘ ਜਥੇਬੰਦੀਆਂ, ਦਲ ਪੰਥ, ਸੰਪਰਦਾਵਾਂ, ਟਕਸਾਲਾਂ, ਨਿਰਮਲੇ, ਉਦਾਸੀ, ਸਿੰਘ ਸਭਾਵਾਂ, ਸੇਵਾ ਪੰਥੀ ਅਤੇ ਹੋਰ ਲੱਖਾਂ ਦੀ ਗਿਣਤੀ ਵਿੱਚ ਸਿੱਖ ਸੰਗਤ ਗੁਰੂ ਸਾਹਿਬ ਜੀ ਦੇ ਦਰ 'ਤੇ ਪੁੱਜਦੀ ਹੈ।



ਉਨ੍ਹਾਂ ਕਿਹਾ ਕਿ ਇਸ ਮੌਕੇ ਜਿੱਥੇ ਖ਼ਾਲਸਾਈ ਕਰਤੱਵ ਦਿਖਾਏ ਜਾਂਦੇ ਹਨ, ਉਥੇ ਹੀ ਸਮੁੱਚੀ ਸੰਗਤ ਗੁਰੂ ਸਾਹਿਬ ਜੀ ਦੇ ਸੱਚੇ ਤਖ਼ਤ ਤੇ ਨਤਮਸਤਕ ਹੁੰਦਿਆਂ ਗੁਰਸਿੱਖੀ ਜੀਵਨ ਦੀ ਦਾਤ ਮੰਗਦੀ ਹੈ। ਪਰ ਪਿਛਲੇ ਕੁਝ ਸਮੇਂ ਤੋਂ ਕੁਝ ਇੱਕ ਐਸੀਆਂ ਮੰਦਭਾਗੀਆਂ ਘਟਨਾਵਾਂ ਉੱਥੇ ਵਾਪਰੀਆਂ ਹਨ, ਜਿਨ੍ਹਾਂ ਨੇ ਸਾਨੂੰ ਸੁਚੇਤ ਕੀਤਾ ਹੈ ਕਿ ਜਦੋਂ ਅਸੀਂ ਸੱਚੇ ਪਾਤਸ਼ਾਹ ਦੇ ਦਰ 'ਤੇ ਜਾਈਏ ਤਾਂ ਬਹੁਤ ਹੀ ਪ੍ਰੇਮ ਭਾਵਨਾ ਨਾਲ ਹਾਜ਼ਰੀ ਭਰੀਏ ਤੇ ਉੱਥੇ ਕਿਸੇ ਵੀ ਤਰੀਕੇ ਦੀ ਕੋਈ ਐਸੀ ਗੱਲ ਨਾ ਕਰੀਏ ਜਿਹੜੀ ਗੁਰਮਤਿ ਅਨੁਸਾਰ ਨਾ ਹੋਵੇ। ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਨੇ ਕਿਹਾ ਕਿ ਸਾਡੇ ਜਿਹੜੇ ਬੱਚੇ ਹਾਲੇ ਸਾਬਤ ਸੂਰਤ ਨਹੀਂ, ਉਹ ਜਦੋਂ ਸ੍ਰੀ ਅਨੰਦਪੁਰ ਸਾਹਿਬ ਜਾਣ ਤਾਂ ਸਿਰ ਉੱਤੇ ਦਸਤਾਰ ਸਜਾ ਕੇ ਜਾਣ, ਇਹ ਦਸਤਾਰ ਗੁਰੂ ਸਾਹਿਬ ਜੀ ਪ੍ਰਤੀ ਸਾਡੇ ਪ੍ਰੇਮ ਦਾ ਪ੍ਰਤੀਕ ਹੈ ਕਿ ਅਸੀਂ ਆਪਣੇ ਸਤਿਗੁਰੂ ਦੇ ਘਰ 'ਚ ਜਾ ਰਹੇ ਹਾਂ। ਉਨ੍ਹਾਂ ਕਿਹਾ ਕਿਉਂਕਿ ਅਸੀਂ ਸਭ ਜਾਣਦੇ ਹਾਂ ਕਿ ਅਸੀਂ ਸਾਰੇ ਸ੍ਰੀ ਅਨੰਦਪੁਰ ਸਾਹਿਬ ਦੇ ਵਾਸੀ ਹਾਂ ਤੇ ਸਾਡੇ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਮਾਤਾ ਸਾਹਿਬ ਕੌਰ ਜੀ ਹਨ। ਅਸੀਂ ਆਪਸ ਵਿੱਚ ਇੱਕ ਸਾਂਝਾ ਪਰਿਵਾਰ ਖ਼ਾਲਸਾ ਪੰਥ ਹਾਂ। ਹੁਣ ਜਦੋਂ ਪਰਿਵਾਰ ਇਕੱਠਾ ਹੋ ਰਿਹਾ ਹੈ ਤਾਂ ਉਸ ਵੇਲੇ ਮਾਹੌਲ ਚੜ੍ਹਦੀ ਕਲਾ ਤੇ ਖ਼ਾਲਸਾਈ ਜਾਹੋ ਜਲਾਲ ਵਾਲਾ ਬਣਦਾ ਹੈ। ਸਿੰਘ ਸਾਹਿਬ ਨੇ ਸਮੁੱਚੀ ਕੌਮ ਨੂੰ ਅਪੀਲ ਕੀਤੀ ਕਿ ਜਿੱਥੇ ਅਸੀਂ ਵੱਧ ਚੜ੍ਹ ਕੇ ਹੋਲੇ ਮਹੱਲੇ ਦੇ ਸਮਾਗਮਾਂ ਵਿੱਚ ਹਿੱਸਾ ਲਈਏ, ਗੁਰੂ ਸਾਹਿਬ ਜੀ ਦੇ ਦਰ ਉੱਤੇ ਨਤਮਸਤਕ ਹੋਈਏ ਉੱਥੇ ਹੀ ਗੁਰੂ ਸਾਹਿਬ ਅੱਗੇ ਸਮਰਪਣ ਭਾਵਨਾ ਨੂੰ ਪੇਸ਼ ਕਰਦੇ ਹੋਏ ਸਤਿਗੁਰੂ ਜੀ ਦੇ ਹੁਕਮਾਂ ਅਨੁਸਾਰ ਚੱਲੀਏ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM

### ਗੁਰਮਤਿ ਸਮਾਗਮ ਅਤੇ ਸਰਬਰੋਗ ਕਾ ਅਉਖਦੁ ਨਾਮੁ

# ਦੂਖ ਨਿਵਾਰਨ ਕੈਂਪ ਲਗਾਇਆ ਗਿਆ



**ਜੰਡਿਆਲਾ ਗੁਰੂ 11 ਮਾਰਚ ( ਕੁਲਵੰਤ ਸਿੰਘ ਵਿਰਦੀ )**-ਅੱਜ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਵੱਲੋਂ ਨਵੇਂ ਨਿਵਾਸ ਅਸਥਾਨ ਦੇ ਉਦਘਾਟਨ ਮੌਕੇ ਧੰਨ ਧੰਨ ਸ਼੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦਾ ਸ਼ੁਕਰਾਨਾ ਕਰਦਿਆਂ ਹੋਇਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਗੁਰਮਤਿ ਸਮਾਗਮ ਅਤੇ ਦੂਖ ਨਿਵਾਰਨ ਕੈਂਪ ਲਗਾਇਆ ਗਿਆ ਇਸ ਮੌਕੇ ਦੂਖ ਨਿਵਾਰਨ ਕੈਂਪ ਵਿੱਚ ਵਿਸ਼ੇਸ਼ ਤੌਰ ਤੇ ਬਾਬਾ ਰਾਮ ਸਿੰਘ ਜੀ ਅਮਰੀਕਾ ਵਾਲਿਆਂ ਵੱਲੋਂ ਹਾਜ਼ਰੀਆਂ

ਆਵਾਜ਼ਿ ਕੌਮ AWAZE QAUM International Newspaper & WEB TV

ਭਰਨ ਮੌਕੇ ਸਮੂਹ ਸੰਗਤਾਂ ਨੂੰ ਸਰਬ ਰੋਗ ਕਾ ਅਉਖਦੁ ਨਾਮੁ ਦੇ ਤਹਿਤ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦੇ ਜਾਪ ਕਰਵਾਉਂਦਿਆਂ ਹੋਇਆਂ ਗੁਰਬਾਣੀ ਦੀਆਂ ਬਖਸ਼ਿਸ਼ਾਂ ਪ੍ਰਾਪਤ ਕਰਨ ਲਈ ਬਾਣੀ ਗਾਊਨ ਅਤੇ ਸੁਨਣ ਲਈ ਪ੍ਰੇਰਿਤ ਕੀਤਾ ਅਤੇ ਸਾਂਝ ਪਾਉਂਦਿਆਂ ਹੋਇਆਂ ਕਿਹਾ ਕਿ ਵਿਦੇਸ਼ ਦੀਆਂ ਸੰਗਤਾਂ ਜੋ ਗੁਰਬਾਣੀ ਪੜ੍ਹ ਨਹੀਂ ਸਕਦੀਆਂ ਉਨਾਂ ਸੰਗਤਾਂ ਨੇ ਗੁਰਬਾਣੀ ਸੁਣ ਕੇ ਆਪਣੇ ਵੱਡੇ ਵੱਡੇ ਦੂਖਾਂ ਤੋਂ ਛੁਟਕਾਰਾ ਪਾਇਆ ਹੈ ਅਤੇ ਅਸੀਂ ਗੁਰਬਾਣੀ ਸਰਵਣ ਕਰਨ ਵਾਲੇ ਪ੍ਰਾਣੀ ਅਜ਼ੇ ਤੱਕ ਗੁਰਬਾਣੀ ਦੇ ਵੱਡਮੁੱਲੇ ਖ਼ਜ਼ਾਨੇ ਤੋਂ ਦੂਰੀ ਬਣਾ ਕਿ ਰੱਖੀ ਹੋਈ ਹੈ ਲੇਕਿਨ ਆਖਰ ਵਿੱਚ ਸਾਨੂੰ ਸਮਾਂ ਗਵਾ ਕੇ ਗੁਰਬਾਣੀ ਦਾ ਹੀ ਆਸਰਾ ਲੈਣਾ ਪਵੇਗਾ ਇਸ ਲਈ ਸਮਾਂ ਰਹਿੰਦਿਆਂ ਹੋਇਆਂ ਹੀ ਗੁਰਬਾਣੀ ਨਾਲ ਪ੍ਰੇਮ ਪਾ ਕਿ ਗੁਰਬਾਣੀ ਗਾ ਕੇ ਅਤੇ ਗਾਇਨ ਕੀਤੀ ਗਈ ਗੁਰਬਾਣੀ ਨੂੰ ਆਪਣੇ ਕੰਨਾਂ ਨਾਲ ਸੁਣ ਕਿ ਸਰੀਰ ਰੂਪੀ ਅਤੇ ਮਨ ਰੂਪੀ ਦੁਖਾਂ ਤੋਂ ਛੁਟਕਾਰਾ ਪਾ ਕਿ ਜੀਵਨ ਸਫਲ ਬਣਾਈਏ। ਇਸ ਮੌਕੇ ਵਾਰਿਸ ਪੰਜਾਬ ਦੇ ਮੁੱਖੀ ਅਤੇ ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੇ ਐਮ ਪੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਨੇ ਸੰਗਤਾਂ ਨਾਲ ਵੀਚਾਰਾਂ ਰੂਪੀ ਸਾਂਝ ਪਾਈ ਅਤੇ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੀਆਂ ਸੰਗਤਾਂ ਕਰਨ ਲਈ ਪ੍ਰੇਰਿਤ ਕੀਤਾ ਅਤੇ ਉਦਾਸੀਨ ਟਕਸਾਲ ਇੰਟਰਨੈਸ਼ਨਲ ਗੁਰਪ੍ਰੀਤ ਸਿੰਘ ਕੈਲੀਫੋਰਨੀਆ ਵੱਲੋਂ ਸੰਗਤਾਂ ਨਾਲ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦੀ ਸਾਂਝ ਪਾਉਂਦਿਆਂ ਹੋਇਆਂ ਗੁਰਬਾਣੀ ਦੀ ਵਡਿਆਈ ਤੋਂ ਸੰਗਤਾਂ ਨੂੰ ਜਾਣੂੰ ਕਰਵਾਇਆ ੧ ਆਖਰ ਵਿੱਚ ਹਜ਼ੂਰੀ ਰਾਗੀ ਭਾਈ ਬਲਰਾਜ ਸਿੰਘ ਸ੍ਰੀ ਅੰਮ੍ਰਿਤਸਰ ਸਾਹਿਬ ਵਾਲਿਆਂ ਵੱਲੋਂ ਜਥੇ ਸਮੇਤ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ੧ ਅਤੇ ਆਈਆਂ ਸੰਗਤਾਂ ਲਈ ਭਾਈ ਸਿਮਰਨਜੀਤ ਸਿੰਘ ਜੀ ਵੱਲੋਂ ਵੱਖ ਵੱਖ ਤਰ੍ਹਾਂ ਦੇ ਪਕਵਾਨਾਂ ਦੇ ਲੰਗਰ ਤਿਆਰ ਕੀਤੇ ਗਏ ੧ ਇਸ ਮੌਕੇ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਵਿਖੇ ਤਿੰਨ ਪਹਰੇ ਦੀ ਦੇਗ. ਡੇਰਾ ਬਾਬਾ ਸ਼ਾਮ ਸਿੰਘ ਜੀ ਤੋਂ ਆਉਣ ਵਾਲੇ ਡੇਰੇ ਤੋਂ, ਭਾਈ ਹਰਦੀਪ ਸਿੰਘ, ਭਾਈ ਹਰਿੰਦਰ ਸਿੰਘ, ਭਾਈ ਦਵਿੰਦਰ ਸਿੰਘ, ਭਾਈ ਵਰਿੰਦਰ ਸਿੰਘ, ਭਾਈ ਤੇਜਿੰਦਰ ਸਿੰਘ, ਵਿਸ਼ੇਸ਼ ਤੌਰ ਤੇ ਪਹੁੰਚੇ ਅਤੇ ਆਏ ਜਥਿਆਂ ਨੂੰ ਅਤੇ ਸ਼ਖ਼ਸੀਅਤਾਂ ਨੂੰ ਬਾਬਾ ਬਿਬੇਕ ਸਿੰਘ, ਬਾਬਾ ਰਾਮ ਸਿੰਘ, ਬਾਬਾ ਪਵਨਪ੍ਰੀਤ ਸਿੰਘ ਕਰੋਲ ਕਾ ਟਿੱਬਾ ਹਿਮਾਚਲ ਪ੍ਰਦੇਸ਼, ਜਥੇਦਾਰ ਬਲਵੰਤ ਸਿੰਘ ਪੰਡੋਰੀ, ਬਿਕਰਮਜੀਤ ਸਿੰਘ ਨਰੈਣਗੜ੍ਹ , ਹਰਵਿੰਦਰ ਸਿੰਘ ਫੌਜੀ ਆਦਿ ਵੱਲੋਂ ਸਿਰਪਾਓ ਪਾ ਕਿ ਸਨਮਾਨਿਤ ਕੀਤਾ ਗਿਆ ਇਸ ਮੌਕੇ ਪਿੰਡ ਸਰਜਾ, ਲੁਧਿਆਣਾ, ਫਤਿਹਗੜ੍ਹ ਚੂੜੀਆਂ,ਜਮਨਾ ਨਗਰ, ਬਟਾਲਾ, ਸ੍ਰੀ ਅੰਮ੍ਰਿਤਸਰ ਸਾਹਿਬ,ਭੰਗਵਾਂ, ਨਰੈਣਗੜ੍ਹ ਆਦਿ ਇਲਾਕੇ ਤੋਂ ਸੰਗਤਾਂ ਨੇ ਹਾਜ਼ਰੀਆਂ ਭਰੀਆਂ ਆਖਰ ਵਿੱਚ ਬਾਬਾ ਬਿਬੇਕ ਸਿੰਘ ਜੀ ਵੱਲੋਂ ਆਈਆਂ ਸੰਗਤਾਂ ਨੂੰ ਜੀ ਆਇਆਂ ਆਖਿਆ ਅਤੇ ਧੰਨਵਾਦ ਕੀਤਾ।

> ☛ ਸਰੀਰ ਰੂਪੀ ਅਤੇ ਮਨ ਰੂਪੀ ਦੁਖਾਂ ਤੋਂ ਛੁਟਕਾਰਾ ਪਾਉਣ ਲਈ ਗੁਰਬਾਣੀ ਪੜ੍ਹਨੀ ਬੇਹੱਦ ਜ਼ਰੂਰੀ ਬਾਬਾ ਰਾਮ ਸਿੰਘ ਯੂ ਐਸ ਏ ☛ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਨੇ ਸੰਗਤਾਂ ਨਾਲ ਕੀਤੇ ਵੀਚਾਰ ਸਾਂਝੇ ਬਾਬਾ ਬਿਬੇਕ ਸਿੰਘ

### ਧੂਰੀ ਹਲਕੇ ਦੇ ਪਿੰਡਾਂ ਵਿੱਚ ਸਰਵੋਤਮ ਸੁਵਿਧਾਵਾਂ ਉਪਲਬਧ ਕਰਵਾਉਣ ਲਈ

# ਠੋਸ ਕਦਮ ਪੁੱਟੇ ਜਾ ਰਹੇ ਹਨ - ਸੁਖਵੀਰ ਸਿੰਘ ਸੁੱਖੀ

**ਧੂਰੀ / ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਦੇ ਦਿਹਾਤੀ ਅਤੇ ਸ਼ਹਿਰੀ ਖੇਤਰਾਂ ਵਿੱਚ ਵਸਦੇ ਲੋਕਾਂ ਨੂੰ ਸਰਵੋਤਮ ਸੁਵਿਧਾਵਾਂ ਅਤੇ ਪ੍ਰਸ਼ਾਸਨਿਕ ਸੇਵਾਵਾਂ, ਪਾਰਦਰਸ਼ਤਾ ਅਤੇ ਸਮਾਂਬੱਧ ਢੰਗ ਨਾਲ ਪ੍ਰਦਾਨ ਕਰਨ ਦੇ ਦਿੱਤੇ ਆਦੇਸ਼ਾਂ ਨੂੰ ਵਿਧਾਨ ਸਭਾ ਹਲਕਾ ਧੂਰੀ ਵਿੱਚ ਵੀ ਇੰਨ ਬਿੰਨ ਲਾਗੂ ਕੀਤਾ ਜਾ ਰਿਹਾ ਹੈ। ਇਹ ਪ੍ਰਗਟਾਵਾ ਮੁੱਖ ਮੰਤਰੀ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਅੱਜ ਧੂਰੀ ਵਿਖੇ 14 ਪਿੰਡਾਂ ਦੀਆਂ ਗ੍ਰਾਮ ਪੰਚਾਇਤਾਂ, ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਹੋਰ ਮੁਹਤਬਰ ਸ਼ਖਸ਼ੀਅਤਾਂ ਨਾਲ ਮੀਟਿੰਗ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਲੋਕਾਂ ਦੇ ਘਰਾਂ ਦੇ ਨਜ਼ਦੀਕ ਹੀ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਦੇ ਰਾਹੀਂ ਕੰਮਕਾਰ ਕਰਵਾਏ ਜਾ ਰਹੇ ਹਨ ਤਾਂ ਜੋ ਸਰਕਾਰੀ ਵਿਭਾਗਾਂ ਵਿੱਚ ਨਾਗਰਿਕਾਂ ਦੀ ਬੇਲੋੜੀ ਖੱਜਲ ਖੁਆਰੀ ਨੂੰ ਮੁਕੰਮਲ ਤੌਰ ਤੇ ਖਤਮ ਕੀਤਾ ਜਾ ਸਕੇ। ਇਸ ਮੌਕੇ ਉਦਯੋਗ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋ ਨੇ ਕਿਹਾ ਧੂਰੀ ਹਲਕੇ ਅਧੀਨ ਆਉਂਦੇ ਦੋਵੇਂ ਬਲਾਕਾਂ ਵਿੱਚ ਵਿਕਾਸ ਪੱਖੋਂ ਕਿਸੇ ਕਿਸਮ ਦੀ ਕਮੀ ਨਹੀਂ ਛੱਡੀ ਜਾ ਰਹੀ ਅਤੇ ਪ੍ਰੋਜੈਕਟਾਂ ਨੂੰ ਸਹੀ ਢੰਗ ਨਾਲ ਲਾਗੂ ਕੀਤਾ ਜਾ ਰਿਹਾ ਹੈ ਤਾਂ ਕਿ ਵੱਧ ਤੋਂ ਵੱਧ ਲੋਕਾਂ ਨੂੰ ਸਰਕਾਰ ਦੀਆਂ ਸਕੀਮਾਂ ਦਾ ਲਾਭ ਮਿਲ ਸਕੇ।ਉਹਨਾਂ ਦੱਸਿਆ ਕਿ ਹਫਤਾਵਾਰੀ ਢੰਗ ਨਾਲ ਦਰਜਨ ਦੇ ਕਰੀਬ ਪਿੰਡਾਂ ਦੀਆਂ ਪੰਚਾਇਤਾਂ ਦੇ ਸੁਝਾਅ ਅਤੇ ਸਮੱਸਿਆਵਾਂ ਨੂੰ ਸੁਣਿਆ ਜਾ ਰਿਹਾ ਹੈ ਅਤੇ ਸਰਕਾਰੀ ਪੱਧਰ 'ਤੇ ਤਾਲਮੇਲ ਕਰਵਾਉਂਦੇ ਹੋਏ ਢੁਕਵੇ ਹੱਲ ਕਰਵਾਏ ਜਾ ਰਹੇ ਹਨ। ਮੀਟਿੰਗ ਦੌਰਾਨ ਘਨੌਰੀ ਕਲਾਂ, ਰਾਜੋਮਾਜਰਾ, ਕੱਕੜਵਾਲ, ਪੇਧਨੀ ਕਲਾ,ਕਹੇਰੂ,ਜਹਾਂਗੀਰ,ਦੌਲਤਪੁਰ, ਜਾਤੀਮਾਜਰਾ, ਮੱਲੂ ਮਾਜਰਾ, ਬੱਬਣਪੁਰ, ਬੱਲਮਗੜ, ਦੁਗਨੀ, ਪੁੰਨਾਵਾਲ, ਲੱਡਾ ਅਤੇ ਬਮਾਲ ਦੇ ਵਿਕਾਸ ਕਾਰਜਾਂ ਦੇ ਸਥਿਤੀ ਦਾ ਜਾਇਜ਼ਾ ਲਿਆ ਗਿਆ। ਮੀਟਿੰਗ ਦੌਰਾਨ ਮੁੱਖ ਮੰਤਰੀ ਦੇ ਉੱਪ ਪ੍ਰਮੁੱਖ ਸਕੱਤਰ ਯਸ਼ਪਾਲ ਸ਼ਰਮਾ,ਮੁੱਖ ਮੰਤਰੀ ਫੀਲਡ ਅਫਸਰ ਕਰਮਜੀਤ ਸਿੰਘ, ਏਡੀਸੀ (ਵਿਕਾਸ) ਸੁਖਚੈਨ ਸਿੰਘ ਪਾਪੜਾ, ਐਸ.ਡੀ.ਐਮ ਵਿਕਾਸ ਹੀਰਾ, ਚੇਅਰਮੈਨ ਪੰਜਾਬ ਰਾਜ ਗਊ ਸੇਵਾ ਕਮਿਸ਼ਨ ਅਸ਼ੋਕ ਕੁਮਾਰ ਲੱਖਾ, ਡਾ. ਅਨਵਰ ਭਸੌੜ, ਜੱਸੀ ਸੇਖੋ, ਸਤਿੰਦਰ ਸਿੰਘ ਚੱਠਾ, ਸਮੇਤ ਹੋਰ ਅਧਿਕਾਰੀ ਅਤੇ ਆਗੂ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

# ਐਚ ਡਬੱਲਯੂ ਸੀ ਟਾਂਗਰਾ ਵਿਖੇ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ ਤਹਿਤ ਗਰਭਵਤੀਆਂ ਔਰਤਾਂ ਦਾ ਐਂਟੀਨੇਟਲ ਚੈੱਕ-ਅਪ ਕੀਤਾ



**ਚੌਕ ਮਹਿਤਾ, 11 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਹਾਈ ਰਿਸਕ ਗਰਭਵਤੀ ਔਰਤਾਂ ਨੂੰ ਸਮੇਂ ਤੋਂ ਪਹਿਲਾਂ ਪਹਿਚਾਨਣ ਅਤੇ ਸਮਾ ਰਹਿੰਦਿਆਂ ਉਹਨਾ ਦਾ ਇਲਾਜ ਕਰਨ ਦੇ ਮੰਤਵ ਨਾਲ ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ ਅਤੇ ਸਿਵਲ ਸਰਜਨ ਅੰਮ੍ਰਿਤਸਰ ਮੈਡਮ ਕਿਰਨਦੀਪ ਕੌਰ ਜੀ ਦੇ ਦਿਸਾ ਨਿਰਦੇਸ ਅਤੇ ਐਸ ਐਮ ਉ ਤਰਸਿੱਕਾ ਡਾ.ਮੋਨਾ ਚਥਰਥ ਜੀ ਦੀ ਯੋਗ ਅਗਵਾਈ ਹੇਠ ਐਚ ਡਬੱਲਯੂ ਸੀ ਟਾਂਗਰਾ ਵਿੱਚ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ ਮਨਾਇਆ ਗਿਆ ।ਇਸ ਅਭਿਆਨ ਤਹਿਤ ਲਗਾਏ ਗਏ ਵਿਸ਼ੇਸ਼ ਮੈਡੀਕਲ ਚੈੱਕਅਪ ਕੈਂਪ ਦੌਰਾਨ ਸੀ ਐਚ ਉ ਰਮਨਦੀਪ ਵਲੋਂ ਗਰਭਵਤੀ ਔਰਤਾਂ ਨੂੰ ਜਾਗਰੂਕ ਕੀਤਾ ਕਿ ਉਹ ਆਪਣਾ ਜਣੇਪਾ ਸਰਕਾਰੀ ਸੰਸਥਾਂ ਵਿਚ ਕਰਵਾਉਣ ਅਤੇ ਹਰ ਗਰਭਵਤੀ ਔਰਤ ਦੀ ਰਜਿਸਟਰੇਸ਼ਨ ਕਰਵਾਉਣੀ, ਸਮੇਂ ਸਮੇਂ ਸਿਰ ਚੈਕ ਅਪ ਕਰਵਾਉਣਾ ਅਤੇ ਪੌਸ਼ਿਟਕ ਖੁਰਾਕ ਬਹੁਤ ਜ਼ਰੂਰੀ ਹੈ, ਇਸ ਮੌਕੇ ਰਮਨਦੀਪ ਕੌਰ ਸੀ ਐਚ ਉ ਕੁਲਵਿੰਦਰ ਸਿੰਘ ਐਸ. ਆਈ. ਜਗਜੀਤ ਸਿੰਘ ਮ ਪ ਹ ਵ ਆਸ਼ਾ ਅਤੇ ਗਰਭਵਤੀ ਮਾਵਾਂ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸ਼੍ਰੋਮਣੀ ਕਮੇਟੀ ਨੇ ਆਪਸੀ ਟਕਰਾਅ ਤੋਂ ਬਚਣ ਵਾਸਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਦੀ ਸੇਵਾ ਸੰਭਾਲ ਲਈ ਕੀਤਾ ਸੰਖੇਪ ਸਮਾਗਮ-ਸਕੱਤਰ ਸ਼੍ਰੋਮਣੀ ਕਮੇਟੀ

**ਨਵੀਂ ਦਿੱਲੀ, 11 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:-ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਨਵ-ਨਿਯੁਕਤ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਦੇ ਸੇਵਾ ਸੰਭਾਲਣ ਬਾਰੇ ਕੀਤੇ ਜਾ ਰਹੇ ਗੁੰਮਰਾਹਕੁੰਨ ਪ੍ਰਚਾਰ ਸਬੰਧੀ ਪ੍ਰਤੀਕਿਰਿਆ ਦਿੰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਮੌਜੂਦਾ ਸਮੇਂ ਪੰਥਕ ਹਾਲਾਤਾਂ ਦੇ ਮੱਦੇਨਜ਼ਰ ਆਪਸੀ ਟਕਰਾਅ ਤੋਂ ਬਚਣ ਲਈ ਜਥੇਦਾਰ ਸਾਹਿਬ ਦਾ ਸੇਵਾ ਸੰਭਾਲ ਸਮਾਗਮ ਸੰਖੇਪ ਰੂਪ ਵਿਚ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖ ਜਥੇਬੰਦੀਆਂ ਦਾ ਸਤਿਕਾਰ ਕਰਦੀ ਹੈ ਅਤੇ ਇਹ ਹਰਗਿਜ ਨਹੀਂ ਚਾਹੁੰਦੀ ਕਿ ਸਿੱਖਾਂ ਵਿਚ ਆਪਸੀ ਟਕਰਾਅ ਵਾਲੀ ਸਥਿਤੀ ਬਣੇ। ਉਨ੍ਹਾਂ ਕਿਹਾ ਕਿ ਅੰਤ੍ਰਿੰਗ ਕਮੇਟੀ ਵੱਲੋਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਨਿਯੁਕਤ ਕੀਤੇ ਗਿਆਨੀ ਕੁਲਦੀਪ ਸਿੰਘ ਦੇ ਸੇਵਾ ਸੰਭਾਲਣ ਦਾ ਸਮਾਗਮ 10 ਮਾਰਚ ਨੂੰ ਰੱਖਿਆ ਗਿਆ ਸੀ, ਪ੍ਰੰਤੂ ਕੁਝ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਵਿਰੋਧ ਕਰਨ ਅਤੇ ਪ੍ਰਸ਼ਾਸਨ ਵੱਲੋਂ ਮਾਹੌਲ ਖ਼ਰਾਬ ਹੋਣ ਦੀਆਂ ਰਿਪੋਰਟਾਂ ਕਰਕੇ ਇਹ ਸਮਾਗਮ ਸੰਖੇਪ ਰੂਪ ਵਿਚ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਅੰਮ੍ਰਿਤ ਵੇਲੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਪਹੁੰਚੇ ਸਨ, ਜਿਨ੍ਹਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿਚ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਵੱਲੋਂ ਅਰਦਾਸ ਕਰਨ ਉਪਰੰਤ ਪੰਜ ਪਿਆਰੇ ਸਾਹਿਬਾਨ ਵੱਲੋਂ ਦਸਤਾਰ ਭੇਟ ਕੀਤੀ। ਇਸ ਮਗਰੋਂ ਸਿੰਘ ਸਾਹਿਬ ਤਖਤ ਸ੍ਰੀ ਕੇਸਗੜ ਸਾਹਿਬ ਵਿਖੇ ਮੱਥਾ ਟੇਕਣ ਪੁੱਜੇ ਅਤੇ ਅੰਮ੍ਰਿਤ ਵੇਲੇ ਪਹਿਲੀ ਅਰਦਾਸ ਵਿਚ ਸ਼ਾਮਲ ਹੋਏ। ਇਸ ਸਮੇਂ ਵੱਡੀ ਗਿਣਤੀ ਵਿਚ ਸੰਗਤਾਂ ਵੀ ਤਖ਼ਤ ਸਾਹਿਬ ਵਿਖੇ ਮੌਜੂਦ ਸਨ। ਉਨ੍ਹਾਂ ਕਿਹਾ ਕਿ ਇਹ ਗੱਲ ਬਿਲਕੁਲ ਗ਼ਲਤ ਹੈ ਕਿ ਜਥੇਦਾਰ ਸਾਹਿਬ ਦੇ ਤਖ਼ਤ ਸਾਹਿਬ 'ਤੇ ਜਾਣ ਸਮੇਂ ਸ਼ਸਤਰ ਵੀ ਸੁਭਾਇਮਾਨ ਨਹੀਂ ਸਨ। ਜਥੇਦਾਰ ਸਾਹਿਬ ਜਦੋਂ ਤਖ਼ਤ ਸਾਹਿਬ 'ਤੇ ਨਤਮਸਤਕ ਹੋਣ ਗਏ ਸਨ, ਉਸ ਸਮੇਂ ਅੰਮ੍ਰਿਤ ਵੇਲੇ ਦੀ ਸੇਵਾ ਉਪਰੰਤ ਵਿਛਾਈ ਕਰਕੇ ਇਤਿਹਾਸਕ ਸ਼ਸਤਰ ਸਜਾਏ ਜਾ ਚੁੱਕੇ ਸਨ।

ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਹੋਲਾ ਮਹੱਲਾ ਕੌਮੀ ਜਾਹੋ-ਜਲਾਲ ਨਾਲ ਮਨਾਇਆ ਜਾਂਦਾ ਹੈ ਅਤੇ ਇਨ੍ਹਾਂ ਸਮਾਗਮਾਂ ਵਿਚ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਦੀ ਮੌਜੂਦਗੀ ਜ਼ਰੂਰੀ ਹੁੰਦੀ ਹੈ। ਇਸੇ ਦੇ ਮੱਦੇਨਜ਼ਰ ਸੇਵਾ ਸੰਭਾਲ ਸਮਾਗਮ ਰੱਖਿਆ ਗਿਆ ਸੀ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਗੁੰਮਰਾਹਕੁੰਨ ਪ੍ਰਚਾਰ ਤੋਂ ਸੁਚੇਤ ਰਿਹਾ ਜਾਵੇ।

## ਤਖਤਾਂ ਦੇ ਜਥੇਦਾਰ ਸਹਿਬਾਨਾਂ ਨੂੰ ਅਹੁਦੇ ਤੋਂ ਹਟਾਉਣਾ ਸਿੱਖ ਕੌਮ ਦੇ ਮੱਥੇ 'ਤੇ ਕਲੰਕ ਬਰਾਬਰ ਹੈ: ਅਮਰਜੀਤ ਸਿੰਘ ਬਾਦਸ਼ਾਹਪੁਰ , ਵਾਸਵੀਰ ਸਿੰਘ ਭੁੱਲਰ

**ਧੂਰੀ ( ਰਣਜੀਤ ਸਿੰਘ ਪੇਧਨੀ )** ਸਿੱਖ ਕੌਮ ਦੀ ਸਿਰਮੌਰ ਸੰਸਥਾ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਅਤੇ ਤਖਤ ਸ੍ਰੀ ਕੇਸਗੜ ਸਾਹਿਬ ਦੇ ਜਥੇਦਾਰ ਨੂੰ ਇਸ ਤਰਾ ਅਹੁੱਦੇ ਤੋਂ ਹਟਾਉਣਾ ਸਿੱਖ ਇਤਿਹਾਸ ਵਿੱਚ ਕਾਲੇ ਦਿਨ ਵਜੋਂ ਦਰਜ ਹੋ ਗਿਆ ਹੈ। ਸਿੱਖ ਕੌਮ ਦੇ ਇਤਿਹਾਸ ਵਿੱਚ ਇਸ ਤਰਾ ਪਹਿਲਾ ਕਦੇ ਵੀ ਨਹੀ ਹੋਇਆ ਕਿ ਇੱਕ ਧਿਰ ਨੂੰ ਫਾਇਦਾ ਪਹੁੰਚਾਉਣ ਲਈ ਕਿਸੇ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੂੰ ਉਸ ਦੇ ਅਹੁੱਦੇ ਤੋਂ ਲਾਂਭੇ ਕੀਤਾ ਹੋਵੇ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਕਿਸਾਨ ਵਿੰਗ ਦੇ ਸੀਨੀਅਰ ਆਗੂ ਅਮਰਜੀਤ ਸਿੰਘ ਬਾਦਸ਼ਾਹਪੁਰ ਅਤੇ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਟਰਾਂਸਪੋਰਟ ਵਿੰਗ ਦੇ ਸੂਬਾ ਪ੍ਰਧਾਨ ਵਾਸਵੀਰ ਸਿੰਘ ਭੁੱਲਰ ਨੇ ਕੀਤਾ। ਉਨ੍ਹਾਂ ਕਿਹਾ ਕਿ ਇਹ ਸਿੱਖ ਕੌਮ ਦੇ ਮੱਥੇ ਤੇ ਕਲੰਕ ਲਾਉਣ ਬਰਾਬਰ ਹੈ। ਉਨਾਂ ਦੱਸਿਆ ਕਿ ਸਾਡੀਆ ਆਉਣ ਵਾਲੀਆ ਪੀੜੀਆ ਸਿੱਖ ਇਤਿਹਾਸ ਨੂੰ ਪੜਨਗੀਆ ਤਾਂ ਉਹਦੇ ਵਿੱਚ ਦਰਜ ਹੋਵੇਗਾ ਕਿ ਬਾਦਲਕਿਆ ਨੇ ਆਪਣੇ ਪਰਿਵਾਰ ਤੇ ਆਪਣੀ ਪ੍ਰਧਾਨਗੀ ਨੂੰ ਬਚਾਉਣ ਲਈ ਕਿਸ ਤਰਾ ਸਿੱਖ ਕੌਮ ਦੀ ਸਰਬਉੱਚ ਸੰਸਥਾ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਬਦਲੇ ਹਨ।ਸ਼ਰੋਮਣੀ ਕਮੇਟੀ ਦੇ ਪ੍ਰਧਾਨ ਕਿਸ ਤਰ੍ਹਾਂ ਲਿਫਾਫਿਆ ਵਿਚੋ ਨਿਕਲਦੇ ਰਹੇ ਜੇਕਰ ਕਿਸੇ ਪ੍ਰਧਾਨ ਨੇ ਕਦੇ ਜਾਣੇ ਅਣਜਾਣੇ ਦੇ ਵਿੱਚ ਸਿੱਖ ਕੌਮ ਦੇ ਹਿੱਤ ਵਿਚ ਫੈਸਲਾ ਲਿਆ ਤਾਂ ਉਸ ਨੂੰ ਕਿਸ ਭਰਾ ਲਾਭੇ ਕਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਕੁਰਸੀ ਦੇ ਲਾਲਚੀ ਲੋਕਾਂ ਨੇ ਆਪਣੇ ਨਿੱਜੀ ਸਵਾਰਥਾਂ ਖਾਤਰ ਅਕਾਲੀ ਦਲ ਦੇ ਗੌਰਵਮਈ ਇਤਿਹਾਸ ਤੇ ਸ੍ਰੀ ਅਕਾਲ ਤਖਤ ਸਾਹਿਬ ਦੀ ਮਾਨ ਮਰਿਆਦਾ ਦਾ ਸਤਿਕਾਰ ਵੀ ਨਹੀ ਕੀਤਾ।



ਆਵਾਜ਼ਿ ਕੌਮ AWAZE QAUM International Newspaper & WEB TV

### ਪਿੰਡ ਬੇਨੜਾ ਵਿਖੇ ਨਸ਼ੇ ਵਿਰੁੱਧ ਰੈਲੀ, ਅਤੇ ਸਰਪੰਚ ਗੁਪਾਲ ਕ੍ਰਿਸ਼ਨ ਦਾ ਕੀਤਾ ਸਨਮਾਨ

# ਕਾਲਜ ਵਿਖੇ ਸੱਤ ਰੋਜ਼ਾ ਐੱਨ.ਐੱਸ.ਐੱਸ. ਕੈਂਪ ਦੀ ਸ਼ੁਰੂਆਤ






ਧੂਰੀ ( ਰਣਜੀਤ ਸਿੰਘ ਪੇਧਨੀ ): ਯੂਨੀਵਰਸਿਟੀ ਕਾਲਜ ਬੇਨੜਾ ਵੱਲੋਂ ਕਾਲਜ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਮੰਡ ਦੀ ਸਰਪ੍ਰਸਤੀ ਵਿੱਚ ਸੱਤ ਰੋਜ਼ਾ ਐੱਨ.ਐੱਸ.ਐੱਸ. ਕੈਂਪ ਦੀ ਸ਼ੁਰੂਆਤ ਕੀਤੀ ਗਈ।

ਕੈਂਪ ਦੇ ਉਦਘਾਟਨੀ ਸਮਾਰੋਹ ਵਿੱਚ ਬੇਨੜਾ ਪਿੰਡ ਦੇ ਸਰਪੰਚ ਗੁਪਾਲ ਕ੍ਰਿਸ਼ਨ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਉਨ੍ਹਾਂ ਨੇ ਵਲੰਟੀਅਰਾਂ ਲਈ ਟਰਾਫੀਆਂ ਦੇਣ ਦਾ ਐਲਾਨ ਕੀਤਾ।

ਮੁੱਖ ਬੁਲਾਰੇ ਵਜੋਂ ਮਾਤਾ ਸੁੰਦਰੀ ਯੂਨੀਵਰਸਿਟੀ ਗਰਲਜ਼ ਕਾਲਜ ਮਾਨਸਾ ਤੋਂ ਡਾ. ਜਸਪਾਲ ਸਿੰਘ ਨੇ ਸ਼ਿਰਕਤ ਕੀਤੀ। ਉਨ੍ਹਾਂ ਨੇ ਆਪਣੇ ਭਾਸ਼ਣ ਵਿੱਚ ਵਲੰਟੀਅਰਾਂ ਨੂੰ ਕਿਹਾ ਕਿ ਨਿਸ਼ਚਾ ਕਰਨਾ ਸਭ ਤੋਂ ਵੱਡੀ ਤਾਕਤ ਹੁੰਦੀ ਹੈ। ਜੇਕਰ ਨੌਜਵਾਨ ਪੀੜ੍ਹੀ ਨਿਸ਼ਚਾ ਕਰ ਲਵੇ ਕਿ ਉਹ ਨਸ਼ੇ ਦੇ ਵਿਰੁੱਧ ਪ੍ਰਚਾਰ ਕਰਨਗੇ ਅਤੇ ਇਸ ਦੇ ਬੁਰੇ ਪ੍ਰਭਾਵ ਸਬੰਧੀ ਜਾਗਰੂਕ ਕਰਨਗੇ ਤਾਂ ਪੰਜਾਬ ਦੇ ਵਿੱਚੋਂ ਨਸ਼ਾ ਖਤਮ ਹੋ ਸਕਦਾ ਹੈ।

ਪ੍ਰੈੱਸ ਅਤੇ ਸੋਸ਼ਲ ਮੀਡੀਆ ਕਮੇਟੀ ਦੇ ਕਨਵੀਨਰ ਡਾ. ਕਰਮਜੀਤ ਸਿੰਘ ਨੇ ਕਿਹਾ ਕਿ ਸੱਤ ਰੋਜ਼ਾ ਕੈਂਪ ਦੀ ਅਗਵਾਈ ਐੱਨ.ਐੱਸ.ਐੱਸ. ਯੂਨਿਟਾਂ ਦੇ ਪ੍ਰੋਗਰਾਮ ਅਫਸਰ ਡਾ. ਅਸ਼ੋਕ ਕੁਮਾਰ ਅਤੇ ਡਾ. ਊਸ਼ਾ ਰਾਣੀ ਕਰ ਰਹੇ ਹਨ ਅਤੇ ਉਨ੍ਹਾਂ ਵੱਲੋਂ ਹੀ ਸੱਤ ਦਿਨਾਂ ਦੇ ਪ੍ਰੋਗਰਾਮ ਉਲੀਕੇ ਜਾ ਰਹੇ ਹਨ। ਪਹਿਲੇ ਦਿਨ ਦੇ ਮੱਧ ਦੌਰਾਨ ਪਿੰਡ ਬੇਨੜਾ ਵਿੱਚ ਨਸ਼ੇ ਵਿਰੁੱਧ ਜਾਗਰੂਕਤਾ ਰੈਲੀ ਕੀਤੀ ਗਈ। ਰੈਲੀ ਨੂੰ ਪਿੰਡ ਦੇ ਸਰਪੰਚ ਵੱਲੋਂ ਰਵਾਨਾ ਕੀਤਾ ਗਿਆ।

ਕੈਂਪ ਦੇ ਉਦਘਾਟਨ ਮੌਕੇ ਡਾ. ਸੰਜੀਵ ਦੱਤਾ, ਡਾ. ਰਕੇਸ਼ ਕੁਮਾਰ, ਡਾ. ਗਗਨਦੀਪ ਸਿੰਘ, ਪ੍ਰੋ. ਰਜਿੰਦਰ ਸਿੰਘ, ਡਾ. ਹਰਪ੍ਰੀਤ ਕੌਰ, ਪ੍ਰੋ. ਪ੍ਰਭਜੋਤ ਕੌਰ, ਡਾ. ਮਨਜੋਤ ਕੌਰ, ਪ੍ਰੋ. ਕੀਰਤੀ ਚਾਵਲਾ, ਪਿੰਡ ਬੇਨੜਾ ਦੇ ਪੰਚ ਲੁਕਿੰਦਰ ਸਿੰਘ, ਪੰਚ ਹਰਪ੍ਰੀਤ ਸਿੰਘ, ਰੋਟਰੀ ਕਲੱਬ ਤੋਂ ਰੋਟੇਰੀਅਨ ਮਦਨ ਲਾਲ ਸ਼ਰਮਾ, ਰੋਟੇਰੀਅਨ ਸੀ. ਐੱਸ ਮੁਸਾਫ਼ਿਰ ਆਦਿ ਹਾਜ਼ਰ ਸਨ।

### ਪੰਜਾਬ ਸਰਕਾਰ ਨੇ ਨਸ਼ਾ ਤਸਕਰਾਂ ਦੀਆਂ ਉਸਾਰੀਆਂ ਨੂੰ ਢਾਹੁਣ ਦੀ ਕਾਰਵਾਈ ਜਾਰੀ ਰੱਖਦਿਆਂ

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਤੇਜ਼ ਕੀਤਾ

**ਨਵੀਂ ਦਿੱਲੀ 11 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਾ ਤਸਕਰਾਂ ਦੇ ਨੈਟਵਰਕ ਨੂੰ ਪੂਰੀ ਤਰ੍ਹਾਂ ਖ਼ਤਮ ਕਰਨ ਲਈ ਵਿੱਢੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਸਕਾਰਾਤਮਕ ਸਿੱਟੇ ਸਾਹਮਣੇ ਆ ਰਹੇ ਹਨ ਅਤੇ ਇਸ ਪਹਿਲਕਦਮੀ ਨਾਲ ਆਮ ਲੋਕ ਵੱਡੀ ਰਾਹਤ ਮਹਿਸੂਸ ਕਰ ਰਹੇ ਹਨ। ਪੰਜਾਬ ਸਰਕਾਰ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਹੋਰ ਤੇਜ਼ ਕਰ ਦਿੱਤਾ ਹੈ ਜਿਸ ਤਹਿਤ ਅੱਜ ਕਈ ਜ਼ਿਲ੍ਹਿਆਂ ਵਿੱਚ ਨਸ਼ਾ ਤਸਕਰਾਂ ਦੀ ਮਲਕੀਅਤ ਵਾਲੀਆਂ ਗੈਰ-ਕਾਨੂੰਨੀ ਉਸਾਰੀਆਂ ਢਾਹੀਆਂ ਗਈਆਂ। ਅੱਜ ਕੀਤੀਆਂ ਗਈਆਂ ਇਨ੍ਹਾਂ ਕਾਰਵਾਈਆਂ ਵਿੱਚ ਜ਼ਿਲ੍ਹਾ ਪੁਲਿਸ ਅਧਿਕਾਰੀਆਂ ਦੀ ਨਿਗਰਾਨੀ ਹੇਠ ਨਵਾਂਸ਼ਹਿਰ ਅਤੇ ਸੁਨਾਮ ਊਧਮ ਸਿੰਘ ਵਾਲਾ 'ਚ ਨਸ਼ਾ ਤਸਕਰਾਂ ਨਾਲ ਸਬੰਧਤ ਨਾਜਾਇਜ਼ ਉਸਾਰੀਆਂ ਨੂੰ ਢਾਹੁਣਾ ਸ਼ਾਮਲ ਹੈ। ਨਵਾਂਸ਼ਹਿਰ ਦੇ ਕੱਲਰਾਂ ਮੁਹੱਲੇ ਵਿੱਚ ਸ਼ਹੀਦ ਭਗਤ ਸਿੰਘ ਨਗਰ ਪੁਲਿਸ ਨੇ ਸਥਾਨਕ ਸਿਵਲ ਪ੍ਰਸ਼ਾਸਨ ਦੇ ਸਹਿਯੋਗ ਨਾਲ ਨਸ਼ਾ ਤਸਕਰੀ ਵਿੱਚ ਸ਼ਾਮਲ ਤਿੰਨ ਪਰਿਵਾਰਾਂ ਦੀਆਂ ਗੈਰ-ਕਾਨੂੰਨੀ ਉਸਾਰੀਆਂ ਨੂੰ ਢਾਹ ਦਿੱਤਾ। ਐਸਐਸਪੀ ਡਾ. ਮਹਿਤਾਬ ਸਿੰਘ ਨੇ ਦੱਸਿਆ ਕਿ ਇਹ ਕਾਰਵਾਈ ਬੀਰੋ, ਸ਼ਿੰਦੋ ਅਤੇ ਸੰਤੋਸ਼ ਨਾਮਕ ਔਰਤਾਂ ਵਿਰੁੱਧ ਕੀਤੀ ਗਈ ਹੈ, ਜਿਨ੍ਹਾਂ 'ਤੇ ਸਮੂਹਿਕ ਤੌਰ 'ਤੇ ਕਈ ਕੇਸ ਦਰਜ ਹਨ, ਜਿਨ੍ਹਾਂ ਵਿੱਚੋਂ ਇੱਕ ਪਰਿਵਾਰ ਵਿਰੁੱਧ ਹੀ 14 ਕੇਸ ਦਰਜ ਹਨ। ਉਨ੍ਹਾਂ ਦੱਸਿਆ ਕਿ ਨਾਜਾਇਜ਼ ਉਸਾਰੀਆਂ ਨੂੰ ਢਾਹੁਣ ਦੀ ਇਹ ਕਾਰਵਾਈ ਨਗਰ ਕੌਂਸਲ ਦੀ ਬੇਨਤੀ 'ਤੇ ਕੀਤੀ ਗਈ ਸੀ ਅਤੇ ਨਗਰ ਕੌਂਸਲ ਨੂੰ ਇਨ੍ਹਾਂ ਗੈਰ-ਕਾਨੂੰਨੀ ਉਸਾਰੀਆਂ ਨੂੰ ਢਾਹੁਣ ਲਈ ਪੁਲਿਸ ਸਹਾਇਤਾ ਦੀ ਲੋੜ ਸੀ। ਸਥਾਨਕ ਨਿਵਾਸੀ ਇਨ੍ਹਾਂ ਨਸ਼ਾ ਤਸਕਰਾਂ ਤੋਂ ਬਹੁਤ ਪ੍ਰੇਸ਼ਾਨ ਸਨ ਅਤੇ ਹੁਣ ਪੰਜਾਬ ਸਰਕਾਰ ਦੀ ਇਸ ਕਾਰਵਾਈ ਦਾ ਸਵਾਗਤ ਕਰ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਲੋਕਾਂ ਨੇ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਨੂੰ ਖਤਮ ਕਰਨ ਲਈ ਕੀਤੇ ਜਾ ਰਹੇ ਇਨ੍ਹਾਂ ਯਤਨਾਂ ਦੀ ਹਮਾਇਤ ਕੀਤੀ ਹੈ। ਇਸ ਦੇ ਨਾਲ ਹੀ ਐਸਐਸਪੀ ਸਰਤਾਜ ਸਿੰਘ ਚਾਹਲ ਦੀ ਨਿਗਰਾਨੀ ਹੇਠ ਸੁਨਾਮ ਊਧਮ ਸਿੰਘ ਵਾਲਾ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਵਿਭਾਗ ਦੀ ਸਾਂਝੀ ਟੀਮ ਨੇ ਅਨਾਜ ਮੰਡੀ ਦੇ ਮੁੱਖ ਗੇਟ ਨੇੜੇ ਨਸ਼ਾ ਤਸਕਰ ਬੁੱਧ ਸਿੰਘ ਉਰਫ ਬੁੱਧੂ ਨਾਲ ਸਬੰਧਤ ਗੈਰ-ਕਾਨੂੰਨੀ ਉਸਾਰੀ ਨੂੰ ਢਾਹ ਦਿੱਤਾ। ਇਸ ਵਿਅਕਤੀ ਨੇ ਮਾਰਕੀਟ ਕਮੇਟੀ ਸੁਨਾਮ ਨਾਲ ਸਬੰਧਤ ਜਗ੍ਹਾ 'ਤੇ ਗੈਰ-ਕਾਨੂੰਨੀ ਕਬਜ਼ਾ ਕੀਤਾ ਹੋਇਆ ਸੀ ਅਤੇ ਕਥਿਤ ਤੌਰ 'ਤੇ ਨਸ਼ੀਲੇ ਪਦਾਰਥਾਂ ਦੀਆਂ ਗਤੀਵਿਧੀਆਂ ਲਈ ਇੱਕ ਘਰ ਅਤੇ ਦੁਕਾਨ ਚਲਾ ਰਿਹਾ ਸੀ। ਉਨ੍ਹਾਂ ਅੱਗੇ ਕਿਹਾ ਕਿ ਉਸ ਵਿਰੁੱਧ ਐਨਡੀਪੀਐਸ ਐਕਟ ਅਤੇ ਆਬਕਾਰੀ ਐਕਟ ਤਹਿਤ ਕਈ ਮਾਮਲੇ ਦਰਜ ਕੀਤੇ ਗਏ ਹਨ। ਦੋਵਾਂ ਐਸਐਸਪੀਜ਼ ਨੇ ਆਪਣੇ ਖੇਤਰਾਂ ਵਿੱਚ ਨਸ਼ੀਲੇ ਪਦਾਰਥਾਂ ਦੇ ਤਸਕਰਾਂ ਨੂੰ ਸਖ਼ਤ ਚੇਤਾਵਨੀਆਂ ਜਾਰੀ ਕਰਦਿਆਂ ਕਿਹਾ ਹੈ ਕਿ ਜਾਂ ਤਾਂ ਨਸ਼ਾ ਤਸਕਰ ਆਪਣੀ ਮਰਜ਼ੀ ਨਾਲ ਨਸ਼ਿਆਂ ਦੀ ਤਸਕਰੀ ਛੱਡ ਦੇਣ ਜਾਂ ਗੰਭੀਰ ਸਿੱਟੇ ਭੁਗਤਣ ਲਈ ਤਿਆਰ ਰਹਿਣ। ਉਨ੍ਹਾਂ ਨੇ ਲੋਕਾਂ ਨੂੰ ਨਸ਼ਿਆਂ ਨਾਲ ਸਬੰਧਤ ਗਤੀਵਿਧੀਆਂ ਬਾਰੇ ਜਾਣਕਾਰੀ ਦੇਣ ਦੀ ਅਪੀਲ ਕਰਦਿਆਂ ਇਨ੍ਹਾਂ ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਸ਼ਾਮਲ ਮੁਲਜ਼ਮਾਂ ਵਿਰੁੱਧ ਫੌਰੀ ਢੰਗ ਨਾਲ ਸਖ਼ਤ ਕਾਰਵਾਈ ਦਾ ਭਰੋਸਾ ਦਿੱਤਾ। ਦੋਵੇਂ ਪੁਲਿਸ ਅਧਿਕਾਰੀਆਂ ਨੇ ਦੁਹਰਾਇਆ ਕਿ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਸਰਕਾਰ ਦੀ ਵਚਨਬੱਧਤਾ ਦੇ ਹਿੱਸੇ ਵਜੋਂ ਨਸ਼ਾ ਤਸਕਰੀ ਦੇ ਨੈੱਟਵਰਕਾਂ ਅਤੇ ਗੈਰ-ਕਾਨੂੰਨੀ ਉਸਾਰੀਆਂ ਵਿਰੁੱਧ ਅਜਿਹੀਆਂ ਕਾਰਵਾਈਆਂ ਜਾਰੀ ਰਹਿਣਗੀਆਂ।



# ਅੱਡਾ ਨਾਥ ਦੀ ਖੂੰਹੀ ਉਪਰ ਹੋਲੇ ਮਹੱਲੇ ਨੂੰ ਸਮਰਪਿਤ ਗੁਰੂ ਕੇ ਲੰਗਰ ਆਰੰਭ ਕੀਤੇ ਗਏ



**ਚੌਕ ਮਹਿਤਾ, 12 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਹੋਲੇ ਮਹੱਲੇ ਨੂੰ ਸਮਰਪਿਤ ਅੱਡਾ ਨਾਥ ਦੀ ਖੂੰਹੀ ਉਪਰ ਗੁਰਦੁਆਰਾ ਸਾਹਿਬ ਵਿਖੇ ਧੰਨ ਧੰਨ ਪਵਿੱਤਰ ਪਾਵਨ ਗੁਰਬਾਣੀ ਦੇ ਸ੍ਰੀ ਆਖੰਡ ਪਾਠ ਸਾਹਿਬ ਸਾਹਿਬ ਜੀ ਦੇ ਭੋਗ ਪਾਏ ਗਏ ਉਪਰੰਤ ਸੰਗਤਾਂ ਵੱਲੋਂ ਗੁਰੂ ਜੀ ਦੇ ਲੰਗਰ ਆਰੰਭ ਕੀਤੇ ਗਏ। ਇਸ ਵਿੱਚ ਸੁਰਗਵਾਸੀ ਪ੍ਰਧਾਨ ਸ, ਗੁਰਨਾਮ ਸਿੰਘ ਸਰਪੰਚ ਦੇ ਸਪੁੱਤਰ ਸ੍ਰ ਜੋਬਨਜੀਤ ਸਿੰਘ ਐਨ ਆਰ ਆਈ ਨੇ ਗੁਰੂ ਜੀ ਦੇ ਲੰਗਰ ਵਿੱਚ 10000 ਰੁਪਏ ਦੀ ਨਗਦ ਰਾਸੀ ਸੇਵਾ ਵਿੱਚ ਪਾਈ ਗਈ। ਇਸ ਮੌਕੇ ਤੇ ਅਮਰਿੰਦਰ ਸਿੰਘ ਬਾਪ, ਦਾਰਾ ਸਿੰਘ, ਹੈਡ ਗ੍ਰੰਥੀ ਭਾਈ ਸਾਹਿਬ ਸਿੰਘ ਭੋਏਵਾਲ, ਇਕਬਾਲ ਸਿੰਘ ਮੈਬਰ, ਸੰਤੋਖ ਸਿੰਘ ਜੋਲੀ, ਬਾਬਾ ਬਲਵਿੰਦਰ ਸਿੰਘ, ਗੁਰਪ੍ਰੀਤ ਸਿੰਘ ਪ੍ਰਧਾਨ , ਦਿਲਜੀਤ ਸਿੰਘ, ਆਦਿ ਸੇਵਾਦਾਰ ਹਾਜ਼ਰ ਸਨ।

## ਮਾਨ ਸਰਕਾਰ ਵੱਲੋਂ ਨਸ਼ਾ ਮੁਕਤ ਪੰਜਾਬ ਲਈ ਸਰਕਾਰ ਦਾ ਕਦਮ ਸ਼ਲਾਘਾਯੋਗ ਹੈ : ਆਪ ਆਗੂ



**ਧੂਰੀ, ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਨਸ਼ਾ ਤਸਕਰਾਂ ਖਿਲਾਫ਼ ਸਖਤ ਰੁਖ ਅਖਤਿਆਰ ਕੀਤਾ ਹੈ ਅਤੇ ਨਸ਼ਾ ਤਸਕਰਾਂ ਨੂੰ ਸਲਾਖਾਂ ਪਿੱਛੇ ਡੱਕਿਆ ਜਾ ਰਿਹਾ। ਪੰਜਾਬ ਦੀ ਮਾਨ ਸਰਕਾਰ ਦਾ ਇਹ ਉਪਰਾਲਾ ਸਲਾਘਾਯੋਗ ਕਦਮ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਮਰੀਕ ਸਿੰਘ ਸੋਹੀ ਚੇਅਰਮੈਨ ਵੇਰਕਾ ਮਿਲਕ ਪਲਾਟ ਸੰਗਰੂਰ, ਪੰਚਾਇਤ ਯੂਨੀਅਨ ਦੇ ਪ੍ਰਧਾਨ ਸਰਪੰਚ ਜੱਗਾ ਭੋਜੋਵਾਲੀ, ਸਰਪੰਚ ਗੁਰਮੇਲ ਸਿੰਘ ਬੁਰਜ ਗੌਹਰਾ, ਆਪ ਆਗੂ ਗੁਰਪ੍ਰੀਤ ਸਿੰਘ ਰੰਗੀਆਂ ਅਤੇ ਆਪ ਆਗੂ ਅਵਤਾਰ ਸਿੰਘ ਭਸੌੜ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਨਤ ਤੋਂ ਬਚਾਉਣ ਲਈ ਹਰ ਸੰਭਵ ਕਦਮ ਚੁੱਕਣ ਲਈ ਵਚਨਬੱਧ ਹੈ ਅਤੇ ਇਸ ਕਾਨੂੰਨੀ ਧੰਦੇ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ, ਪੰਜਾਬ ਹਿਤੈਸ਼ੀਆਂ ਨੂੰ ਇਸ ਮੁਹਿੰਮ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਨਸ਼ੇ ਦੀ ਵਰਤੋਂ ਕਰਨ ਵਾਲੇ ਲੋਕਾਂ ਦੇ ਮੁੜ ਵਸੇਬੇ ਲਈ, ਉਨਾਂ ਦਾ ਮਰੀਜਾਂ ਵਾਂਗ ਇਲਾਜ ਕਰਨ ਲਈ ਇੱਕ ਕਾਰਜ ਯੋਜਨਾ ਵੀ ਤਿਆਰ ਕੀਤੀ ਹੈ। ਨਸ਼ਾ ਛੁਡਾਉ ਕੇਂਦਰਾਂ ਅਤੇ ਓ.ਓ.ਏ ਟੀ. ਕਲੀਨਿਕਾਂ ਵਿੱਚ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਉਹਨਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਲ ਕੀਤਾ ਜਾ ਸਕੇ।

## ਦਿੱਲੀ ਸਰਕਾਰ ਵੱਲੋਂ ਔਰਤਾਂ ਨੂੰ ਹਰ ਮਹੀਨੇ 2500 ਰੁਪਏ ਦੇਣ ਦੀ ਜਸਵਿੰਦਰ ਸਿੰਘ ਰਿਖੀ ਨੇ ਕੀਤੀ ਸ਼ਲਾਘਾ

**ਧੂਰੀ ( ਰਣਜੀਤ ਸਿੰਘ ਪੇਧਨੀ )**-ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਾਲੀ ਦਿੱਲੀ ਸਰਕਾਰ ਨੇ ਪਿਛਲੇ ਮਹੀਨੇ ਹੋਈਆਂ ਵਿਧਾਨ ਸਭਾ ਚੋਣਾਂ 'ਚ ਕੀਤਾ ਵਾਅਦਾ ਨਿਭਾਉਂਦਿਆਂ ਮਹਿਲਾ ਸਮਿਧੀ ਯੋਜਨਾ ਨੂੰ ਕੈਬਨਿਟ ਦੀ ਮਨਜ਼ੂਰੀ ਮਿਲਣ 'ਤੇ ਇਸ ਯੋਜਨਾ ਤਹਿਤ ਗਰੀਬੀ ਰੇਖਾ ਤੋਂ ਹੇਠ ਰਹਿਣ ਵਾਲੇ ਕਾਰਡ ਧਾਰਕਾਂ ਨੂੰ 2500 ਰੁਪਏ ਹਰ ਮਹੀਨੇ ਦੇਣ ਦਾ ਫੈਸਲਾ ਇੱਕ ਸਲਾਂਘਾਯੋਗ ਕਦਮ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ, ਧੂਰੀ ਹਲਕੇ ਦੇ ਉੱਘੇ ਸਮਾਜ ਸੇਵੀ ਸ, ਜਸਵਿੰਦਰ ਸਿੰਘ ਰਿਖੀ ਨੇ ਕੀਤਾ। ਉਹਨਾਂ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਨੂੰ ਸਹੂਲਤਾਂ ਦੇਣ ਵਿੱਚ ਬੁਰੀ ਤਰਾਂ ਫੇਲ ਸਾਬਿਤ ਹੋ ਰਹੀ ਹੈ ਕਿਉਂਕਿ ਆਮ ਆਦਮੀ ਪਾਰਟੀ ਵੀ ਇੱਕ ਹਜ਼ਾਰ ਰੁਪਏ ਹਰ ਔਰਤ ਨੂੰ ਦੇਣ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ ਸੀ, ਪਰ ਸਰਕਾਰ ਬਣੀ ਨੂੰ ਤਕਰੀਬਨ ਤਿੰਨ ਸਾਲ ਹੋ ਜਾਣ ਦੇ ਬਾਵਜੂਦ ਵੀ ਇਸ ਯੋਜਨਾ ਨੂੰ ਲਾਗੂ ਨਹੀਂ ਕੀਤਾ ਗਿਆ। ਉਹਨਾਂ ਕਿਹਾ ਕਿ ਲੋਕਾਂ ਦਾ ਮੋਹ ਹੁਣ ਆਮ ਆਦਮੀ ਪਾਰਟੀ ਨਾਲੋਂ ਭੰਗ ਹੋ ਰਿਹਾ ਹੈ ਅਤੇ ਉਹ ਭਾਰਤੀ ਜਨਤਾ ਪਾਰਟੀ ਦੀਆਂ ਨੀਤੀਆਂ ਵੱਲ ਆਕਰਸ਼ਿਤ ਹੋ ਰਹੇ ਹਨ।



ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
AWAZE QAUM International Newspaper & WEB TV
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅਕਾਲੀ ਦਲ ਵਾਰਿਸ ਪੰਜਾਬ ਦੀ

# ਪੰਜ ਮੈਂਬਰੀ ਕੌਮੀ ਅਨੁਸ਼ਾਸਨੀ ਕਮੇਟੀ ਅਤੇ ਆਈ.ਟੀ. ਵਿੰਗ ਦਾ ਗਠਨ





**ਫ਼ਿਰੋਜ਼ਪੁਰ, 11 ਮਾਰਚ (ਮਨੋਹਰ ਲਾਲ) :—** ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਗੁਰਦੁਆਰਾ ਸ਼ੀਹਣੀ ਸਾਹਿਬ ਫਿਰੋਜ਼ਪੁਰ ਵਿਖੇ ਇੱਕ ਮਹੱਤਵਪੂਰਨ ਮੀਟਿੰਗ ਕਰਵਾਈ ਗਈ, ਜਿਸ ਵਿੱਚ ਪਾਰਟੀ ਦੇ ਆਗੂਆਂ, ਵਰਕਰਾਂ, ਅਤੇ ਸਮਰਥਕਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ। ਇਸ ਮੀਟਿੰਗ ਵਿੱਚ ਪਾਰਟੀ ਦੇ ਸੀਨੀਅਰ ਆਗੂਆਂ ਬਾਬੂ ਸਿੰਘ ਬਰਾੜ, ਕਾਬਲ ਸਿੰਘ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਭਾਈ ਜਸਵਿੰਦਰ ਸਿੰਘ ਡਰੌਲੀ, ਭਾਈ ਸੁਖਵਿੰਦਰ ਸਿੰਘ ਕਾਦੀਆਂ ਅਬਜਰਵਰ ਜਿਲਾ ਤਰਨਤਾਰਨ, ਬੀਬੀ ਮਨਜੀਤ ਕੌਰ ਇੰਚਾਰਜ ਆਈ.ਟੀ.ਵਿੰਗ, ਜਿਲਾ ਅੰਮ੍ਰਿਤਸਰ ਤੋਂ ਅਬਜ਼ਰਵਰ ਭਾਈ ਅਮਨਦੀਪ ਸਿੰਘ ਡੱਡੂਆਣਾਂ, ਭਾਈ ਭੁਪਿੰਦਰ ਸਿੰਘ ਗੱਦਲੀ, ਭਾਈ ਦਯਾ ਸਿੰਘ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਹਰਜੀਤ ਸਿੰਘ ਪੁਰੇਵਾਲ ਅਤੇ ਭਾਈ ਪਰਵਿੰਦਰ ਸਿੰਘ, ਭਾਈ ਨਾਥਵਿੰਦਰ ਸਿੰਘ ਮਜੀਠਾ, ਭਾਈ ਮਹਾਂ ਸਿੰਘ ਮੋਗਾ, ਭਾਈ ਨਿਰਵੈਰ ਸਿੰਘ ਜ਼ਿਲ੍ਹਾ ਅਬਜ਼ਰਵਰ, ਭਾਈ ਗੁਰਮੀਤ ਸਿੰਘ ਜ਼ਿਲ੍ਹਾ ਅਬਜ਼ਰਵਰ, ਭਾਈ ਨਰਿੰਦਰ ਸਿੰਘ, ਭਾਈ ਹਰਜਿੰਦਰ ਸਿੰਘ, ਭਾਈ ਸੁਖਦੇਵ ਸਿੰਘ, ਭਾਈ ਜਸਬੀਰ ਸਿੰਘ ਅਤੇ ਭਾਈ ਕਰਨਵੀਰ ਸਿੰਘ ਹਾਜਿਰ ਸਨ। ਇਸ ਮੀਟਿੰਗ ਵਿੱਚ ਪਾਰਟੀ ਦੀ ਪੰਜ ਮੈਂਬਰੀ ਕੌਮੀ ਅਨੁਸ਼ਾਸਨੀ ਕਮੇਟੀ ਦਾ ਐਲਾਨ ਕੀਤਾ ਗਿਆ ਜੋ ਕਿ ਪਾਰਟੀ ਦੇ ਨਿਯਮਾਂ ਦੀ ਪਾਲਣਾ, ਆਚਰਣ, ਅਤੇ ਅਨੁਸ਼ਾਸਨ ਨੂੰ ਲਾਗੂ ਕਰੇਗੀ। ਇਸ ਅਨੁਸ਼ਾਸਨੀ ਕਮੇਟੀ ਵਿੱਚ ਭਾਈ ਪਰਮਜੀਤ ਸਿੰਘ ਜੌਹਲ, ਭਾਈ ਕਾਬਲ ਸਿੰਘ ਭੁੱਲਰ, ਭਾਈ ਬਾਬੂ ਸਿੰਘ ਬਰਾੜ, ਭਾਈ ਅਮਰਜੀਤ ਸਿੰਘ ਵੰਚੜੀ, ਭਾਈ ਗੁਰਸੇਵਕ ਸਿੰਘ ਜਵਾਰਕੇ ਨੂੰ ਸ਼ਾਮਿਲ ਕੀਤਾ ਗਿਆ। ਇਸਦੇ ਨਾਲ ਹੀ ਆਈ.ਟੀ. ਵਿੰਗ ਦੀ ਸਥਾਪਨਾ ਕੀਤੀ ਗਈ ਜੋ ਕਿ ਸੋਸ਼ਲ ਮੀਡੀਆ ਅਤੇ ਡਿਜੀਟਲ ਮੈਦਾਨ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਨੂੰ ਪੰਜਾਬ ਅਤੇ ਦੇਸ਼—ਵਿਦੇਸ਼ ਤੱਕ ਪਹੁੰਚਾਉਣ ਲਈ ਕੰਮ ਕਰੇਗੀ। ਇਸ ਕਮੇਟੀ ਵਿੱਚ ਆਈ.ਟੀ.ਸੈਲ ਵਿੱਚ ਮੈਂਬਰ ਮਨਜੀਤ ਕੌਰ, ਮੈਂਬਰ ਕਰਨਵੀਰ ਸਿੰਘ ਅਤੇ ਮੈਂਬਰ ਬਲਵਿੰਦਰ ਸਿੰਘ ਸ਼ਾਮਿਲ ਕੀਤੇ ਗਏ। ਇਸ ਮੌਕੇ ਤੇ ਪਾਰਟੀ ਆਗੂਆਂ ਨੇ ਸਰਕਾਰ ਦੀ ਅਣਗਹਿਲੀ ਤੇ ਦਬਾਅ ਦੀ ਨਿਖੇਧੀ ਕਰਦਿਆਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਨੂੰ ਐਨ.ਐਸ.ਏ ਅਤੇ ਝੂਠੇ ਯੂ.ਏ.ਪੀ.ਏ ਤਹਿਤ ਜੇਲ ਵਿੱਚ ਰੱਖਣਾ ਪੰਜਾਬੀਆਂ ਦੀ ਆਵਾਜ਼ ਨੂੰ ਕੁਚਲਣ ਦੀ ਘਟੀਆ ਕੋਸ਼ਿਸ਼ ਹੈ, ਜੋ ਕਿ ਅਧਿਕਾਰਾਂ ਦੀ ਗ਼ਲਤ ਵਰਤੋਂ ਅਤੇ ਨਿਆਂ ਉੱਤੇ ਸਿੱਧਾ ਹਮਲਾ ਹੈ। ਅਸੀਂ ਇਹ ਲੜਾਈ ਹਰੇਕ ਪੱਧਰ ਤੇ ਲੜਾਂਗੇ। ਇਸ ਮੌਕੇ ਵੱਖ—ਵੱਖ ਆਗੂਆਂ ਵਿੱਚੋਂ ਭਾਈ ਪਰਮਜੀਤ ਸਿੰਘ ਜੌਹਲ ਨੇ ਵਿਚਾਰ ਰੱਖਦਿਆਂ ਕਿਹਾ ਕਿ ਅੱਜ ਪੰਜਾਬ ਇੱਕ ਸੰਕਟਮਈ ਦੌਰ ਵਿੱਚੋਂ ਗੁਜ਼ਰ ਰਿਹਾ ਹੈ ਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਨੂੰ ਅਸਲ ਗੁਰੂਵਾਲੀ ਸੋਚ ਉੱਤੇ ਟਿਕੇ ਰਹਿਣ ਦੀ ਲੋੜ ਹੈ। ਸਾਡੀ ਪਾਰਟੀ ਪੰਥਕ ਏਕਤਾ ਦੀ ਵਕਾਲਤ ਕਰਦੀ ਹੈ ਅਤੇ ਸਿੱਖ ਕੌਮ ਨੂੰ ਮਜਬੂਤ ਕਰਨ ਲਈ ਪਿੰਡ—ਪਿੰਡ ਕਮੇਟੀਆਂ ਦਾ ਗਠਨ ਕਰਕੇ ਜਾਗਰੂਕਤਾ ਅਭਿਆਨ ਚਲਾਉਣ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਨੇ ਗੁਰੂ ਘਰਾਂ ਦੀ ਆੜ ਚ ਪੰਥਕ ਨੈਤਿਕਤਾ ਨੂੰ ਖੋਖਲਾ ਕੀਤਾ, ਉਨ੍ਹਾਂ ਨੂੰ ਪਹਿਚਾਨਣ ਅਤੇ ਉਨ੍ਹਾਂ ਨੂੰ ਜਨਤਾ ਦੇ ਸਾਹਮਣੇ ਲਿਆਉਣ ਦੀ ਜ਼ਰੂਰਤ ਹੈ। ਇਸ ਦੇ ਨਾਲ ਹੀ ਜਿਲਾ ਤਰਨਤਾਰਨ ਤੋਂ ਆਈ.ਟੀ ਵਿੰਗ ਦੇ ਇੰਚਾਰਜ ਬੀਬੀ ਮਨਜੀਤ ਕੌਰ ਨੇ ਕਿਹਾ ਕਿ ਹਰੇਕ ਜ਼ਿਲ੍ਹੇ ਵਿੱਚ ਆਈ.ਟੀ. ਵਿੰਗ ਦੀ ਮਜ਼ਬੂਤ ਕੀਤਾ ਜਾਵੇਗਾ ਅਤੇ ਆਈ.ਟੀ ਵਿੰਗ ਰਾਹੀਂ ਪੰਥਕ ਮੁਦਿਆਂ ਤੇ ਲੋਕ ਜਾਗਰੂਕਤਾ ਮੁਹਿੰਮ ਵੀ ਚਲਾਈ ਜਾਵੇਗੀ।

# ਸਿੱਖ ਜਥੇਬੰਦੀਆਂ ਵੱਲੋਂ ਅੱਜ ਕੀਤਾ ਜਾਵੇਗਾ ਰੋਹ ਪ੍ਰਦਰਸ਼ਨ



**ਫ਼ਿਰੋਜ਼ਪੁਰ, 11 ਮਾਰਚ (ਮਨੋਹਰ ਲਾਲ) :—** ਸਿੱਖਾਂ ਦੀ ਸਿਰਮੌਰ ਸੰਸਥਾ ਸ੍ਰੀ ਅਕਾਲ ਤਖਤ ਸਾਹਿਬ ਦੀ ਮਾਣ—ਮਰਿਆਦਾ ਸਿਧਾਂਤ ਅਤੇ ਵਿਧੀ ਵਿਧਾਨ ਦਾ ਘਾਣ ਕਰਨ ਵਾਲੀਆਂ ਸ਼ਕਤੀਆਂ ਵਿਰੁੱਧ ਫ਼ਿਰੋਜ਼ਪੁਰ ਦੀਆਂ ਸੰਗਤਾਂ, ਸਿੱਖ ਜਥੇਬੰਦੀਆਂ, ਕਿਸਾਨ ਯੂਨੀਅਨ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਆਗੂਆਂ ਨੇ ਦੱਸਿਆ ਕਿ 12 ਮਾਰਚ ਦਿਨ ਬੁੱਧਵਾਰ ਨੂੰ ਦੁਪਹਿਰ 12 ਵਜੇ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਵਿਖੇ ਇਹਲਾਕੇ ਦੀਆਂ ਸਿੱਖ ਸੰਗਤਾਂ, ਸਿੱਖ ਜਥੇਬੰਦੀਆਂ ਅਤੇ ਕਿਸਾਨ ਯੂਨੀਅਨ ਵੱਲੋਂ ਸਿਯੱਖਾਂ ਦੀ ਸਿਰਮੌਰ ਸੰਸਥਾ ਸ੍ਰੀ ਅਕਾਲ ਤਖਤ ਦੀ ਮਾਨ ਮਰਿਯਾਦਾ, ਸਿਧਾਤਾਂ ਅਤੇ ਵਿਧੀ ਵਿਧਾਨ ਦਾ ਘਾਣ ਕਰਨ ਵਾਲੀਆਂ ਸ਼ਕਤੀਆਂ ਵਿਰੁੱਧ ਪੰਜ ਸਿੰਘਾਂ ਦੀ ਅਗਵਾਈ ਹੇਠ ਵੱਡੇ ਪੱਧਰ ਤੇ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਡਾ ਫਰਜ ਬਣਦਾ ਹੈ ਕਿ ਅਸੀਂ ਸ੍ਰੀ ਅਕਾਲ ਤਖਤ ਸਾਹਿਬ ਦੀ ਸਰਵਉੱਚਤਾ ਮਾਣ ਮਰਿਯਾਦਾ/ਸਿਧਾਤਾਂ ਦੀ ਰਾਖੀ ਲਈ ਆਪਣਾ ਬਣਦਾ ਯੋਗਦਾਨ ਪਾਈਏ। ਸਮੂਹ ਪੰਥ ਦਰਦੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਦਿੱਤੇ ਗਏ ਪ੍ਰੋਗਰਾਮ ਅਨੁਸਾਰ ਸਮੇਂ ਸਿਰ ਪਹੁੰਚ ਕੇ ਸਿੱਖ ਵਿਰੋਧੀ ਸ਼ਕਤੀਆਂ ਦਾ ਰੋਸ ਪ੍ਰਦਰਸ਼ਨ ਕਰਕੇ ਮੂਹ ਤੋੜਵਾਂ ਜਵਾਬ ਦਿੱਤਾ ਜਾ ਸਕੇ।

## ਗੁਰਦੁਆਰਾ ਸ੍ਰੀ ਗੁਰੂ ਨਾਨਕ ਸੰਗਤ ਸਾਹਿਬ ਪਿੰਡ ਝੋਕ ਮੋਹੜੇ ਬਰਾਂਚ ਦਮਦਮੀ ਟਕਸਾਲ ਫ਼ਿਰੋਜ਼ਪੁਰ ਵਿਖੇ ਮਹਾਂਪੁਰਖਾਂ ਦੀ ਮਿੱਠੀ ਯਾਦ ਵਿਚ ਸਲਾਨਾ ਮਹਾਨ ਗੁਰਮਤਿ ਸਮਾਗਮ 22 ਮਾਰਚ ਨੂੰ—ਭਾਈ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ, ਜਥੇਦਾਰ ਭਾਈ ਰਛਪਾਲ ਸਿੰਘ, ਭਾਈ ਵੀਰਪਾਲ ਸਿੰਘ







**ਫ਼ਿਰੋਜ਼ਪੁਰ, 11 ਮਾਰਚ (ਮਨੋਹਰ ਲਾਲ) :—**ਗੁਰਦੁਆਰਾ ਸ੍ਰੀ ਗੁਰੂ ਨਾਨਕ ਸੰਗਤ ਸਾਹਿਬ ਪਿੰਡ ਝੋਕ ਮੋਹੜੇ ਬਰਾਂਚ ਦਮਦਮੀ ਟਕਸਾਲ ਫ਼ਿਰੋਜ਼ਪੁਰ ਵਿਖੇ ਮਹਾਂਪੁਰਖਾਂ ਦੀ ਮਿੱਠੀ ਯਾਦ ਵਿਚ ਸਲਾਨਾ ਮਹਾਨ ਗੁਰਮਤਿ ਸਮਾਗਮ 22 ਮਾਰਚ ਨੂੰ ਕਰਵਾਏ ਜਾ ਰਹੇ ਹਨ। ਇਹ ਜਾਣਕਾਰੀ ਭਾਈ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ, ਜਥੇਦਾਰ ਭਾਈ ਰਛਪਾਲ ਸਿੰਘ ਭਾਈ ਵੀਰਪਾਲ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਗੁਰਦੁਆਰਾ ਸ੍ਰੀ ਗੁਰੂ ਨਾਨਕ ਸੰਗਤ ਸਾਹਿਬ ਬਰਾਂਚ ਦਮਦਮੀ ਟਕਸਾਲ ਮਹਿਤਾ ਪਿੰਡ ਝੋਕ ਮੋਹੜੇ ਫ਼ਿਰੋਜ਼ਪੁਰ ਵਿਖੇ ਮਹਾਂਪੁਰਖਾਂ ਦੀ ਮਿੱਠੀ ਯਾਦ ਵਿਚ ਜਿਨ੍ਹਾਂ ਵਿਚ ਸੰਤ ਬਾਬਾ ਠਾਕੁਰ ਸਿੰਘ ਭਿੰਡਰਾਂ ਵਾਲੇ, ਸੰਤ ਬਾਬਾ ਕੁੰਦਨ ਸਿੰਘ ਨਾਨਕਸਰ ਵਾਲੇ, ਸੰਤ ਬਾਬਾ ਗੁਰਬਖਸ਼ ਸਿੰਘ ਜੈਲਦਾਰ ਤੋਂ ਇਲਾਵਾ ਹੋਰ ਵੀ ਮਹਾਂਪੁਰਖਾਂ ਦੀ ਮਿੱਠੀ ਯਾਦ ਨੂੰ 22 ਮਾਰਚ 2025 (9 ਚੇਤਰ) ਦਿਨ ਸ਼ਨੀਵਾਰ ਨੂੰ ਮਹਾਨ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਦੀਵਾਨ ਸਜਾਏ ਜਾਣਗੇ, ਜਿਸ ਵਿਚ ਸੰਤਾਂ ਮਹਾਂਪੁਰਖਾਂ ਤੋਂ ਇਲਾਵਾ ਰਾਗੀ, ਢਾਡੀ ਜਥੇ ਪਹੁੰਚ ਰਹੇ ਹਨ। ਇਸ ਮੌਕੇ ਤੇ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ (ਪ੍ਰਧਾਨ ਸੰਤ) ਸਮਾਜ ਵਿਸ਼ੇਸ਼ ਤੌਰ ਤੇ ਹਾਜ਼ਰੀ ਪਹੁੰਚ ਕੇ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਤੇ ਸਿੰਘ ਸਾਹਿਬ ਗਿਆਨੀ ਪਰਵਿੰਦਰ ਪਾਲ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਹਾਜ਼ਰੀ ਭਰਨਗੇ। ਉਪਰੋਕਤ ਪਤਵੰਤਿਆਂ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ 22 ਮਾਰਚ (9 ਚੇਤਰ) ਦਿਨ ਸ਼ਨੀਵਾਰ ਨੂੰ 12 ਵਜੇ ਅੰਮ੍ਰਿਤ ਸੰਚਾਰ ਕਰਵਾਏ ਜਾ ਰਹੇ ਹਨ। ਉਪਰੋਕਤ ਆਗੂਆਂ ਨੇ ਸੰਗਤਾਂ ਅੱਗੇ ਬੇਨਤੀ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਆਪਣੇ ਪਰਿਵਾਰ ਸਮੇਤ ਪਹੁੰਚ ਕੇ ਆਏ ਹੋਏ ਮਹਾਂਪੁਰਖਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਓ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਏ ਜਾਣਗੇ।

# ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਹੋਈ ਚੋਣ

**ਫ਼ਿਰੋਜ਼ਪੁਰ, 11 ਮਾਰਚ (ਮਨੋਹਰ ਲਾਲ) :—** ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਫ਼ਿਰੋਜ਼ਪੁਰ ਦੀ ਮੀਟਿੰਗ ਮਿੰਨੀ ਸੈਕਤਰੇਤ ਫ਼ਿਰੋਜ਼ਪੁਰ ਵਿਖੇ ਹੋਈ, ਜਿਸ ਵਿਚ ਯੂਨੀਅਨ ਦੀ ਜ਼ਿਲ੍ਹਾ ਬਾਡੀ ਦੀ ਚੋਣ ਸ੍ਰੀ ਕੇ.ਐਲ ਗਾਭਾ ਅਤੇ ਦੇਵ ਰਾਜ ਨਰੂਲਾ ਚੋਣ ਕਮਿਸ਼ਨ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿਚ ਸਭ ਤੋਂ ਪਹਿਲਾਂ ਪਹਿਲੀ ਬਾਡੀ ਨੂੰ ਭੰਗ ਕੀਤਾ ਗਿਆ, ਜਿਸ ਉਪਰੰਤ ਨਵੀਂ ਕਮੇਟੀ ਬਣਾਉਣ ਸਾਰੇ ਹਾਊਸ ਤੋਂ ਪ੍ਰਵਾਨਗੀ ਲੈ ਕੇ ਵਿਚਾਰ—ਵਟਾਂਦਰਾ ਕਰਨ ਉਪਰੰਤ ਨਵੀਂ ਬਾਡੀ ਦਾ ਗਠਨ ਕੀਤਾ ਗਿਆ। ਇਸ ਮੌਕੇ ਸੁਬੇਗ ਸਿੰਘ ਅਜੀਜ ਸੂਬਾ ਵਿੱਤ ਸਕੱਤਰ ਨੇ ਗੁਰਪ੍ਰਤਾਪ ਸਿੰਘ ਦਾ ਨਾਮ ਪ੍ਰਧਾਨਗੀ ਲਈ ਪ੍ਰਪੋਜ਼ ਕੀਤਾ, ਜਿਸ ਨੂੰ ਹਾਜ਼ਰ ਮੈਂਬਰਾਂ ਵੱਲੋਂ ਪ੍ਰਵਾਨਗੀ ਦਿੰਦਿਆਂ ਤਾੜੀਆਂ ਨਾਲ ਸਵਾਕਤ ਕੀਤਾ ਗਿਆ। ਉਪਰੰਤ ਜਨਰਲ ਸਕੱਤਰ ਲਈ ਅਜੀਤ ਸਿੰਘ ਸੋਢੀ ਅਤੇ ਵਿੱਤ ਸਕੱਤਰ ਲਈ ਸੁਰਿੰਦਰ ਕੁਮਾਰ ਜ਼ੋਸਨ, ਕੇ.ਐਲ ਗਾਭਾ ਵੱਲੋਂ ਪੇਸ਼ ਕੀਤਾ ਗਿਆ, ਜਿਸ ਨੂੰ ਸਾਰੇ ਹਾਊਸ ਦੀ ਪ੍ਰਵਾਨਗੀ ਉਪਰੰਤ ਪਾਸ ਕਰ ਦਿੱਤਾ ਗਿਆ। ਇਸ ਮੌਕੇ ਪ੍ਰਧਾਨ, ਜਨਰਲ ਸਕੱਤਰ ਅਤੇ ਵਿੱਤ ਸਕੱਤਰ ਦੀ ਨਿਯੁਕਤੀ ਕਰਨ ਤੋਂ ਬਾਅਦ ਨਵੇਂ ਪ੍ਰਧਾਨ ਨੂੰ ਜ਼ਿਲ੍ਹਾ ਬਾਡੀ ਦਾ ਵਿਸਥਾਰ ਕਰਨ ਦੇ ਸਾਰੇ ਅਧਿਕਾਰ ਦੇ ਦਿੱਤੇ ਗਏ, ਜ਼ੋ ਸਾਰੇ ਹਾਊਸ ਵਿਚ ਹਾਜ਼ਰ ਸਾਥੀਆਂ ਦੇ ਸਹਿਯੋਗ ਨਾਲ ਇਕ ਹਫਤੇ ਦੇ ਅੰਦਰ—ਅੰਦਰ ਬਾਡੀ ਦਾ ਵਿਸਥਾਰ ਕਰਨਗੇ। ਮੀਟਿੰਗ ਵਿਚ ਕਸ਼ਮੀਰ ਸਿੰਘ ਸੂਬਾ ਜਨਰਲ ਸਕੱਤਰ ਜੇਲ ਪੈਨਸ਼ਨਰ, ਮਨਜੀਤ ਸਿੰਘ ਜੇਲ ਪੈਨਸ਼ਨਰ, ਮਾਸਟਰ ਬਲਵਿੰਦਰ ਸਿੰਘ, ਉਮ ਪ੍ਰਕਾਸ਼ ਗੁੰਬਰ, ਸ਼ਿਵਚਰਨਜੀਤ ਪੁਰੀ, ਦਿਨੇਸ਼ ਕਟਾਰੀਆ, ਖਜਾਨ ਸਿੰਘ ਸਾਬਕਾ ਪ੍ਰਧਾਨ ਪੈਨਸ਼ਨ ਐਸੋਸੀਏਸ਼ਨ, ਸਵਰਨਜੀਤ, ਬੂਟਾ ਸਿੰਘ, ਮਾਸਟਰ ਹਰਕਿਸ਼ਨ ਸਿੰਘ, ਦੀਪਕ ਕੁਮਾਰ ਅਤੇ ਸੁਸ਼ੀਲ ਕੁਮਾਰ ਬਿੱਟਾਂ ਆਦਿ ਸੈਂਕੜੇ ਸਾਥੀ ਹਾਜ਼ਰ ਸਨ। ਇਸ ਮੌਕੇ ਬੁਲਾਰਿਆਂ ਨੇ ਸਰਕਾਰ ਦੀਆਂ ਪੈਨਸ਼ਨਰ ਮਾਰੂ ਨੀਤੀਆਂ ਅਤੇ ਪੈਨਸ਼ਨਰ ਨੂੰ ਵਰਗਾਂ ਵਿਚ ਵੰਡਣ ਦਾ ਅਤੇ ਮੰਗਾਂ ਨਾ ਮੰਨਣ ਦਾ ਡੱਟ ਕੇ ਵਿਰੋਧ ਕੀਤਾ।

# ਐਕਸੀਅਨ ਟੈਕ ਵਿਰੁੱਧ ਬਿਜਲੀ ਮੁਲਾਜ਼ਮਾਂ ਕੀਤਾ ਰੋਹ ਮੁਜ਼ਾਹਰਾ



**ਫ਼ਿਰੋਜ਼ਪੁਰ, 11 ਮਾਰਚ (ਮਨੋਹਰ ਲਾਲ) :—** ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਵੱਲੋਂ ਇੰਜ. ਨਵਨੀਤ ਕੁਮਾਰ ਐਕਸੀਅਨ ਟੈਕ ਵਿਰੁੱਧ ਮੰਡਲ ਦਫਤਰ ਜਲਾਲਾਬਾਦ (ਪ) ਦੇ ਸਾਹਮਣੇ ਮੰਡਲ ਪ੍ਰਧਾਨ ਸਾਥੀ ਰੋਹਿਤ ਬਾਗਲਾ ਦੀ ਪ੍ਰਧਾਨਗੀ ਹੇਠ ਗੇਟ ਰੈਲੀ ਕੀਤੀ। ਰੋਹ ਜ਼ਾਹਿਰ ਕਰਦਿਆਂ ਮੁਲਾਜ਼ਮਾਂ ਨੇ ਕਿਹਾ ਕਿ ਐਕਸੀਅਨ ਟੈਕ ਕਾਫੀ ਲੰਬੇ ਸਮੇਂ ਤੋਂ ਮੁਲਾਜ਼ਮਾਂ ਅਤੇ ਆਗੂ ਸਾਥੀਆਂ ਨੂੰ ਖੱਜਲ ਖੁਆਰ ਕਰ ਰਿਹਾ ਹੈ। ਇਸ ਗੇਟ ਰੈਲੀ ਵਿਚ ਵਿਸ਼ੇਸ਼ ਤੌਰ ਤੇ ਸਰਕਲ ਪ੍ਰਧਾਨ ਰੋਸ਼ਨ ਲਾਲ, ਜ਼ੋਨ ਸਕੱਤਰ ਰਜੇਸ਼ ਦੱਤਾ ਨੇ ਸ਼ਮੂਲੀਅਤ ਕੀਤੀ, ਜਦੋਂ ਕਿ ਰੈਲੀ ਵਿਚ ਗਿਆਨ ਚੰਦ, ਸ਼ਾਤਮ ਵਰਮਾ, ਵਰਿੰਦਰ ਚੋਪੜਾ, ਸ਼ਹਿਰੀ ਜਲਾਲਾਬਾਦ ਪ੍ਰਧਾਨ ਬਲਜੀਤ ਸਿੰਘ, ਸੁਸ਼ੀਲ ਕੁਮਾਰ, ਗਗਨਦੀਪ ਸਿੰਘ ਪ੍ਰਧਾਨ ਸ/ਅ ਜਲਾਲਾਬਾਦ, ਚਰਨਜੀਤ ਸਿੰਘ, ਨਰਿੰਦਰ ਸਿੰਘ, ਜੱਜ ਸਿੰਘ, ਕੁਲਦੀਪ ਸਿੰਘ, ਰਮੇਸ਼ ਸਿੰਘ, ਧਰਮਦੇਵ, ਰਾਜ ਸਿੰਘ, ਜਗਜੀਤ ਸਿੰਘ, ਕੁਲਵੰਤ ਸਿੰਘ, ਬਸੰਤ ਸਿੰਘ, ਗੁਰਦੀਪ ਸਿੰਘ ਆਦਿ ਆਗੂਆਂ ਨੇ ਦੱਸਿਆ ਕਿ ਐਕਸੀਅਨ ਟੈਕ ਨਵਨੀਤ ਕੁਮਾਰ 22.10.2024 ਨੂੰ ਸਮਝੌਤਾ ਕਰਕੇ ਵੀ ਮੁਲਾਜ਼ਮਾਂ ਤੇ ਆਗੂਆਂ ਵਿਰੁੱਧ ਝੂਠੇ ਕੋਰਟ ਕੇਸ ਅਤੇ ਝੂਠੀਆਂ ਸ਼ਿਕਾਇਤਾਂ ਕਰਕੇ ਖਰਾਬ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਐਕਸੀਅਨ ਵੱਲੋਂ ਨਿਗਰਾਨ ਇੰਜੀਨੀਅਰ ਫ਼ਿਰੋਜ਼ਪੁਰ ਦੀ ਹਾਜ਼ਰੀ ਵਿਚ ਸਮਝੌਤਾ ਕੀਤਾ ਸੀ, ਪਰ ਕੁਝ ਦਿਨਾਂ ਬਾਅਦ ਕੀਤੇ ਸਮਝੌਤੇ ਤੋਂ ਮੁਕਰ ਗਿਆ।

ਗੁਰਦੁਆਰਾ ਸ਼ਹੀਦ ਗੰਜ, ਅਕਾਲਗੜ੍ਹ 'ਚ

# ਪੰਥਕ ਧਿਰਾਂ ਅਤੇ ਪੰਜਾਬ ਹਿਤੈਸ਼ੀਆਂ ਦੀ ਮੀਟਿੰਗ ਸੰਪੰਨ

## ਸਾਬਕਾ ਜਥੇਦਾਰ ਸ਼੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਅਤੇ ਸਾਬਕਾ ਐਮ.ਐਲ.ਏ. ਸ.ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਸਮੇਤ ਪੰਥਕ ਸ਼ਖਸੀਅਤਾਂ ਵੱਲੋਂ ਸ਼ਮੂਲੀਅਤ













ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਹੁਕਮਨਾਮੇ ਤੇ ਚਲਦੇ ਹੋਏ ਸ੍ਰੋਮਣੀ ਅਕਾਲੀ ਦਲ ਦੀ ਮਜਬੂਤੀ ਲਈ ਅਤੇ ਸ੍ਰੋਮਣੀ ਅਕਾਲੀ ਦਲ ਨੂੰ ਸੁਰਜੀਤ ਕਰਨ ਲਈ, ਸਾਬਕਾ ਜਥੇਦਾਰ, ਸ਼੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਦੇ ਸਤਿਕਾਰ ਚ ਅੱਜ ਸਾਡੇ ਬਹੁਤ ਹੀ ਸਤਿਕਾਰਯੋਗ ਸਾਬਕਾ ਐਮ.ਐਲ.ਏ. ਸ.ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਹਲਕਾ ਗੜ੍ਹਸ਼ੰਕਰ ਵੱਲੋਂ ਗੁਰਦੁਆਰਾ ਸ਼ਹੀਦ ਗੰਜ,ਅਕਾਲਗੜ੍ਹ ਚ ਰੱਖੀ ਗਈ ਪੰਥਕ ਧਿਰਾਂ ਅਤੇ ਪੰਜਾਬ ਹਿਤੈਸ਼ੀਆਂ ਦੀ ਮੀਟਿੰਗ ਚ ਪਹੁੰਚ ਕੇ ਸਮੂਹ ਸੰਗਤਾਂ ਦੇ ਨਾਲ ਆਪਣੇ ਵਿਚਾਰ ਸਾਝੇ ਕੀਤੇ ਅਤੇ ਪੰਥ ਦੀ ਚੜਦੀ ਕਲਾਂ ਲਈ ਅਰਦਾਸ ਕੀਤੀ। (ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਜੇਠੂਵਾਲ ਵਿਖੇ ਸਿੱਖੀ ਸੇਵਾ ਗੁਰਮਤਿ ਵਿਦਿਆਲੇ ਦਾ

# ਨੀਂਹ ਪੱਥਰ ਰਖਿਆ ਗਿਆ







**ਅੰਮ੍ਰਿਤਸਰ, 9 ਮਾਰਚ (ਸ਼ਮਸ਼ੇਰ ਸਿੰਘ ਜੇਠੂਵਾਲ)**-ਪੰਥਕ ਆਗੂ ਭਾਈ ਪਰਮਜੀਤ ਸਿੰਘ ਅਕਾਲੀ ਅਤੇ ਭਾਈ ਰਮਿੰਦਰ ਸਿੰਘ ਖਾਲਸਾ ਆਸਟ੍ਰੇਲੀਆ ਵਲੋਂ ਅੰਮ੍ਰਿਤਸਰ ਬਟਾਲਾ ਰੋਡ ਵਿਖੇ ਗੁਰਮਤਿ ਪ੍ਰਚਾਰ-ਪ੍ਰਸਾਰ ਨੂੰ ਪ੍ਰਫੁਲਿਤ ਕਰਨ ਲਈ "ਸਿੱਖੀ ਸੇਵਾ ਗੁਰਮਤਿ ਵਿਦਿਆਲੇ" ਦਾ ਨੀਂਹ ਪੱਥਰ ਸ੍ਰੀ ਸੁਖਮਨੀ ਸਾਹਿਬ ਜੀ ਦੀ ਪਾਵਨ ਬਾਣੀ ਦੇ ਭੋਗ ਉਪਰੰਤ ਵਿਦਿਆਲੇ ਲਈ ਜਮੀਨ ਦਾਨ ਕਰਨ ਵਾਲੇ ਸਰਦਾਰ ਸਵਰਨ ਸਿੰਘ ਜੀ ਦੇ ਪਰਿਵਾਰ ਕੋਲੋਂ ਅਤੇ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਭਿੰਡਰਾਂਵਾਲੇ ਮਹਾਂਪੁਰਸ਼ਾਂ ਵਲੋਂ ਮਹਿਤਾ ਚੌਂਕ ਤੋਂ ਪਹੁੰਚੇ ਬਾਬਾ ਅਜੀਤ ਸਿੰਘ ਵਲੋਂ ਰੱਖਿਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਰਾਜਸੀ ਧਾਰਮਿਕ ਸਖਸ਼ੀਅਤਾਂ ਵਲੋਂ ਵੱਡੀ ਪੱਧਰ ਤੇ ਹਾਜਰੀਆਂ ਭਰੀਆਂ ਜਿੰਨਾ ਵਿਚ ਦਮਦਮੀ ਟਕਸਾਲ ਤੋਂ ਪਹੁੰਚੇ ਗਿਆਨੀ ਗੁਰਦੀਪ ਸਿੰਘ, ਵਾਰਿਸ ਪੰਜਾਬ ਜਥੇਬੰਦੀ ਦੇ ਮੁਖੀ ਖਡੂਰ ਸਭਾ ਹਲਕੇ ਤੋਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤ ਪਾਲ ਸਿੰਘ ਦੇ ਮਾਤਾ ਬਲਵਿੰਦਰ ਕੌਰ ਜੀ,ਦਸਮੇਸ਼ ਤਰਨਾ ਦਲ ਜਥੇਬੰਦੀ ਦੇ ਮੁਖੀ ਬਾਬਾ ਮੇਜਰ ਸਿੰਘ ਜੀ ਵਲੋਂ ਭਾਈ ਬੀਹਰ ਸਿੰਘ ਗਿਆਨੀ ਦਲਜੀਤ ਸਿੰਘ ਵਲੋਂ ਭਾਈ ਸਿੱਖ ਯੂਥ ਪਾਵਰ ਆਫ਼ ਪੰਜਾਬ ਤੋਂ ਭਾਈ ਪ੍ਰਦੀਪ ਸਿੰਘ ਲੁਧਿਆਣਾ ਅਤੇ ਬੇਅੰਤ ਨਿਹੰਗ ਸਿੰਘ ਫੌਜਾਂ ਵਲੋਂ ਵਲੋਂ ਹਾਜਰੀ ਲਵਾਈ ਗਈ

ਇਸ ਮੌਕੇ ਗਿਆਨੀ ਤੇਜਬੀਰ ਸਿੰਘ ਦਮਦਮੀ ਟਕਸਾਲ,ਸਮਾਜ ਸੇਵੀ ਬਘੇਲ ਸਿੰਘ ਦੇ ਪਿਤਾ ਜਥੇਦਾਰ ਕ੍ਰਿਪਾਲ ਸਿੰਘ,ਭਾਈ ਹਰਜੋਤ ਸਿੰਘ ਅਕਾਲੀ, ਭਾਈ ਗੁਰਜੀਤ ਸਿੰਘ ਅਕਾਲੀ,ਭਾਈ ਰਾਜਵੀਰ ਸਿੰਘ ਅਕਾਲੀ,ਭਾਈ ਜਗਰੂਪ ਸਿੰਘ ,ਸਿਮਰ ਸਿੰਘ ਬੱਗਾ,ਜਗਜੀਤ ਸਿੰਘ ਮਰਹਾਣਾ,ਅਮਨਪ੍ਰੀਤ ਸਿੰਘ ਬੱਲ,ਸਰਪੰਚ ਤਰਸੇਮ ਸਿੰਘ, ਬਿਕਰਮਜੀਤ ਸਿੰਘ,ਗੁਰਪ੍ਰੀਤ ਸਿੰਘ,ਪਲਵਿੰਦਰ ਸਿੰਘ,ਦਲਜੀਤ ਸਿੰਘ,ਪ੍ਰਦੀਪ ਸਿੰਘ ਕਿਸਾਨ ਆਗੂ ਕੁਲਬੀਰ ਸਿੰਘ, ਸੈਨਿਕ ਸੰਘਰਸ਼ ਯੂਨੀਅਨ ਆਗੂ ਤਸਵੀਰ ਸਿੰਘ ਫੌਜੀ,ਨੰਬਰਦਾਰ ਜਗਵਿੰਦਰ ਸਿੰਘ,ਗਗਨਦੀਪ ਸਿੰਘ ਬੁੱਟਰ,ਉਸਤਾਦ ਮੰਗਲ ਸਿੰਘ,ਵਿਦਿਆਲੇ ਲਈ ਜਮੀਨ ਦਾਨ ਕਰਨ ਵਾਲੇ ਸਵਰਗੀ ਸਰਦਾਰ ਸਵਰਨ ਸਿੰਘ ਜੀ ਦੇ ਸਮੁੱਚਾ ਪਰਿਵਾਰ ਹਾਜਰ ਸੀ,ਜਿੰਨਾ ਦਾ ਭਾਈ ਪਰਮਜੀਤ ਸਿੰਘ ਅਕਾਲੀ ਵਲੋਂ ਸਨਮਾਨ ਕੀਤਾ ਗਿਆ,ਸਟੇਜ ਸੈਕਟਰੀ ਦੀ ਸੇਵਾ ਪ੍ਰਚਾਰਕ ਭਾਈ ਸ਼ਮਸ਼ੇਰ ਸਿੰਘ ਵਲੋਂ ਨਿਭਾਈ ਗਈ ।

## ਸੁਖਬੀਰ ਤੋਂ ਬਰਦਾਸ਼ਤ ਨਹੀਂ ਹੋਇਆ ਆਪਣੇ ਬਾਪੂ ਤੋਂ ਵਾਪਿਸ ਲਿਆ ਗਿਆ ਫਖਰ-ਏ-ਕੌਮ ਦਾ ਸਨਮਾਨ ਤਾਂ ਹੀ ਬਦਲ ਦਿੱਤੇ ਗਏ ਤਖਤ ਸਾਹਿਬਾਨਾਂ ਦੇ ਜਥੇਦਾਰ : ਚਕਰ

**ਐਡਮਿੰਟਨ /ਕਨੇਡਾ (ਜਗਮੀਤ ਸਿੰਘ ਬਾਠ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਅਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਦੀਆਂ ਸੇਵਾਵਾਂ ਖਤਮ ਕਰਨ ਮਗਰੋਂ ਰਾਤ ਦੇ ਹਨੇਰੇ ਵਿੱਚ ਹੀ ਨਵੇਂ ਜਥੇਦਾਰ ਥਾਪ ਦਿੱਤੇ ਗਏ ਹਨ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਜਥੇਦਾਰ ਹਰਚੰਦ ਸਿੰਘ ਚਕਰ ਪੰਜਾਬ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਜੋ ਇਸ ਸਮੇਂ ਕਨੇਡਾ ਫੇਰੀ ਤੇ ਹਨ ਉਹਨਾਂ ਨੇ ਇੱਕ ਵਿਸ਼ੇਸ਼ ਗੱਲਬਾਤ ਦੌਰਾਨ ਕੀਤਾ ਉਹਨਾਂ ਅੱਗੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਦੀ ਗੈਰ ਹਾਜ਼ਰੀ ਵਿੱਚ ਹੀ ਇਹ ਸਭ ਕੁੱਝ ਹੋ ਗਿਆ ਹੈ ਜਿਸ ਤੋਂ ਸਿੱਧ ਹੁੰਦਾ ਹੈ ਕਿ ਇਸ ਪਿੱਛੇ ਸੁਖਬੀਰ ਬਾਦਲ ਦਾ ਸਿੱਧਾ ਹੱਥ ਹੈ ਕਿਉਂਕਿ ਬਾਦਲ ਪਰਿਵਾਰ ਸ਼੍ਰੋਮਣੀ ਕਮੇਟੀ ਉਪਰ ਕਾਬਜ਼ ਹੈ ਇਸ ਲਈ ਪਿਛਲੇ ਤਕਰੀਬਨ ਛੱਬੀ ਦਿਨਾਂ ਵਿੱਚ ਤਿੰਨ ਤਖਤਾ ਦੇ ਜਥੇਦਾਰ ਸਿੰਘ ਸਾਹਿਬਾਨਾਂ ਦੀਆਂ ਸੇਵਾਵਾਂ ਖਤਮ ਕਰ ਦਿੱਤੀਆਂ ਗਈਆਂ ਹਨ। ਜੂਨ 1984 ਵਿੱਚ ਦੇਸ਼ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੇ ਸ੍ਰੀ ਅਕਾਲ ਤਖਤ ਸਾਹਿਬ ਦੀ ਇਮਾਰਤ ਤੇ ਹਮਲਾ ਕੀਤਾ ਸੀ ਪਰ ਬਾਦਲ ਪਰਿਵਾਰ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਿਧਾਂਤਾਂ ਉਪਰ ਹੀ ਹਮਲਾ ਕਰ ਦਿੱਤਾ ਹੈ ਉਨ੍ਹਾਂ ਅੱਗੇ ਕਿਹਾ ਕਿ ਸੁਖਬੀਰ ਬਾਦਲ ਆਪਣੇ ਬਾਪ ਤੋਂ ਵਾਪਿਸ ਲਿਆ ਗਿਆ ਫਖਰ-ਏ-ਕੌਮ ਦਾ ਸਨਮਾਨ ਕਰਕੇ ਹੀ ਸ੍ਰੀ ਅਕਾਲ ਤਖਤ ਸਾਹਿਬ ਨਾਲ ਟੱਕਰ ਲੈ ਰਿਹਾ ਹੈ ਜਿਸ ਨੂੰ ਕੌਮ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ ਬਾਦਲ ਪਰਿਵਾਰ ਨੂੰ ਪਿਛਲੇ ਸਮੇਂ ਵੱਲ ਝਾਤੀ ਮਾਰ ਲੈਣੀ ਚਾਹੀਦੀ ਹੈ ਕਿ ਜਿਸ ਨੇ ਸ੍ਰੀ ਅਕਾਲ ਤਖਤ ਸਾਹਿਬ ਨਾਲ ਟੱਕਰ ਲਈ ਹੈ ਉਹਨਾਂ ਦਾ ਕੱਖ ਨਹੀਂ ਰਿਹਾ ਨਾ ਹੀ ਸਿਆਸੀ ਤੌਰ ਤੇ ਅਤੇ ਨਾ ਸਮਾਜ ਵਿੱਚ ਇਸ ਲਈ ਬਾਦਲ ਪਰਿਵਾਰ ਦੀ ਪੁੱਠੀ ਗਿਣਤੀ ਸ਼ੁਰੂ ਹੋ ਗਈ ਹੈ।

ਆਵਾਜ਼ਿ ਕੌਮ AWAZE QAUM International Newspaper & WEB TV



## ਪੰਜਾਬੀ ਹੈਲਥ ਅਤੇ ਸਿੱਖਿਆ ਓਰਗੇਨਾਇਜੈਸ਼ਨ ਕੈਨੇਡਾ ਵਲੋਂ ਮਹਿਲਾ ਦਿਵਸ ਮਨਾਇਆ ਗਿਆ



**ਨਵੀਂ ਦਿੱਲੀ 11 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- ਪੰਜਾਬੀ ਹੈਲਥ ਅਤੇ ਸਿੱਖਿਆ ਓਰਗੇਨਾਇਜ਼ੈਸ਼ਨ ਜੋ ਕਿ ਕੈਨੇਡਾ ਅੰਦਰ ਪਿੱਛਲੇ 22 ਸਾਲਾਂ ਤੋ ਇੰਡੀਅਨ ਭਾਈਚਾਰੇ ਦੀ ਸੇਵਾ ਕਰ ਰਹੀ ਹੈ । ਓਰਗੇਨਾਇਜੈਸ਼ਨ ਦੇ ਪ੍ਰਧਾਨ ਸਰਦਾਰ ਤਰਨਤੇਜ ਸਿੰਘ ਹੁੰਦਲ ਅਤੇ ਸਕੱਤਰ ਸਰਦਾਰ ਲਖਵਿੰਦਰ ਸਿੰਘ ਉੱਪਲ ਨੇ ਦਸਿਆ ਕਿ ਓਰਗੇਨਾਇਜੇਸ਼ਨ ਵਲੋਂ ਮਹਿਲਾ ਦਿਵਸ ਮੌਕੇ ਇਕ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ ਸੀ। ਇਸ ਪ੍ਰੋਗਰਾਮ ਅੰਦਰ ਦਲਵਿੰਦਰ ਕੌਰ ਔਲਖ, ਹਰਪ੍ਰੀਤ ਕੌਰ ਅਤੇ ਸਵਿਤਾ ਗਾਵਰੀ ਨੇ ਉਚੇਚੇ ਤੌਰ ਤੇ ਹਾਜ਼ਿਰੀ ਭਰ ਕੇ ਹਾਜਿਰ ਸੰਗਤਾਂ ਨੂੰ ਸੰਸਾਰ ਅੰਦਰ ਮਹਿਲਾਵਾਂ ਦੀਆਂ ਉਪਲਭਦੀਆਂ, ਉਨ੍ਹਾਂ ਦੇ ਅਧਿਕਾਰ ਅਤੇ ਉਨ੍ਹਾਂ ਦੀਆਂ ਸ਼ਕਤੀਆਂ ਬਾਰੇ ਉਸਾਰੂ ਚਰਚਾ ਕੀਤੀ । ਇਸ ਮੌਕੇ ਬੱਚਿਆਂ ਨੇ ਵੱਖ ਵੱਖ ਗੇਮਾਂ ਖੇਡ ਕੇ ਸਰੋਤਿਆਂ ਦਾ ਮਨ ਮੋਹ ਲਿਆ । ਇਸ ਪ੍ਰੋਗਰਾਮ ਵਿਚ ਗਿੱਧਾ ਅਤੇ ਭੰਗੜੇ ਦੀਆਂ ਟੀਮਾਂ ਨੇ ਆਪਣੇ ਜਲਵੇ ਦਿਖਾਂਦਿਆਂ ਸਮਾਂ ਬੰਨ ਦਿੱਤਾ ਸੀ । ਓਰਗੇਨਾਇਜੈਸ਼ਨ ਦੇ ਸਕੱਤਰ ਸਰਦਾਰ ਲਖਵਿੰਦਰ ਸਿੰਘ ਉੱਪਲ ਨੇ ਦਸਿਆ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਓਰਗੇਨਾਇਜੇਸ਼ਨ ਦੇ ਡਾਇਰੈਕਟਰ ਦਲਵਿੰਦਰ ਕੌਰ ਔਲਖ, ਰਾਹੁਲ ਗਾਵਰੀ, ਕਪਿਲ ਦੇਵ, ਜੋਗਿੰਦਰ ਸਿੰਘ ਸਿੱਧੂ, ਅੰਮ੍ਰਿਤਪਾਲ ਕੌਰ, ਸੁਨੀਲ ਸਦਾਰਗਾਨੀ, ਮੰਜੂ ਚੋਪੜਾ ਅਤੇ ਵੱਖ ਵੱਖ ਸਹਿਯੋਗੀਆਂ ਦੀ ਮਦਦ ਦੇ ਨਾਲ ਨੇਪਰੇ ਚੜ੍ਹਦੇ ਹਨ । ਸਰਦਾਰ ਉੱਪਲ ਨੇ ਦਸਿਆ ਕਿ ਓਰਗੇਨਾਇਜੈਸ਼ਨ ਵਲੋਂ ਵਿਸਾਖੀ ਪੁਰਬ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ ਤੇ ਅਸੀਂ ਨਵੇਂ ਮੈਂਬਰ ਅਤੇ ਚੰਗੇ ਉਪਰਾਲਿਆ ਨੂੰ ਜੀਅ ਆਇਆ ਆਖਦੇ ਹਾਂ ਤੇ ਮਹਿਲਾ ਦਿਵਸ ਮੌਕੇ ਕਰਵਾਏ ਗਏ ਪ੍ਰੋਗਰਾਮ ਵਿਚ ਹਾਜ਼ਿਰੀ ਭਰਣ ਵਾਲਿਆਂ ਦਾ ਧੰਨਵਾਦ ਕਰਦੇ ਹਾਂ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਭਾਰਤੀ ਖੁਫੀਆ ਤੰਤਰ ਵੱਲੋਂ ਸਿੰਘਾਂ ਨੂੰ ਆਪਸ ਵਿੱਚ ਉਲਝਾਉਣ ਦੀ ਕੋਝੀ ਹਰਕਤ

**ਨਵੀਂ ਦਿੱਲੀ 11 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- ਜਥੇਦਾਰ ਅਜਾਇਬ ਸਿੰਘ ਬਾਗੜੀ ਕੈਨੇਡਾ ਵਾਲਿਆ ਨੇ ਮੀਡੀਆ ਨੂੰ ਸੰਬੋਧਿਤ ਹੋਇਆ ਕਿਹਾ ਕਿ ਪਿਛਲੇ ਦਿਨੀ ਏਜੰਸੀਆਂ ਵਲੋਂ ਚਲਾਏ ਚੱਕਰਵਿਊ ਵਿੱਚ ਫਸਕੇ ਸ਼ਹੀਦ ਕੌਮੀ ਯੋਧਿਆਂ ਦਾ ਇਤਿਹਾਸ ਕਲਮਬੱਧ ਕਰਨ ਵਾਲੇ ਸਿੰਘ ਇੱਕ ਦੂਜੇ ਤੇ ਘਟੀਆ ਦਰਜੇ ਦੀ ਦੂਸ਼ਣ ਬਾਜ਼ੀ ਕਰਨ ਤੇ ਉੱਤਰ ਆਏ ਹਨ ਜੋ ਕਿ ਬਹੁਤ ਦੁਖਦਾਇਕ ਹੈ । ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿਚ ਰਣਜੀਤ ਸਿੰਘ ਹੋਰਾਂ ਨੇ ਇਹ ਵੀ ਨਹੀਂ ਸੋਚਿਆ ਕਿ ਜਿਹੜਾ ਸਿੰਘ ਖੁਦ ਰਣਜੀਤ ਸਿੰਘ ਅਤੇ ਭੁਪਿੰਦਰ ਸਿੰਘ ਨੂੰ ਪੈਸੇ ਦੇ ਕੇ ਸਿੰਘਾ ਦੀਆਂ ਜੀਵਨੀਆਂ ਇਕੱਤਰ ਕਰਨ ਲਈ ਭੇਜਦਾ ਹੈ ਜੋ ਕਿ ਤਵਾਰੀਖ ਬੱਬਰ ਖਾਲਸਾ ਵਿੱਚ ਦਰਜ ਹੁੰਦੀਆਂ ਹਨ ਕੀ ਓਹ ਸਿੰਘ ਰਣਜੀਤ ਸਿੰਘ ਰਾਹੀਂ ਆਪਣੇ ਤੌਰ ਤੇ "ਸਿੱਖ ਯੋਧਿਆਂ ਦੀਆਂ ਗਥਾਵਾਂ" ਜਾਂ "1978 ਤੋਂ ਬਾਅਦ ਦੇ ਸਿੱਖ ਇਤਿਹਾਸ" ਨੂੰ ਕਲਮਬੱਧ ਕਰਕੇ ਕਿਤਾਬਾਂ ਛਪਵਾਉਣ ਦੀ ਸ਼ਿਕਾਇਤ ਭਾਰਤ ਦੇ ਗ੍ਰਹਿ ਮੰਤਰੀ ਕੋਲ ਕਰੇਗਾ ? ਉਨ੍ਹਾਂ ਕਿਹਾ ਕਿ ਚਿੱਠੀ ਦੀ ਸ਼ੁਰੂਆਤ ਵੀ ਇਸ ਤਰ੍ਹਾਂ ਕੀਤੀ ਗਈ ਹੈ ਜਿਵੇਂ ਕੰਵਰਜੀਤ ਸਿੰਘ ਯੂ ਐਸ਼ ਏ ਦਾ ਗ੍ਰਹਿ ਮੰਤਰੀ ਹੁੰਦਾ ਹੈ ਅਤੇ ਭਾਰਤ ਦੇ ਗ੍ਰਹਿ ਮੰਤਰੀ ਨੂੰ ਸੰਬੋਧਨ ਹੋ ਕੇ ਲਿੱਖ ਰਿਹਾ ਹੈ, ਹੈਲੋ ਮਿਸ਼ਟਰ ਸ਼ਾਹ. ? ਉਸ ਉਤੇ ਤੁਰੰਤ ਅਮਲ ਕਰਦਿਆਂ ਐਕਸ਼ਨ ਵੀ ਹੋ ਜਾਂਦਾ ਹੈ । ਜਿਸ ਚਿੱਠੀ ਤੇ ਕਿਸੇ ਦੇ ਦਸਤਖ਼ਤ ਵੀ ਨਹੀਂ ਹਨ ਅਤੇ ਇਹ ਵੀ ਨਹੀ ਪਤਾ ਕਿ ਇਹ ਯੂ ਐਸ ਏ ਜਾਂ ਕਿਸੇ ਹੋਰ ਦੇਸ਼ ਤੋਂ ਆਈ ਹੈ । ਐਸਜੀਪੀਸੀ ਅਤੇ ਹੋਰ ਪੰਥਕ ਆਗੂਆਂ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਅਤੇ ਜਥੇਦਾਰ ਜਗਤਾਰ ਸਿੰਘ ਹਵਾਰਾ ਦੀ ਜੇਲ੍ਹ ਬਦਲੀ ਲਈ ਲਿਖੀਆਂ ਗ੍ਰਹਿ ਮੰਤਰੀ ਨੂੰ ਚਿੱਠੀਆਂ ਦਾ ਤਾਂ ਅੱਜ ਤੱਕ ਕੋਈ ਐਕਸ਼ਨ ਹੋਇਆ ਨਹੀ । ਫਿਰ ਬੱਬਰ ਖਾਲਸਾ ਜਥੇਬੰਦੀ ਨੂੰ ਵੀ ਵਿੱਚ ਸ਼ਾਮਲ ਕਰਨ ਦੀ ਕੋਸ਼ਿਸ਼ ਕੀਤੀ ਜਾਂਦੀ ਹੈ । ਰਣਜੀਤ ਸਿੰਘ ਇੱਕ ਵਾਰ ਕਹਿ ਰਿਹਾ ਹੈ ਕਿ ਕੰਵਰਜੀਤ ਸਿੰਘ ਜਥੇਦਾਰ ਰੇਸ਼ਮ ਸਿੰਘ ਬੱਬਰ ਦਾ ਬੰਦਾ ਹੈ । ਚਿੱਠੀ ਵਿੱਚ ਕਿਹਾ ਗਿਆ ਹੈ ਕੇ ਰਣਜੀਤ ਸਿੰਘ ਜਥੇਦਾਰ ਰੇਸ਼ਮ ਸਿੰਘ ਬੱਬਰ ਦਾ ਬੰਦਾ ਹੈ। ਪੰਥਕ ਸਿੰਘਾ ਦੇ ਸਮਝਾਉਣ ਤੇ ਵੀ ਰਣਜੀਤ ਸਿੰਘ ਆਪਣੀਆਂ ਬਚਕਾਨਾ ਹਰਕਤਾਂ ਕਾਰਨ ਸਮਝ ਨਹੀ ਸਕਿਆ । ਉਨ੍ਹਾਂ ਦੀ ਜਾਣਕਾਰੀ ਲਈ ਦਸ ਰਹੇ ਹਾਂ ਕਿ ਕੰਵਰਜੀਤ ਸਿੰਘ ਬੱਬਰ ਖਾਲਸਾ ਦਾ ਮੈਂਬਰ ਨਹੀਂ ਹੈ । ਉਹ ਭਾਈ ਕਰਮਜੀਤ ਸਿੰਘ ਸਿੱਖਾਂ ਵਾਲਾ ਦੀ ਉਸ ਟੀਮ ਦਾ ਹਿੱਸਾ ਹੈ ਜੋ ਤਵਾਰੀਖ ਬੱਬਰ ਖਾਲਸਾ ਲਿਖਣ ਲਈ ਉਸ ਦਾ ਸਹਿਯੋਗ ਕਰ ਰਹੀ ਹੈ । ਇਸ ਕਾਰਜ ਵਿੱਚ ਖੱਲਲ੍ਹ ਪਾਉਣ ਲਈ ਹੀ ਕੰਵਰਜੀਤ ਸਿੰਘ ਨੂੰ ਬਦਨਾਮ ਕਰਕੇ ਆਪਸ ਵਿੱਚ ਲੜਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ । ਉਨ੍ਹਾਂ ਕਿਹਾ ਕਿ ਵਰਤ ਰਹੇ ਮੌਜੂਦਾ ਵਰਤਾਰਿਆਂ ਤੋ ਸਾਰਿਆਂ ਨੂੰ ਸਾਵਧਾਨ ਰਹਿਣ ਦੀ ਲੋੜ ਹੈ ਅੰਤ ਵਿੱਚ ਸਾਰੇ ਸੂਝਵਾਨ ਅਤੇ ਸੁਰਹਿੱਦਤਾ ਨਾਲ ਇਤਿਹਾਸ ਅਤੇ ਯੋਧਿਆਂ ਦੀਆਂ ਗਥਾਵਾਂ ਲਿਖਣ ਵਾਲੇ ਵੀਰਾਂ ਨੂੰ ਬੇਨਤੀ ਹੈ ਕਿ ਆਪਣੀਆਂ ਕਲਮਾਂ ਦੇ ਮੂੰਹ ਦੁਸ਼ਮਣ ਵੱਲ ਰੱਖੋ ਨਾ ਕਿ ਆਪਣਿਆਂ ਵੱਲ, ਆਪਸੀ ਪ੍ਰੇਮਪਿਆਰ ਨਾਲ ਰਹੋ, ਅਗਰ ਕਿਸੇ ਨੂੰ ਕਿਸੇ ਤੇ ਗਿਲਾ ਸ਼ਿਕਵਾ ਹੈ ਤਾਂ ਸੋਸ਼ਲ ਮੀਡੀਏ ਜਾਣ ਦੀ ਬਜਾਏ ਪਹਿਲਾਂ ਪੰਥਕ ਸਿੰਘਾ ਨਾਲ ਰਾਬਤਾ ਕਰੋ ਹਰੇਕ ਮਸਲੇ ਦਾ ਹੱਲ ਜਰੂਰ ਹੁੰਦਾ ਹੈ। ਜਿਕਰਯੋਗ ਹੈ ਕਿ ਜਥੇਦਾਰ ਅਜੈਬ ਸਿੰਘ ਬਾਗੜੀ ਵਿਦੇਸ਼ੀ ਸਘੰਰਸ਼ੀ ਸਿੰਘਾ ਨਾਲ ਸਲਾਹ ਮਸ਼ਵਰਾ ਕਰਕੇ ਸਹਿਮਤੀ ਨਾਲ ਮੀਡੀਆ ਨੂੰ ਮੁਖਾਤਿਬ ਹੋਏ ਸਨ।

ਆਵਾਜ਼ਿ ਕੌਮ AWAZE QAUM International Newspaper & WEB TV





Nankana Sahib Yatra Committe Uk
Pakistan Gurdwara Yatra
28th October to 7th November 2025
Yatra Includes 25+ Gurudwara Sahib Darshan.
Accommodation in hotels and travel within Pakistan and Yatra Start to Finish Point in AC Coaches
ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ
£1050
Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.
Note: It does not include flight ticket and insurance, it has to be done by the passenger himself.
ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।
ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।
★-- ਗੁਰੂ ਪੰਥ ਦੇ ਸੇਵਾਦਾਰ --★
ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK
• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
• ਭਾਈ ਬਲਜੀਤ ਸਿਘ ਕੰਗ/Bhai Baljit Singh Kang
+44 7780 605230
• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

ਸੰਘਰਸ਼ੀ ਸਿੱਖ ਭਾਈ ਗੁਰਤੇਜ ਸਿੰਘ ਜੋਗੇਵਾਲਾ ਬਠਿੰਡਾ ਦੀ ਮਾਤਾ ਗੁਰਦੇਵ ਕੌਰ ਦੀ ਅੰਤਿਮ ਅਰਦਾਸ ਮੌਕੇ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਵੱਲੋਂ ਸ਼ਰਧਾਂਜਲੀ ਭੇਂਟ









ਸੰਘਰਸ਼ੀ ਸਿੱਖ ਭਾਈ ਗੁਰਤੇਜ ਸਿੰਘ ਜੋਗੇਵਾਲਾ ਬਠਿੰਡਾ ਦੀ ਮਾਤਾ ਗੁਰਦੇਵ ਕੌਰ ਦੀ ਅੰਤਿਮ ਅਰਦਾਸ ਸਮੇਂ ਸ਼ਰਧਾਂਜਲੀ ਭੇਂਟ ਕਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਿੱਖ ਸੰਗਤ।

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸ਼ਹੀਦ ਬਾਬੂ ਲਾਭ ਸਿੰਘ ਯਾਦਗਾਰੀ ਨਰਸਿੰਗ ਸਕੂਲ ਜਲੰਧਰ ਵਿਖੇ

# ਆਮ ਆਦਮੀ ਕਲੀਨਿਕਾਂ ਲਈ ਦੂਜੇ ਦਿਨ ਵੀ ਮੈਡੀਕਲ ਅਫ਼ਸਰਾਂ ਦੀ ਇੰਟਰਵਿਊ ਹੋਈ




**ਜਲੰਧਰ, 11 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਆਮ ਆਦਮੀ ਕਲੀਨਿਕਾਂ ਲਈ ਮੈਡੀਕਲ ਅਫ਼ਸਰਾਂ ਦੀ ਇੰਟਰਵੀਊ ਸ਼ਹੀਦ ਬਾਬੂ ਲਾਭ ਸਿੰਘ ਯਾਦਗਾਰੀ ਨਰਸਿੰਗ ਸਕੂਲ ਜਲੰਧਰ ਵਿਖੇ ਹੋਈ।ਮਾਨਯੋਗ ਐਸ.ਡੀ.ਐਮ. ਆਦਮਪੁਰ ਸ੍ਰੀ ਵਿਵੇਕ ਕੁਮਾਰ ਮੋਦੀ ਆਈ.ਏ.ਐਸ., ਸਿਵਲ ਸਰਜਨ ਜਲੰਧਰ ਡਾ. ਗੁਰਮੀਤ ਲਾਲ ਦੀ ਪ੍ਰਧਾਨਗੀ ਹੇਠ ਇੰਟਰਵਿਊ ਪੂਰੇ ਪਾਰਦਰਸ਼ੀ ਢੰਗ ਨਾਲ ਹੋਈ। ਤਿੰਨ ਮੈਂਬਰੀ ਕਮੇਟੀ ਵਿੱਚ ਸਹਾਇਕ ਸਿਵਲ ਸਰਜਨ ਡਾ. ਜੋਤੀ ਫੁਕੇਲਾ ਵੀ ਸ਼ਾਮਲ ਸਨ। ਇਸ ਤਿੰਨ ਮੈਂਬਰੀ ਕਮੇਟੀ ਵੱਲੋਂ ਇੰਟਰਵਿਊ ਪ੍ਰਕਿਰਿਆ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਗਿਆ। ਸਿਵਲ ਸਰਜਨ ਡਾ. ਗੁਰਮੀਤ ਲਾਲ ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਜਿਲ੍ਹੇ ਵਿੱਚ ਆਮ ਆਦਮੀ ਕਲੀਨਿਕ, ਤਲਵਣ ਵਿਖੇ ਲੋਕ ਹਿੱਤ ਦੇ ਮੱਦੇਨਜਰ ਖਾਲੀ ਪਈ ਮੈਡੀਕਲ ਅਫ਼ਸਰ ਦੀ ਆਸਾਮੀ ਭਰਨ ਲਈ ਇਹ ਇੰਟਰਵਿਊ ਪ੍ਰਕਿਰਿਆ ਰੱਖੀ ਗਈ।ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਨਿਰਧਾਰਿਤ ਤਿੰਨ ਟੀਮਾਂ ਵੱਲੋਂ ਕਾਊਂਸਲਿੰਗ ਦੌਰਾਨ ਉਮੀਦਵਾਰਾਂ ਦੇ ਅਸਲ ਦਸਤਾਵੇਜਾਂ ਦੀ ਜਾਂਚ ਕੀਤੀ ਗਈ ਅਤੇ ਕਾਊਂਸਲਿੰਗ ਪ੍ਰਕਿਰਿਆ ਸੁਚਾਰੂ ਢੰਗ ਨਾਲ ਚੱਲੀ। ਸਿਵਲ ਸਰਜਨ ਵੱਲੋਂ ਦੱਸਿਆ ਗਿਆ ਕਿ ਮੈਡੀਕਲ ਅਫ਼ਸਰ ਦੀਆਂ ਆਸਾਮੀਆਂ ਲਈ 21 ਉਮੀਦਵਾਰਾਂ ਵੱਲੋਂ ਅਪਲਾਈ ਕੀਤਾ ਗਿਆ ਜਿਨ੍ਹਾ ਵਿੱਚੋਂ 20 ਉਮੀਦਵਾਰਾਂ ਦੀ ਇੰਟਰਵਿਊ ਲਈ ਗਈ, ਇੰਟਰਵਿਊ ਦੌਰਾਨ ਮੌਕੇ 'ਤੇ ਇੱਕ ਉਮੀਦਵਾਰ ਗੈਰਹਾਜ਼ਰ ਪਾਇਆ ਗਿਆ। ਸਿਵਲ ਸਰਜਨ ਵੱਲੋਂ ਦੱਸਿਆ ਗਿਆ ਕਿ 17 ਮਾਰਚ, 2025 ਨੂੰ ਇਸ ਇੰਟਰਵਿਊ ਦਾ ਨਤੀਜਾ ਘੋਸ਼ਿਤ ਕੀਤਾ ਜਾਵੇਗਾ।

# ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਫ਼ਗਵਾੜਾ ਦੇ ਭੱਟੀ ਪ੍ਰਧਾਨ ਅਤੇ ਕੌੜਾ ਜਨਰਲ ਸਕੱਤਰ ਚੁਣੇ ਗਏ




## ਸਮੂਹ ਪੈਨਸ਼ਨਰ ਨੂੰ ਪੇ ਕਮਿਸ਼ਨ ਦੇ ਬਕਾਏ ਯਕਮੁਸ਼ਤ ਇੱਕੋ ਵਾਰ ਦੇਣ ਦੀ ਕੀਤੀ ਜ਼ੋਰਦਾਰ ਮੰਗ

**ਜਲੰਧਰ (ਫਗਵਾੜਾ), 11 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫ਼ਗਵਾੜਾ ਦੀ ਮਾਸਿਕ ਮੀਟਿੰਗ ਪ੍ਰਧਾਨ ਮੋਹਣ ਸਿੰਘ ਭੱਟੀ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਦੇ ਸ਼ੁਰੂ ਵਿੱਚ ਸਵਰਗੀ ਪੈਨਸ਼ਨਰ ਆਗੂ ਸਾਧੂ ਸਿੰਘ ਜੱਸਲ ਦੇ ਮਾਤਾ ਜੀ ਸ੍ਰੀ ਮਤੀ ਚਰਨ ਕੌਰ ਦੇ ਸਦੀਵੀ ਵਿਛੋੜੇ 'ਤੇ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਦਿੱਤੀ ਗਈ ਅਤੇ ਪਰਿਵਾਰਕ ਮੈਂਬਰਾਂ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਮੀਟਿੰਗ ਵਿੱਚ ਹਾਜ਼ਰ ਮੈਂਬਰਾਂ ਨੇ ਸਾਂਝੇ ਤੌਰ 'ਤੇ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਨੂੰ ਛੇਵੇਂ ਪੇ ਕਮਿਸ਼ਨ ਦੇ 66 ਮਹੀਨਿਆਂ ਦੇ ਲੰਬੇ ਸਮੇਂ ਤੋਂ ਲਟਕਦੇ ਬਕਾਏ ਯਕਮੁਸ਼ਤ ਇੱਕੋ ਹੀ ਵਾਰ ਪੂਰੇ ਬਕਾਏ ਦੇਣ ਦੀ ਜ਼ੋਰਦਾਰ ਮੰਗ ਕੀਤੀ ਕਿਉਂਕਿ ਪਿਛਲੇ ਲੰਬੇ ਸਮੇਂ ਤੋਂ ਬਕਾਏ ਮਿਲਣ ਨੂੰ ਉਡੀਕਦੇ ਉਡੀਕਦੇ ਲੱਗ ਭੱਗ 35000 ਹਜ਼ਾਰ ਪੈਨਸ਼ਨਰ ਇਸ ਦੁਨੀਆਂ ਨੂੰ ਛੱਡ ਕੇ ਸਵਰਗ ਸਿਧਾਰ ਚੁੱਕੇ ਹਨ।ਆਗੂਆਂ ਨੇ ਕਿਹਾ ਕਿ ਜੇ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਮੰਨਣ ਅਤੇ ਲਾਗੂ ਕਰਨ ਲਈ ਤੁਰੰਤ ਗੰਭੀਰਤਾ ਨਾ ਦਿਖਾਈ ਤਾਂ ਪੰਜਾਬ ਵਿੱਚ ਵੀ ਆਮ ਆਦਮੀ ਪਾਰਟੀ ਦਾ ਦਿੱਲੀ ਤੋਂ ਵੀ ਜ਼ਿਆਦਾ ਬੁਰਾ ਹਾਲ ਹੋਵੇਗਾ। ਇੱਕ ਵੱਖਰਾ ਮਤਾ ਪਾਸ ਕਰਕੇ ਸਰਕਾਰੀ ਹਸਪਤਾਲਾਂ ਨੂੰ ਨਿੱਜੀ ਹੱਥਾਂ ਵਿੱਚ ਦੇਣ ਦੇ ਪੰਜਾਬ ਸਰਕਾਰ ਦੇ ਬਿਆਨ ਦੀ ਜ਼ੋਰਦਾਰ ਨਿਖੇਧੀ ਕਰਦੇ ਹੋਏ ਮੰਗ ਕੀਤੀ ਗਈ ਕਿ ਆਪਣੇ ਕੀਤੇ ਹੋਏ ਚੋਣ ਵਾਅਦੇ ਅਨੁਸਾਰ ਪੰਜਾਬ ਸਰਕਾਰ ਆਪਣੇ ਖਰਚੇ ਅਤੇ ਜ਼ਿੰਮੇਵਾਰੀ 'ਤੇ ਪੰਜਾਬ ਦੇ ਨਾਗਰਿਕਾਂ ਨੂੰ ਵਧੀਆ ਸਿਹਤ ਸਹੂਲਤਾਂ ਦੇਣ ਦਾ ਤੁਰੰਤ ਪ੍ਰਬੰਧ ਕਰੇ।ਦੂਜਾ ਮਤਾ ਪਾਸ ਕਰਦੇ ਹੋਏ ਫ਼ਗਵਾੜਾ ਵਿਖੇ ਜਨਤਕ ਜਥੇਬੰਦੀਆਂ ਵੱਲੋਂ 23 ਮਾਰਚ ਨੂੰ ਸ਼ਹੀਦ -ਏ-ਆਜ਼ਮ ਸ.ਭਗਤ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਉਣ ਦੇ ਉਲੀਕੇ ਗਏ ਪ੍ਰੋਗਰਾਮ ਵਿੱਚ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ।ਮੀਟਿੰਗ ਵਿੱਚ 17 ਮਾਰਚ ਨੂੰ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ (ਰਜਿ)ਦੀ ਹੋਣ ਵਾਲੀ ਚੋਣ ਵਿੱਚ ਭਾਗ ਲੈਣ ਵਾਲੇ ਡੈਲੀਗੇਟਾਂ ਨੂੰ ਸਮੇਂ ਸਿਰ ਪੈਨਸ਼ਨਰ ਭਵਨ ਲੁਧਿਆਣਾ ਵਿਖੇ ਪੁੱਜਣ ਦੀ ਅਪੀਲ ਵੀ ਕੀਤੀ ਗਈ। ਹਾਜ਼ਰ ਮੈਂਬਰਾਂ ਨਾਲ ਆਮਦਨ/ਖ਼ਰਚ ਦੇ ਵੇਰਵੇ ਸਾਂਝੇ ਕਰਦੇ ਹੋਏ ਕੀਤੇ ਗਏ ਖਰਚੇ ਪਾਸ ਕੀਤੇ ਗਏ।ਮੀਟਿੰਗ ਦੇ ਆਖ਼ਰ ਵਿੱਚ ਅਗਲੇ ਦੋ ਸਾਲਾਂ ਲਈ ਐਸੋਸੀਏਸ਼ਨ ਦੀ ਚੋਣ ਕਰਨ ਲਈ ਪੁਰਾਣੀ ਕਮੇਟੀ ਨੂੰ ਭੰਗ ਕਰ ਦਿੱਤਾ ਅਤੇ ਚੋਣ ਪ੍ਰਕਿਰਿਆ ਪੂਰੀ ਕਰਨ ਲਈ ਬੇਨਤੀ ਕੀਤੀ। ਐਸੋਸੀਏਸ਼ਨ ਦੇ ਸੀਨੀਅਰ ਮੈਂਬਰ ਕਰਨੈਲ ਸਿੰਘ ਸੰਧੂ ਵਲੋਂ ਪੇਸ਼ ਕੀਤੇ ਗਏ ਚੋਣ ਪੈਨਲ ਨੂੰ ਸਰਬ ਸੰਮਤੀ ਨਾਲ ਪਾਸ ਕਰਦੇ ਹੋਏ ਕਰਨੈਲ ਸਿੰਘ ਸੰਧੂ ਸਰਪ੍ਰਸਤ,ਮੋਹਣ ਸਿੰਘ ਭੱਟੀ ਪ੍ਰਧਾਨ, ਕੁਲਦੀਪ ਸਿੰਘ ਕੌੜਾ ਜਨਰਲ ਸਕੱਤਰ ਦੂਜੀ ਵਾਰ,ਵਿੱਤ ਸਕੱਤਰ ਗੁਰਨਾਮ ਸਿੰਘ ਸੈਣੀ, ਪ੍ਰੈੱਸ ਸਕੱਤਰ ਸੀਤਲ ਰਾਮ ਬੰਗਾ, ਜਥੇਬੰਦਕ ਸਕੱਤਰ ਨਿਰਮੋਲਕ ਸਿੰਘ ਹੀਰਾ,ਐਡੀਟਰ ਕ੍ਰਿਸ਼ਨ ਗੋਪਾਲ ਚੋਪੜਾ, ਸੀਨੀਅਰ ਮੀਤ ਪ੍ਰਧਾਨ ਪ੍ਰਮੋਦ ਕੁਮਾਰ ਜੋਸ਼ੀ, ਜੁਆਇੰਟ ਸਕੱਤਰ ਸਤਪਾਲ ਸਿੰਘ ਖੱਟਕੜ,ਕੇ ਕੇ ਪਾਂਡੇ ਅਤੇ ਹਰਭਜਨ ਲਾਲ ਕੌਲ ਕਮੇਟੀ ਮੈਂਬਰ ਆਦਿ ਅਹੁਦੇਦਾਰ ਚੁਣੇ ਗਏ।ਇਸ ਸਮੇਂ ਹੋਰਨਾਂ ਤੋਂ ਇਲਾਵਾ ਜਸਪਾਲ ਸਿੰਘ ਗਰੇਵਾਲ,ਜਸਵਿੰਦਰ ਸਿੰਘ ਫਗਵਾੜਾ, ਗੁਰਮੀਤ ਰਾਮ ਲੁੱਗਾ,ਕੇ ਕੇ ਪਾਂਡੇ, ਹਰਭਜਨ ਲਾਲ ਕੌਲ,ਨਰੇਸ਼ ਰਵੀ ਕਰ ਆਦਿ ਪੈਨਸ਼ਨਰ ਸਾਥੀ ਹਾਜ਼ਰ ਹੋਏ।

## ਕਵਿਤਾ/ਗੀਤ



# ਅੱਜ ਦੀ ਜਿੰਦਗੀ, ਕੱਲ੍ਹ ਦੀ ਉਮੀਦ

**-ਲਿਖਤੁਮ: ਜਗਸੀਰ ਸਰਾਂ ਕਿਉਲ, +9194631-22228**

ਅੱਜ ਦੀ ਜਿੰਦਗੀ, ਕੱਲ੍ਹ ਦੀ ਉਮੀਦ ਸੱਜਣਾ।
ਮਾਂ ਮੇਹਨਤੀ, ਮਜਬੂਰ, ਛੇਤੀ ਤਿਆਗਣ ਨੀਂਦ ਸੱਜਣਾ।

ਪਤਾ ਨਹੀਂ ਕਿਹੜੇ ਅੰਬਰਾਂ 'ਤੇ ਚੜ੍ਹ ਜਾਵੇ,
ਬੇਵੱਸ ਹੁੰਦੀ ਏ, ਜਵਾਨੀ ਵਾਲੀ ਪੀਂਘ ਸੱਜਣਾ।

ਖੁਦਾ ਦੇ ਦੀਦਾਰ ਤੋਂ, ਘੱਟ ਨਹੀਂ ਜਾਪਦੀ,
ਮੁੱਦਤਾਂ ਤੋਂ ਵਿਛੜੇ ਹੋਏ ਦੀ, ਦੀਦ ਸੱਜਣਾ।

ਉਹ ਡਾਹਢੇ ਹੁੰਦੇ ਨੇ, ਅਮੀਰ ਦਿਲਾਂ ਦੇ,
ਜਿਹੜੇ ਹੋਣ ਹਕੀਕੀ ਇਸ਼ਕ ਦੇ, ਮੁਰੀਦ ਸੱਜਣਾ।

ਕਿਹੜੇ ਵੇਲੇ, ਕਿਹੜੇ ਮੋੜ 'ਤੇ, ਬਾਜੀ ਪਲਟ ਜਾਵੇ,
ਸਮੇਂ ਨੂੰ ਸਕਦਾ ਨਹੀਂ, ਕੋਈ ਖਰੀਦ ਸੱਜਣਾ।

ਖੁਦਕੁਸ਼ੀਆਂ ਦੀ ਤਾਂ ਹੁੰਦੀ ਐ, ਮਿੱਟੀ ਪਲੀਤ,
ਇਤਿਹਾਸ ਸਿਰਜਦੇ ਜੋ, ਹੁੰਦੇ ਨੇ ਸ਼ਹੀਦ ਸੱਜਣਾ।

ਮਰੇ ਮੁੱਕਰੇ ਦੀ 'ਸਰਾਂ' ਕੋਈ ਦਵਾ (ਦਾਰੂ) ਨਾ ਹੋਵੇ,
ਪੱਥਰ ਦਿਲਾਂ ਅੱਗੇ ਕਰੀਦੀ ਨਹੀਂ, ਤਾਕੀਦ ਸੱਜਣਾ।

ਆਵਾਜ਼ਿ ਕੌਮ AWAZE QAUM International Newspaper & WEB TV

## ਸੰਜੀਵ ਅਰੋੜਾ ਦੀ ਅਗਵਾਈ ਵਿੱਚ ਹੁਸ਼ਿਆਰਪੁਰ ਸ਼ਾਖਾ ਉੱਤਮ ਸੇਵਾ ਪਦਕ ਨਾਲ ਸਨਮਾਨਤ

**ਹੁਸ਼ਿਆਰਪੁਰ, 11 ਮਾਰਚ (ਆਵਾਜ਼ਿ ਕੌਮ ਬਿਊਰੋ)**-ਭਾਰਤ ਵਿਕਾਸ ਪਰਿਸ਼ਦ ਪੰਜਾਬ ਪੱਛਮੀ ਵਲੋਂ ਵੱਖ-ਵੱਖ ਸ਼ਾਖਾਵਾਂ ਦੇ ਵਧੀਆ ਕੰਮ ਕਰਨ ਲਈ ਸਨਮਾਨਤ ਕਰਨ ਦੇ ਉਦੇਸ਼ ਨਾਲ ਇਕ ਸਨਮਾਨ ਸਮਾਰੋਹ ਦਾ ਆਯੋਜਨ ਸੂਬਾਈ ਪ੍ਰਧਾਨ ਸ਼੍ਰੀ ਰਾਜ ਕੁਮਾਰ ਚੌਧਰੀ ਦੀ ਅਗਵਾਈ ਵਿੱਚ ਬਲਾਚੌਰ ਵਿਖੇ ਕੀਤਾ ਗਿਆ। ਜਿਸ ਵਿੱਚ ਵੱਖ-ਵੱਖ ਸ਼ਾਖਾਵਾਂ ਨੂੰ ਵਧੀਆ ਕੰਮ ਕਰਨ 'ਤੇ ਸਨਮਾਨਤ ਕੀਤਾ ਗਿਆ।ਇਸ ਵਿੱਚ ਕੌਮੀ ਅਧਿਕਾਰੀ ਸ਼੍ਰੀ ਰਜਿੰਦਰ ਰਿਸ਼ੀ, ਅਰੁਣਾ ਪੁਰੀ, ਰਮੇਸ਼ ਵਿਜ, ਡਾ. ਅਨਿਲ ਕਾਲੀਆ ਖਾਸ ਤੌਰ 'ਤੇ ਮੌਜੂਦ ਸਨ।ਮੀਟਿੰਗ ਦੀ ਸ਼ੁਰੂਆਤ ਖਾਸ ਮਹਿਮਾਨਾਂ ਵੱਲੋਂ ਦੀਵਾ ਜਗਾ ਕੇ ਅਤੇ ਵੰਦੇ ਮਾਤਰਮ ਨਾਲ ਹੋਈ। ਇਸ ਮੌਕੇ 'ਤੇ ਜ਼ਿਲਾ ਸਕੱਤਰ ਸਤਪਾਲ ਸ਼ਰਮਾ ਵੱਲੋਂ ਵੱਖ-ਵੱਖ ਸ਼ਾਖਾਵਾਂ ਦੀ ਰਿਪੋਰਟ ਪੜ੍ਹੀ ਗਈ। ਜਿਸ ਤਹਿਤ ਹੁਸ਼ਿਆਰਪੁਰ ਸ਼ਾਖਾ ਨੂੰ ਪ੍ਰਧਾਨ ਅਤੇ ਉੱਘੇ ਸਮਾਜ ਸੇਵੀ ਸੰਜੀਵ ਅਰੋੜਾ ਦੀ ਅਗਵਾਈ ਵਿੱਚ ਉੱਤਮ ਸੇਵਾ ਪਦਕ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਸੂਬਾਈ ਪ੍ਰਧਾਨ ਸ਼੍ਰੀ ਰਾਜ ਕੁਮਾਰ ਚੌਧਰੀ ਨੇ ਹੁਸ਼ਿਆਰਪੁਰ ਸ਼ਾਖਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸੰਜੀਵ ਅਰੋੜਾ ਦੀ ਅਗਵਾਈ ਵਿੱਚ ਸ਼ਾਖਾ ਬਹੁਤ ਹੀ ਵਧੀਆ ਕੰਮ ਕਰ ਰਹੀ ਹੈ। ਜਿਸ ਵਿੱਚ ਨੇਤ੍ਰਦਾਨ,ਰੁੱਖ ਲਗਾਉਣ,ਪਾਣੀ ਬਚਾਓ ਮੁਹਿੰਮ, ਵਾਤਾਵਰਣ, ਮੈਡੀਕਲ ਕੈਂਪ, ਦਾਜ਼ ਪ੍ਰਥਾ, ਟ੍ਰੈਫਿਕ ਜਾਗਰੂਕਤਾ,ਸ਼ਹੀਦਾਂ ਦੀ ਬਰਸੀਆਂ ਮਨਾਉਣਾ, ਸਫਾਈ ਮੁਹਿੰਮ, ਨਸ਼ਿਆਂ ਦੇ ਵਿਰੁੱਧ, ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੀ ਸ਼ਾਦੀ ਲਈ ਸਹਾਇਤਾ ਸਮਗਰੀ ਪ੍ਰਦਾਨ ਕਰਨਾ ਆਦਿ ਕਈ ਪ੍ਰੋਜੈਕਟ ਚਲਾਏ ਜਾਂਦੇ ਹਨ।

# ਸ੍ਰੀ ਅਕਾਲ ਤੱਖਤ ਸਾਹਿਬ ਦੀ ਮਾਣ-ਮਰਿਯਾਦਾ,ਸਿਧਾਂਤ ਅਤੇ ਵਿਧੀ ਵਿਧਾਨ ਦਾ ਘਾਣ ਕਰਨ ਵਾਲੀਆਂ ਸ਼ਕਤੀਆ ਵਿਰੁੱਧ ਫਿਰੋਜ਼ਪੁਰ 'ਚ ਸੰਗਤਾਂ,ਸਿੱਖ ਜਥੇਬੰਦੀਆਂ,ਕਿਸਾਨ ਯੂਨੀਅਨ ਵੱਲੋ ਰੋਸ ਪ੍ਰਦਰਸ਼ਨ

## ਸ੍ਰੀ ਅਕਾਲ ਤਖਤ ਮਹਾਨ ਹੈ ਸਿੱਖ ਪੰਥ ਦੀ ਸ਼ਾਨ ਹੈ : ਇੰਟਰਨੈਸ਼ਨਲ ਪੰਥਕ ਦਲ ਬਾਬਾ ਸਤਨਾਮ ਸਿੰਘ ਵੱਲੀਆਂ



**ਅੰਮ੍ਰਿਤਸਰ, 11 ਮਾਰਚ ( ਕੁਲਵੰਤ ਸਿੰਘ ਵਿਰਦੀ)**-ਅੱਜ ਇੰਟਰਨੈਸ਼ਨਲ ਪੰਥਕ ਦਲ ਦੇ ਧਾਰਮਿਕ ਵਿੰਗ ਦੇ ਪੰਜਾਬ ਪ੍ਰਧਾਨ ਬਾਬਾ ਸਤਨਾਮ ਸਿੰਘ ਵੱਲੀਆਂ ਨੇ ਪ੍ਰੈਸ ਨੋਟ ਜਾਰੀ ਕਰਦਿਆਂ ਹੋਇਆਂ ਜਾਣਕਾਰੀ ਸਾਂਝੀ ਕੀਤੀ ਜਿਸ ਪ੍ਰੈਸ ਨੋਟ ਵਿੱਚ ਮਿਤੀ 12 ਮਾਰਚ ਦਿਨ ਬੁੱਧਵਾਰ ਦੁਪਹਿਰ ਦੇ ਸਮੇਂ 12 ਵਜੇ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਫਿਰੋਜਪੁਰ ਵਿਖੇ,ਇਲਾਕੇ ਦੀਆਂ ਸਿੱਖ ਸੰਗਤਾ,ਸਿੱਖ ਜਥੇਬੰਧੀਆਂ, ਅਤੇ ਕਿਸਾਨ ਯੂਨੀਅਨ ਵੱਲੋ ਦਰਸਾਇਆ ਗਿਆ ਕਿ ਸਿੱਖਾ ਦੀ ਸਿਰਮੌਰ ਸੰਸਥਾ ਸ੍ਰੀ ਅਕਾਲ ਤਖਤ ਦੀ ਮਾਨ ਮਰਿਯਾਦਾ,ਸਿਧਾਂਤਾਂ ਅਤੇ ਵਿਧੀ ਵਿਧਾਨ ਦਾ ਘਾਣ ਕਰਨ ਵਾਲੀਆਂ ਸ਼ਕਤੀਆ ਵਿਰੁੱਧ ਪੰਜ ਸਿੰਘਾ ਦੀ ਅਗਵਾਹੀ ਹੇਠ ਵੱਡੇ ਪੱਧਰ ਤੇ ਰੋਸ ਪਰਦਰਸ਼ਨ ਕੀਤਾ ਜਾ ਰਿਹਾ ਹੈ । ਸਾਡਾ ਸਾਰਿਆਂ ਦਾ ਫਰਜ ਬਣਦਾ ਹੈ ਕਿ ਅਸੀਂ ਸ੍ਰੀ ਅਕਾਲ ਤਖਤ ਸਾਹਿਬ ਦੀ ਸਰਵਉੱਚਤਾ ਮਾਣ ਮਰਿਯਾਦਾ/ਸਿਧਾਤਾਂ ਦੀ ਰਾਖੀ ਲਈ ਆਪਣਾ ਬਣਦਾ ਯੋਗਦਾਨ ਪਾਈਏ। ਸਮੂਹ ਪੰਥ ਦਰਦੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਦਿੱਤੇ ਗਏ ਪ੍ਰੋਗਰਾਮ ਅਨੁਸਾਰ ਸਮੇਂ ਸਿਰ ਪਹੁੰਚ ਕੇ ਸਿੱਖ ਵਿਰੋਧੀ ਸ਼ਕਤੀਆਂ ਦਾ ਰੋਸ ਪਰਦਰਸ਼ਨ ਕਰਕੇ ਮੂੰਹ ਤੋੜਵਾਂ ਜਵਾਬ ਦਈਏ। ਇਸ ਪ੍ਰਦਰਸ਼ਨ ਵਿਚ ਮਹਾਂ ਪੰਚਾਇਤ ਪੰਜਾਬ, ਭਾਈ ਬਲਕਾਰ ਸਿੰਘ ਜੀ ਮੁੱਖੀ ਪੰਜ ਪਿਆਰੇ ਫਿਰੋਜਪੁਰ, ਬਾਬਾ ਸਤਨਾਮ ਸਿੰਘ ਜੀ ਵੱਲੀਆਂ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ,ਸਰਦਾਰ ਗੁਰਚਰਨ ਸਿੰਘ ਭੁੱਲਰ ਪ੍ਰਧਾਨ ਅਕਾਲੀਦਲ ਸ੍ਰੀ ਅੰਮ੍ਰਿਤਸਰ,ਸਰਦਾਰ ਜਸਬੀਰ ਸਿੰਘ ਅਕਾਲੀ ਦਲ ਵਾਰਸ ਪੰਜਾਬ, ਭਾਈ ਦਲੇਰ ਸਿੰਘ ਪ੍ਰਧਾਨ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ, ਭਾਈ ਲਖਵੀਰ ਸਿੰਘ ਮਹਾਲਮ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ, ਭਾਈ ਸੁਖਦੇਵ ਸਿੰਘ ਦਮਦਮੀ ਟਕਸਾਲ,ਫੌਜੀ ਅਫਸਰ ਚਰਨ ਸਿੰਘ ਜੀ ਕੀਰਤੀ ਚੱਕਰ, ਦਵਿੰਦਰ ਸਿੰਘ ਸੇਖੋਂ ਜਰਨਲ ਸਕੱਤਰ ਮਿਸ਼ਲ ਸੱਤਲੁਜ ਪੰਜਾਬ,ਬਾਬਾ ਬੋਹੜ ਸਿੰਘ ਜੀ ਤੂਤ, ਬਾਬਾ ਦਿਲਬਾਗ ਸਿੰਘ ਜੀ ਦਲ ਪੰਥ ਬਿਧੀਚੰਦ, ਸਰਦਾਰ ਬਾਬੂ ਸਿੰਘ ਬਰਾੜ ਉਘੇ ਲੇਖਕ, ਪ੍ਰਧਾਨ ਸ੍ਰ: ਇੱਕਬਾਲ ਸਿੰਘ ਸੱਪਾਵਾਲੀ, ਪ੍ਰਧਾਨ ਸ੍ਰ: ਗੁਰਮੀਤ ਸਿੰਘ ਘੋੜੇ ਚੱਕ, ਅਤੇ ਸ੍ਰ: ਬਲਬੀਰ ਸਿੰਘ ਬੀ.ਕੇ.ਯੂ,ਸਿਧੂਪੁਰ, ਬਾਬਾ ਅਵਤਾਰ ਸਿੰਘ ਸਾਧਾਵਾਲਾ, ਬਲਾਕ ਪ੍ਰਧਾਨ ਗੁਰਮੇਲ ਸਿੰਘ ਸੰਘਰਸ਼ ਕਮੇਟੀ ਪੰਜਾਬ, ਸ੍ਰ: ਬਲਵਿੰਦਰ ਸਿੰਘ ਲੋਕ ਅਧਿਕਾਰ ਪੰਜਾਬ, ਸਰਦਾਰ ਅਵਤਾਰ ਸਿੰਘ ਮਹਮਾ ਭਾਰਤੀ ਕਿਸਾਨ ਯੂਨੀਅਨ ਕਰਾਂਤੀਕਾਰੀ ਆਦਿ ਦੇ ਸਹਿਯੋਗ ਸਦਕਾ ਆਪਣੀ ਅਵਾਜ਼ ਨੂੰ ਬੁਲੰਦ ਕਰਨ ਲਈ ਸੰਗਤਾਂ ਦਾ ਭਾਰੀ ਇਕੱਠ ਕਰਕੇ ਬਾਦਲਕਿਆਂ ਵੱਲੋਂ ਸ੍ਰੀ ਆਕਾਲ ਤਖਤ ਸਾਹਿਬ ਜੀ ਦੀ ਮਾਣ ਮਰਿਆਦਾ ਨੂੰ ਢਾਲ ਲਾਉਣ ਤੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

## ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦਾ ਸਰਬੱਤ ਸੰਗਤਾਂ ਦੇ ਵਿਰੋਧ ਦੇ ਬਾਵਜੂਦ ਆਹੁਦੇ ਤੇ ਬਿਰਾਜਮਾਨ ਹੋਣਾ ਇਤਿਹਾਸਕ ਕਾਲਾ ਦਿਨ ਸਾਬਤ ਹੋਵੇਗਾ : ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ, 11 ਮਾਰਚ ( ਕੁਲਵੰਤ ਸਿੰਘ ਵਿਰਦੀ)**-ਬਾਦਲਕਿਆਂ ਵੱਲੋਂ ਗੈਰ ਸਿਧਾਂਤਕ ਤੌਰ ਤੇ ਇੱਕ ਮਹੀਨੇ 'ਚ ਤਿੰਨ ਜਥੇਦਾਰਾਂ ਨੂੰ ਬਦਲਣਾ ਅਤੇ ਨਵੇਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਨਿਯੁਕਤੀ ਚੋਰ ਮੋਰੀ ਰਾਹੀਂ ਕਰਕੇ ਦੁਨੀਆਂ ਭਰ ਦੇ ਸਿੱਖਾਂ ਦੀਆਂ ਬਾਦਲਕਿਆਂ ਬਹੁਤ ਹੀ ਫਿੱਟ ਲਾਹਨਤਾਂ ਪ੍ਰਾਪਤ ਕੀਤੀਆਂ ਹਨ ਅਤੇ ਸਮੂਹ ਨਿਹੰਗ ਸਿੰਘ ਜਥੇਬੰਦੀਆਂ, ਦਮਦਮੀ ਟਕਸਾਲ,ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨਾਂ, ਸਾਬਕਾ ਧਰਮੀ ਫੌਜੀਆਂ ਤੇ ਹੋਰ ਦੇਸ਼ਾਂ ਵਿਦੇਸ਼ਾਂ ਦੀਆਂ ਜਗਦੀ ਜ਼ਮੀਰ ਵਾਲੀਆਂ ਸੰਗਤਾਂ ਸਮੇਤ ਧਾਰਮਿਕ ਆਗੂਆਂ ਵੱਲੋਂ ਜਥੇਦਾਰ ਦੇ ਉੱਚ ਆਹੁਦੇ ਨੂੰ ਗੈਰ ਸਿਧਾਂਤਕ ਹਟਾਉਣ ਅਤੇ ਚੋਰ ਮੋਰੀ ਰਾਹੀਂ ਸਿੱਖੀ ਸਿਧਾਂਤਾਂ ਦਾ ਵੱਡਾ ਘਾਂਣ ਕਰਕੇ ਜਥੇਦਾਰ ਬਣੇ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਜਥੇਦਾਰ ਮੰਨਣ ਤੋਂ ਬਿਲਕੁਲ ਇਨਕਾਰ ਕਰ ਦਿੱਤਾ ਹੈ ਅਤੇ ਇਸ ਦਾ ਆਉਣ ਵਾਲੇ ਸਮੇਂ ਵਿੱਚ ਨਵੇਂ ਜਥੇਦਾਰ ਨੂੰ ਨਿੱਤ ਦਿਨ ਵੱਡੀ ਵਿਰੋਧਤਾ ਦਾ ਸਹਾਮਣਾ ਕਰਨਾ ਪੈ ਸਕਦਾ ਹੈ, ਇੱਕ ਬਾਦਲਕਿਆਂ ਦਾ ਚੱਪਲ ਝਾੜ ਤੇ ਦਰਬਾਰ ਸਾਹਿਬ 'ਚ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੂੰ ਧੋਖਾ ਦੇ ਹੱਥ ਖੜ੍ਹੇ ਕਰਕੇ ਨਿਕਲਣ ਤੇ ਅਕਾਲੀ ਦਲ ਤੋਂ ਕੱਢੇ ਆਗੂ ਵੱਲੋਂ ਸਿੱਖ ਸਿਧਾਂਤਾਂ ਤੇ ਗੈਰ ਮਰਯਾਦਾ ਤਹਿਤ ਬਣ ਜਥੇਦਾਰ ਦਾ ਵਿਰੋਧ ਕਰਨ ਵਾਲਿਆਂ ਨੂੰ ਤਖ਼ਤ ਤੇ ਜਥੇਦਾਰ ਵਿਰੋਧੀ ਨੀਤੀ ਦੱਸਣ ਤੇ ਮੀਡੀਆ ਨੂੰ ਦੁਹਾਈ ਪਾਉਣੀ ਕਿ ਤੁਸੀਂ ਤਾਂ ਸਾਡੇ ਦਇਆਂ ਕਰ ਦਿਓ ਬਹੁਤ ਹੀ ਨਿੰਦਣਯੋਗ ਸੋਚ ਤੇ ਵਰਤਾਰਾ ਹੈ, ਕਿਉਂਕਿ ਹਰ ਮਨੁੱਖ ਨੂੰ ਅਕਾਲ ਤਖ਼ਤ ਸਾਹਿਬ ਦੀ ਸਰਬਉਚਤਾ ਨੂੰ ਕਾਇਮ ਰੱਖਣ ਲਈ ਤਖ਼ਤ ਵਿਰੋਧੀ ਬਾਦਲਕਿਆਂ ਵਿਰੁੱਧ ਬੋਲਣ ਦਾ ਹੱਕ ਹੈ, ਇਹ ਥੋੜ੍ਹੀ ਗੱਲ ਕਿ ਇੱਕ ਘਰਾਣੇ ਦੇ ਕਾਰਪੋਰੇਟ ਬਾਦਲ ਨੂੰ ਬਚਾਉਣ ਲਈ ਸਿੱਖ ਪਰੰਪਰਾਵਾਂ, ਸਿੱਖੀ ਸਿਧਾਂਤਾਂ ਦਾ ਘਾਣ ਕੀਤਾ ਜਾਵੇ ਤੇ ਲੋਕ ਚੁੱਪ ਰਹਿਣ, ਇਹ ਕੇਵੇ ਹੋ ਸਕਦਾ ਹੈ,ਲੋਕ ਤਾ ਬਾਦਲਾਂ ਤੇ ਬਾਦਲਾਂ ਦੇ ਚੱਪਲ ਝਾੜ ਘੜੰਮ ਚੌਧਰੀਆਂ ਵਿਰੁੱਧ ਬੋਲਦੇ ਹੀ ਰਹਿਣਗੇ ,ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਬੇਨਤੀ ਕਰਦੀ ਹੈ ਕਿ ਉਹ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਦੀਆਂ ਭਾਵਨਾਵਾਂ ਨੂੰ ਮੁੱਖ ਰੱਖਦਿਆਂ ਆਪਣੇ ਆਹੁਦੇ ਤੋਂ ਪਿੱਛੇ ਹਟ ਜਾਣ ਦੀ ਲੋੜ ਤੇ ਜ਼ੋਰ ਦੇਣ ਨਹੀਂ ਤਾਂ ਜਿਸ ਢੰਗ ਨਾਲ ਦਿੱਨ ਬ ਦਿੱਨ ਉਹਨਾਂ ਦਾ ਵਿਰੋਧ ਵਧਦਾ ਜਾ ਰਿਹਾ ਹੈ ਅਜਿਹੇ ਹਾਲਾਤਾ ਵਿੱਚ ਉਨ੍ਹਾਂ ਨੂੰ ਬਹੁਤ ਮੁਸ਼ਿਕਲ ਦਾ ਮੁਕਾਬਲਾ ਕਰਨਾ ਪੈ ਸਕਦਾ ਹੈ, ਕਿਉਂਕਿ ਹੁਣ ਭਾਰਤ ਤੋਂ ਬਾਹਰ ਵੀ ਸਮੂਹ ਦੇਸ਼ਾਂ ਦੀਆਂ ਸਿੱਖ ਸੰਗਤਾਂ ਵੱਲੋਂ ਸਰਬੱਤ ਖਾਲਸਾ ਬੁਲਾ ਕੇ ਬਾਦਲਕਿਆਂ ਦੇ ਇਸ ਵਰਤਾਰੇ ਤੇ ਗੈਰ ਮਰਯਾਦਾ ਗੈਰ ਸਿਧਾਂਤਕ ਬਣੇ ਜਥੇਦਾਰ ਵਿਰੁੱਧ ਸਖ਼ਤ ਕਾਰਵਾਈ ਕਰਨ ਦਾ ਐਲਾਨ ਕਰ ਦਿੱਤਾ ਗਿਆ ਹੈ ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਹੁਣ ਸਰਬੱਤ ਖਾਲਸਾ ਦੇ ਚੀਫ ਕਮਾਂਡਰ ਤੇ ਦਮਦਮੀ ਟਕਸਾਲ ਦੇ ਨਿਧੜਕ ਬੁਲਾਰੇ ਭਾਈ ਮੋਹਕਮ ਸਿੰਘ, ਨਿਹੰਗ ਸਿੰਘ ਜਥੇਬੰਦੀਆਂ ਆਗੂਆਂ, ਧਰਮੀ ਫੌਜੀਆਂ, ਸਮੂਹ ਫੈਡਰੇਸ਼ਨਾ ਨੂੰ ਬੇਨਤੀ ਕਰਦੀ ਹੈ ਕਿ ਹੁਣ ਸਮਾਂ ਆ ਗਿਆ ਹੈ ਇੱਕ ਵਾਰ ਅਕਾਲ ਤਖ਼ਤ ਸਾਹਿਬ ਤੇ ਸਰਬੱਤ ਖਾਲਸਾ ਬੁਲਾ ਕੇ ਬਾਦਲਕਿਆਂ ਦੀਆਂ ਤਖ਼ਤ ਵਿਰੋਧੀ ਨੀਤੀ ਦੀਆਂ ਜੜ੍ਹਾਂ ਪੁੱਟੀਆਂ ਜਾਣ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਨੇ ਵਿਦੇਸ਼ਾਂ ਵਿੱਚ ਵੱਸਦੇ ਸਿੱਖਾਂ ਵੱਲੋਂ ਸਰਬੱਤ ਖਾਲਸਾ ਸੱਦਣ ਦਾ ਸਵਾਗਤ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਭਾਈ ਖਾਲਸਾ ਨੇ ਸਪੱਸ਼ਟ ਕੀਤਾ ਇਸ ਵਾਰ ਬਾਦਲਕਿਆਂ ਨੂੰ ਪੰਥ ਵਿਰੋਧੀ ਸਿੱਖੀ ਸਿਧਾਂਤਾਂ ਦਾ ਘਾਣ ਕਰਕੇ ਬਣੇ ਨਵੇਂ ਜਥੇਦਾਰ ਤੇ ਗੈਰ ਸਿਧਾਂਤਕ ਆਹੁਦੇ ਤੋਂ ਹਟਾਏ ਜਥੇਦਾਰ ਸਾਹਿਬਾਨਾਂ ਸਬੰਧੀ ਇੱਕ ਵੱਡਾ ਸੰਘਰਸ਼ ਕਰਨਾ ਚਾਹੀਦਾ ਹੈ ਅਤੇ ਤਖ਼ਤ ਵਿਰੋਧੀ ਬਾਦਲਾਂ ਦੀ ਨੀਤੀ ਦਾ ਅੰਤ ਕਰਨ ਵੱਲਾ ਵਧਣਾ ਚਾਹੀਦਾ ਹੈ, ਉਹਨਾਂ ਨਵੇਂ ਬਣੇ ਜਥੇਦਾਰ ਸਬੰਧੀ ਪੰਜ ਪਿਆਰਿਆਂ ਦੇ ਰੋਲ ਦੀ ਨਿੰਦਾ ਕੀਤੀ ਅਤੇ ਕਿਹਾ ਬਾਦਲਾਂ ਦੇ ਨੌਕਰ ਨਾਂ ਬਣੋਂ ਕੌਮ ਦੀਆਂ ਭਾਵਨਾਵਾਂ ਨੂੰ ਵੇਖਦਿਆਂ ਜੇ ਬਾਦਲਾਂ ਦੀਆਂ ਤਖ਼ਤ ਵਿਰੋਧੀ ਨੀਤੀਆਂ ਸਬੰਧੀ ਖੁੱਲ੍ਹ ਨਹੀਂ ਬੋਲ ਸਕਦੇ ਤਾਂ ਚੁੱਪ ਰਹੋ, ਸਰਸੇ ਵਾਲੇ ਸਾਧ ਨੂੰ ਮੁਆਫੀ ਦੇਣ ਵਿਰੁੱਧ ਪੰਜ ਪਿਆਰਿਆਂ ਵਧੀਆ ਕਾਰਗੁਜ਼ਾਰੀ ਨਿਭਾਈ ਸੀ ਪਰ ਤੁਸੀਂ ਬਾਦਲਾ ਦੇ ਨੌਕਰ ਹੋਣ ਕਰਕੇ ਅਜਿਹਾ ਕਰਨ ਵਿੱਚ ਅਸਫ਼ਲ ਰਹੇ ਜਿਸ ਦਾ ਸੰਗਤਾਂ ਵਿੱਚ ਰੋਸ ਹੈ।

ਅਨਾਜ ਮੰਡੀ ਰਾਣੀਆ ਸਿਰਸਾ ਵਿਖੇ ਆੜਤੀ ਐਸੋਸੀਏਸ਼ਨ ਅਤੇ ਰਾਈਸ ਮਿਲ ਐਸੋਸੀਏਸ਼ਨ ਵੱਲੋਂ

# ਸਰਬੱਤ ਦੇ ਭਲੇ ਲਈ ਧੁਰਕੀ ਬਾਣੀ ਦੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਮੈਂਬਰ ਸਾਹਿਬਾਨਾਂ ਨੂੰ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ












ਅਨਾਜ ਮੰਡੀ ਰਾਣੀਆ ਸਿਰਸਾ ਵਿਖੇ ਆੜਤੀ ਐਸੋਸੀਏਸ਼ਨ ਅਤੇ ਰਾਈਸ ਮਿਲ ਐਸੋਸੀਏਸ਼ਨ ਵੱਲੋਂ ਸਰਬੱਤ ਦੇ ਭਲੇ ਲਈ ਧੁਰਕੀ ਬਾਣੀ ਦੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਐਸ਼ੋਸੀਏਸ਼ਨ ਦੇ ਸੱਦੇ ਤੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਗਈ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਰਦਾਰ ਅੰਗਰੇਜ਼ ਸਿੰਘ ਹਲਕਾ ਰਾਣੀਆ,ਸਰਦਾਰ ਗੁਰਪਾਲ ਸਿੰਘ ਗੋਰਾ ਹਲਕਾ ਐਲਣਾਬਾਦ ਵੀ ਇਸ ਸਮੇਂ ਹਾਜ਼ਰ ਸਨ ਆੜਤੀ ਐਸੋਸੀਏਸ਼ਨ ਰਾਣੀਆਂ ਦੇ ਪ੍ਰਧਾਨ ਸ੍ਰੀ ਸੋਮ ਪ੍ਰਕਾਸ਼ ਜੈਨ ਅਤੇ ਜ਼ਿਲਾ ਪ੍ਰਧਾਨ ਸ੍ਰੀ ਪ੍ਰਦੀਪ ਜੈਨ ਕਾਲਾਂਵਾਲੀ ਵੱਲੋਂ ਜਥੇਦਾਰ ਦਾਦੂਵਾਲ ਜੀ ਅਤੇ ਮੈਂਬਰ ਸਾਹਿਬਾਨਾਂ ਨੂੰ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਨੇ ਹਾਜ਼ਰੀ ਭਰੀ ਗੁਰੂ ਕਾ ਲੰਗਰ ਅਟੁੱਟ ਵਰਤਿਆ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ੍ਰੀ ਅਕਾਲ ਤਖਤ ਮਹਾਨ ਹੈ
# ਸਿੱਖ ਪੰਥ ਦੀ ਸ਼ਾਨ ਹੈ




## ਸਿੱਖਾ ਦੀ ਸਿਰਮੌਰ ਸੰਸਥਾ ਸ੍ਰੀ ਅਕਾਲ ਤੱਖਤ ਸਾਹਿਬ ਦੀ ਮਾਣ-ਮਰਿਯਾਦਾ,ਸਿਧਾਂਤ ਅਤੇ ਵਿਧੀ ਵਿਧਾਨ ਦਾ ਘਾਣ ਕਰਨ ਵਾਲੀਆਂ ਸ਼ਕਤੀਆ ਵਿਰੁੱਧ ਫਿਰੋਜਪੁਰ ਦੀਆਂ ਸੰਗਤਾ,ਸਿੱਖ ਜਥੇਬੰਧੀਆਂ,ਕਿਸਾਨ ਯੂਨੀਅਨ ਵੱਲੋਂ ਰੋਸ ਪ੍ਰਦਰਸ਼ਨ

ਮਿਤੀ 12 ਮਾਰਚ ਤਿੰਨ ਬੁੱਧਵਾਰ ਦੁਪਹਰੇ 12 ਵਜੇ ਗੁਰਦੁਆਰਾ ਸਾਰਾਗੜੀ ਸਾਹਿਬ ਫਿਰੋਜਪੁਰ ਵਿਖੇ,ਇਲਾਕੇ ਦੀਆਂ ਸਿੱਖਸੰਗਤਾ,ਸਿੱਖ ਜਥੇਬੰਧੀਆਂ ਅਤੇ ਕਿਸਾਨ ਯੂਨੀਅਨ ਵੱਲੋ ਸਿੱਖਾ ਦੀ ਸਿਰਮੌਰ ਸੰਸਥਾ ਸ੍ਰੀ ਅਕਾਲ ਤਖਤ ਦੀ ਮਾਨ ਮਰਿਯਾਦਾ,ਸਿਧਾਂਤਾਂ ਅਤੇ ਵਿਧੀ ਵਿਧਾਨ ਦਾ ਘਾਣ ਕਰਨ ਵਾਲੀਆਂ ਸ਼ਕਤੀਆ ਵਿਰੁੱਧ ਪੰਜ ਸਿੰਘਾ ਦੀ ਅਗਵਾਹੀ ਹੇਠ ਵੱਡੇ ਪੱਧਰ ਤੇ ਰੋਸ ਪਰਦਰਸ਼ਨ ਕੀਤਾ ਜਾ ਰਿਹਾ ਹੈ ।ਸਾਡਾ ਸਾਰਿਆਂ ਦਾ ਫਰਜ ਬਣਦਾ ਹੈ ਕਿ ਅਸੀਂ ਸ੍ਰੀ ਅਕਾਲ ਤਖਤ ਸਾਹਿਬ ਦੀ ਸਰਵਉੱਚਤਾ ਮਾਣ ਮਰਿਯਾਦਾ/ਸਿਧਾਤਾਂ ਦੀ ਰਾਖੀ ਲਈ ਆਪਣਾ ਬਣਦਾ ਯੋਗਦਾਨ ਪਾਈਏ। ਸਮੂਹ ਪੰਥ ਦਰਦੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਦਿੱਤੇ ਗਏ ਪ੍ਰੋਗਰਾਮ ਅਨੁਸਾਰ ਸਮੇਂ ਸਿਰ ਪਹੁੰਚ ਕੇ ਸਿੱਖ ਵਿਰੋਧੀ ਸ਼ਕਤੀਆਂ ਦਾ ਰੋਸ ਪਰਦਰਸਨ ਕਰਕੇ ਮੂੰਹ ਤੋੜਵਾਂ ਜਵਾਬ ਦਈਏ।

### ★ ਬੇਨਤੀ ਕਰਤਾ ★

ਮਹਾਂ ਪੰਚਾਇਤ ਪੰਜਾਬ, ਭਾਈ ਬਲਕਾਰ ਸਿੰਘ ਜੀ ਮੁੱਖੀ ਪੰਜ ਪਿਆਰੇ ਫਿਰੋਜਪੁਰ,ਬਾਬਾ ਸਤਿਨਾਮ ਸਿੰਘ ਜੀ ਵੱਲੀਆਂ ਪ੍ਰਧਾਨ ਇੰਟਰਨੈਸਨਲ ਪੰਥਕ ਦਲ,ਸਰਦਾਰ ਗੁਰਚਰਨ ਸਿੰਘ ਭੁੱਲਰ ਪ੍ਰਧਾਨ ਅਕਾਲੀਦਲ ਸ੍ਰੀ ਅੰਮ੍ਰਿਤਸਰ,ਸਰਦਾਰ ਜਸਬੀਰ ਸਿੰਘ ਅਕਾਲੀ ਦਲ ਵਾਰਸ ਪੰਜਾਬ, ਭਾਈ ਦਲੇਰ ਸਿੰਘ ਪ੍ਰਧਾਨ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ, ਭਾਈ ਲਖਵੀਰ ਸਿੰਘ ਮਹਾਲਮ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ, ਭਾਈ ਸੁਖਦੇਵ ਸਿੰਘ ਦਮਦਮੀ ਟਕਸਾਲ,ਫੌਜੀ ਅਫਸਰ ਚਰਨ ਸਿੰਘ ਜੀ ਕੀਰਤੀ ਚੱਕਰ,ਦਵਿੰਦਰ ਸਿੰਘ ਸੇਖੋ ਜਰਨਲ ਸਕੱਤਰ ਮਿਲ ਸੱਤਲੁਜ ਪੰਜਾਬ,ਬਾਬਾ ਬੋਹੜ ਸਿੰਘ ਜੀ ਤੂਤ,ਬਾਬਾ ਦਿਲਬਾਗ ਸਿੰਘ ਜੀ ਦਲ ਪੰਥ ਬਿਧੀਚੰਦ, ਸਰਦਾਰ ਬਾਬੂ ਸਿੰਘ ਬਰਾੜ ਉਘੇ ਲੇਖਕ, ਪ੍ਰਧਾਨ ਸ੍ਰ: ਇੱਕਬਾਲ ਸਿੰਘ ਸੱਪਾਵਾਲੀ, ਪ੍ਰਧਾਨ ਸ੍ਰ: ਗੁਰਮੀਤ ਸਿੰਘ ਘੋੜੇ ਚੱਕ, ਅਤੇ ਸ੍ਰ: ਬਲਬੀਰ ਸਿੰਘ ਬੀ.ਕੇ.ਯੂ,ਸਿਧੂਪੁਰ, ਬਾਬਾ ਅਵਤਾਰ ਸਿੰਘ ਸਾਧਾਵਾਲਾ, ਬਲਾਕ ਪ੍ਰਧਾਨ ਗੁਰਮੇਲ ਸਿੰਘ ਸੰਘਰਸ੍ ਕਮੇਟੀ ਪੰਜਾਬ, ਸ੍ਰ: ਬਲਵਿੰਦਰ ਸਿੰਘ ਲੋਕ ਅਧਿਕਾਰ ਪੰਜਾਬ, ਸਰਦਾਰ ਅਵਤਾਰ ਸਿੰਘ ਮਹਮਾ ਭਾਰਤੀ ਕਿਸਾਨ ਯੂਨੀਅਨ ਕਰਾਂਤੀਕਾਰੀ।

### ਸੰਪਰਕ ਨੰ.

**9814255560, 9463427380**
**9417953091, 8360799759**

### ਹਰਪ੍ਰੀਤ ਸਿੰਘ ਨੇ ਰਣੀਕੇ ਚੌਂਕੀ ਇੰਚਾਰਜ ਵਜੋਂ ਚਾਰਜ ਸੰਭਾਲਿਆ

# ਇਲਾਕੇ ਦੇ ਸਰਪੰਚਾਂ ਨੇ ਕੀਤਾ ਸਨਮਾਨ



**ਧੂਰੀ ( ਰਣਜੀਤ ਸਿੰਘ ਪੇਧਨੀ )**-ਹਰਪ੍ਰੀਤ ਸਿੰਘ ਪਮਨੇ ਰਣੀਕੇ ਚੌਂਕੀ ਇੰਚਾਰਜ ਵਜੋਂ ਆਪਣਾ ਅਹੁਦਾ ਸੰਭਾਲਿਆ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੌਂਕੀ ਇੰਚਾਰਜ ਹਰਪ੍ਰੀਤ ਸਿੰਘ ਨੇ ਕਿਹਾ ਕਿ ਉਹ ਆਪਣੀ ਜਿੰਮੇਵਾਰੀ ਨੂੰ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਰਣੀਕੇ ਚੌਂਕੀ ਦੇ ਅਧੀਨ ਆਉਂਦੇ ਪਿੰਡਾਂ ਦੇ ਲੋਕਾਂ ਨੂੰ ਪੂਰਾ ਇਨਸਾਫ਼ ਦੇਣਗੇ ।ਉਨ੍ਹਾਂ ਕਿਹਾ ਕਿ ਉਹ ਇਲਾਕੇ ਵਿੱਚ ਨਸ਼ਿਆਂ ਦੀ ਰੋਕਥਾਮ ਲਈ ਸਖ਼ਤ ਕਦਮ ਚੁੱਕਣਗੇ, ਕਿਸੇ ਵੀ ਤਰ੍ਹਾਂ ਦੇ ਨਸ਼ੇ ਦੀ ਸਪਲਾਈ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ ।ਉਨ੍ਹਾਂ ਕਿਹਾ ਕਿ ਇਲਾਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਪਿੰਡਾਂ ਵਿੱਚ ਕਿਸੇ ਵੀ ਤਰ੍ਹਾਂ ਦੇ ਨਸ਼ੇ ਦੀ ਸਪਲਾਈ ਕਰਨ ਵਾਲੇ ਵਿਅਕਤੀ ਦੀ ਸੂਚਨਾ ਦੇਣ ਵਾਲੇ ਵਿਅਕਤੀ ਦਾ ਨਾਮ ਗੁਪਤ ਰੱਖਿਆ ਜਾਵੇਗਾ ।ਇਸ ਮੌਕੇ ਸਰਪੰਚ ਰਵਿੰਦਰ ਕੁਮਾਰ ਰਿੰਕਾ ਹਸਨਪੁਰ, ਸਰਪੰਚ ਸਿਮਰਨਜੀਤ ਸਿੰਘ ਕਾਲਾ ਬਟੂਹਾ, ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾ,ਸਰਪੰਚ ਸਤਿਗੁਰ ਸਿੰਘ ਕਾਂਝਲਾ, ਸਰਪੰਚ ਗੁਰਸੇਵਕ ਸਿੰਘ ਕੁੰਬੜਵਾਲ, ਸਰਪੰਚ ਦਲਬੀਰ ਸਿੰਘ ਧੰਦੀਵਾਲ, ਸਰਪੰਚ ਸੁਖਚੈਨ ਸਿੰਘ ਮੂਲੋਵਾਲ ਸਰਪੰਚ ਅਮਨਦੀਪ ਸਿੰਘ ਰਣੀਕੇ, ਸਰਪੰਚ ਰਾਜੂ ਰੰਗੀਆ, ਸਰਪੰਚ ਕੁਲਦੀਪ ਸਿੰਘ ਬਾਲੀਆਂ, ਸਰਪੰਚ ਸਿਮਰਨ ਸਿੰਘ ਕਾਂਝਲੀ, ਸਰਪੰਚ ਗੁਰਦੀਪ ਸਿੰਘ ਸੁਲਤਾਨਪੁਰ, ਸਰਪੰਚ ਪਿੰਡ ਅਲਾਲ, ਸਰਪੰਚ ਹਰਜੀਤ ਸਿੰਘ ਬੁਗਰਾ, ਸਰਪੰਚ ਰਾਮਜੀ ਨੱਤ ਨੇ ਨਵੇਂ ਆਏ ਚੌਂਕੀ ਇੰਚਾਰਜ ਦਾ ਵਿਸ਼ੇਸ ਸਨਮਾਨ ਕੀਤਾ।

### ਭਾਰਤ ਦੇ ਰਾਸ਼ਟਰਪਤੀ ਵੱਲੋਂ

# ਏਮਜ਼, ਬਠਿੰਡਾ ਦਾ ਕਨਵੋਕੇਸ਼ਨ ਸਮਾਰੋਹ




**ਬਠਿੰਡਾ, 11 ਮਾਰਚ (ਗੁਰਜੰਟ ਸਿੰਘ ਨਥੇਹਾ)**- ਭਾਰਤ ਦੇ ਰਾਸ਼ਟਰਪਤੀ, ਸ਼੍ਰੀਮਤੀ ਦ੍ਰੋਪਦੀ ਮੁਰਮੂ ਨੇ ਅੱਜ ਇਥੇ ਸਥਾਨਕ ਏਮਜ਼ ਦੇ ਕਨਵੋਕੇਸ਼ਨ ਸਮਾਰੋਹ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਬੋਲਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਨਾਗਰਿਕਾਂ ਲਈ ਏਮਜ਼ ਦਾ ਅਰਥ ਹੈ ਸਭ ਤੋਂ ਵਧੀਆ ਅਤੇ ਕਿਫਾਇਤੀ ਇਲਾਜ ਅਤੇ ਵਿਦਿਆਰਥੀਆਂ ਲਈ ਏਮਜ਼ ਦਾ ਅਰਥ ਹੈ ਉੱਚ ਸਿੱਖਿਆ ਅਤੇ ਖੋਜ ਲਈ ਚੰਗੀਆਂ ਸਹੂਲਤਾਂ।ਕਿਫਾਇਤੀ ਕੀਮਤ 'ਤੇ ਸ਼ਾਨਦਾਰ ਤੀਜੇ ਦਰਜੇ ਦੀ ਸਿਹਤ ਸੰਭਾਲ ਪ੍ਰਦਾਨ ਕਰਨ ਤੇ ਡਾਕਟਰੀ ਖੇਤਰ ਵਿੱਚ ਖੋਜ ਅਤੇ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਦੇਸ਼ ਵਿੱਚ ਬਹੁਤ ਸਾਰੇ ਏਮਜ਼ ਸਥਾਪਿਤ ਕੀਤੇ ਗਏ ਹਨ। ਇਸ ਦੌਰਾਨ ਰਾਸ਼ਟਰਪਤੀ ਨੇ ਕਿਹਾ ਕਿ ਏਮਜ਼ ਵਰਗੇ ਵੱਕਾਰੀ ਸੰਸਥਾਨਾਂ ਨੂੰ ਇਲਾਜ ਦੇ ਨਾਲ-ਨਾਲ ਖੋਜ ਅਤੇ ਨਵੀਨਤਾ ਵਿੱਚ ਵੀ ਸਭ ਤੋਂ ਅੱਗੇ ਰਹਿਣਾ ਚਾਹੀਦਾ ਹੈ। ਉਨ੍ਹਾਂ ਨੂੰ ਇਹ ਜਾਣ ਕੇ ਖੁਸ਼ੀ ਹੋਈ ਕਿ 750 ਬਿਸਤਰਿਆਂ ਵਾਲਾ ਏਮਜ਼ ਇਸ ਖੇਤਰ ਦੇ ਲੋਕਾਂ ਨੂੰ ਕਈ ਸਪੈਸ਼ਿਲਟੀ ਅਤੇ ਸੁਪਰ ਸਪੈਸ਼ਿਲਟੀ ਵਿਭਾਗਾਂ ਰਾਹੀਂ ਪੂਰੀ ਸਿਹਤ ਸੰਭਾਲ ਪ੍ਰਦਾਨ ਕਰ ਰਿਹਾ ਹੈ। ਉਨ੍ਹਾਂ ਏਮਜ਼ ਦੇ ਸਾਰੇ ਹਿੱਸੇਦਾਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਖੋਜ ਅਤੇ ਡਾਕਟਰੀ ਸੇਵਾ ਰਾਹੀਂ ਇਸ ਨੂੰ ਡਾਕਟਰੀ ਉੱਤਮਤਾ ਦੇ ਖੇਤਰੀ ਕੇਂਦਰ ਵਜੋਂ ਵਿਕਸਤ ਕਰਨ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਉਨ੍ਹਾਂ ਦੀ ਖੋਜ ਦਾ ਧਿਆਨ ਵਿਸ਼ਵਵਿਆਪੀ ਅਤੇ ਸਥਾਨਕ ਸਿਹਤ ਮੁੱਦਿਆਂ ਨੂੰ ਹੱਲ ਕਰਨ 'ਤੇ ਹੋਣਾ ਚਾਹੀਦਾ ਹੈ।ਰਾਸ਼ਟਰਪਤੀ ਨੇ ਕਿਹਾ ਕਿ ਡਾਕਟਰਾਂ ਨੂੰ ਸਾਡੇ ਸਮਾਜ ਵਿੱਚ ਬਹੁਤ ਉੱਚਾ ਸਥਾਨ ਦਿੱਤਾ ਗਿਆ ਹੈ। ਇੱਕ ਡਾਕਟਰ ਤੋਂ ਪੇਸ਼ੇਵਰ ਯੋਗਤਾ ਦੇ ਨਾਲ-ਨਾਲ ਹਮਦਰਦੀ, ਦਿਆਲਤਾ ਅਤੇ ਹਮਦਰਦੀ ਵਰਗੇ ਮਨੁੱਖੀ ਮੁੱਲਾਂ ਦੀ ਉਮੀਦ ਕੀਤੀ ਜਾਂਦੀ ਹੈ। ਉਨ੍ਹਾਂ ਡਾਕਟਰਾਂ ਨੂੰ ਇਸ ਨੈਤਿਕ ਜ਼ਿੰਮੇਵਾਰੀ ਨੂੰ ਸਮਝਣ ਅਤੇ ਉਸ ਅਨੁਸਾਰ ਕੰਮ ਕਰਨ ਦੀ ਸਲਾਹ ਦਿੱਤੀ। ਉਨ੍ਹਾਂ ਕਿਹਾ ਕਿ ਇੱਕ ਡਾਕਟਰੀ ਪੇਸ਼ੇਵਰ ਹੋਣ ਦੇ ਨਾਤੇ ਕਈ ਵਾਰ ਉਨ੍ਹਾਂ ਨੂੰ ਬਹੁਤ ਚੁਣੌਤੀਪੂਰਨ ਸਥਿਤੀਆਂ ਵਿੱਚੋਂ ਲੰਘਣਾ ਪੈਂਦਾ ਹੈ। ਉਨ੍ਹਾਂ ਨੂੰ ਇਨ੍ਹਾਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਆਪਣੀਆਂ ਭਾਵਨਾਵਾਂ ਨੂੰ ਕਾਬੂ ਵਿੱਚ ਰੱਖਣਾ ਪਵੇਗਾ। ਉਨ੍ਹਾਂ ਆਪਣੀ ਸਿਹਤ ਦਾ ਧਿਆਨ ਰੱਖਣ, ਸਹੀ ਜੀਵਨ ਸ਼ੈਲੀ ਅਪਣਾਉਣ, ਯੋਗਾ ਅਤੇ ਕਸਰਤ ਨੂੰ ਆਪਣੀ ਰੋਜ਼ਾਨਾ ਦੀ ਰੁਟੀਨ ਦਾ ਹਿੱਸਾ ਬਣਾਉਣ ਦੀ ਸਲਾਹ ਦਿੱਤੀ। ਉਨ੍ਹਾਂ ਕਿਹਾ ਕਿ ਇਹ ਸਾਰੇ ਕਦਮ ਉਨ੍ਹਾਂ ਨੂੰ ਮਾਨਸਿਕ ਅਤੇ ਸਰੀਰਕ ਤੌਰ 'ਤੇ ਸਿਹਤਮੰਦ ਅਤੇ ਕਿਰਿਆਸ਼ੀਲ ਰੱਖਣ ਵਿੱਚ ਮਦਦ ਕਰਨਗੇ। ਇਸ ਤੋਂ ਪਹਿਲਾ ਰਾਸ਼ਟਰਪਤੀ ਵਲੋਂ ਉਨ੍ਹਾਂ ਦੀ ਅਕਾਦਮਿਕ ਉੱਤਮਤਾ ਦੇ ਸਨਮਾਨ ਵਿੱਚ 9 ਗੋਲਡ ਮੈਡਲ ਅਤੇ ਐਮਬੀਬੀਐਸ ਗ੍ਰੈਜੂਏਟਾਂ ਨੂੰ 49 ਡਿਗਰੀਆਂ ਪ੍ਰਦਾਨ ਕੀਤੀਆਂ।ਐਮਡੀ, ਐਮਐਸ ਅਤੇ ਐਮਡੀਐਸ ਦੇ ਵਿਦਿਆਰਥੀਆਂ ਨੂੰ 6 ਗੋਲਡ ਮੈਡਲ ਅਤੇ ਕੁੱਲ 36 ਡਿਗਰੀਆਂ ਨਾਲ ਸਨਮਾਨਿਤ ਕੀਤਾ ਗਿਆ। ਇਸ ਤੋਂ ਪਹਿਲਾਂ ਰਾਸ਼ਟਰਪਤੀ ਸ੍ਰੀਮਤੀ ਦ੍ਰੋਪਦੀ ਮੁਰਮੂ ਜੀ ਦਾ ਬਠਿੰਡਾ ਵਿਖੇ ਪਹੁੰਚਣ 'ਤੇ ਗਵਰਨਰ ਪੰਜਾਬ ਸ਼੍ਰੀ ਗੁਲਾਬ ਚੰਦ ਕਟਾਰੀਆ, ਕੈਬਨਿਟ ਮੰਤਰੀ ਸ੍ਰ ਗੁਰਮੀਤ ਸਿੰਘ ਖੁੱਡੀਆਂ, ਵਿਧਾਇਕ ਤਲਵੰਡੀ ਸਾਬੋ ਤੇ ਚੀਫ਼ ਵਿਪ ਪ੍ਰੋ. ਬਲਜਿੰਦਰ ਕੌਰ, ਨਗਰ ਨਿਗਮ ਦੇ ਮੇਅਰ ਸ਼੍ਰੀ ਪਦਮਜੀਤ ਮਹਿਤਾ, ਡਵੀਜ਼ਨਲ ਕਮਿਸ਼ਨਰ ਫ਼ਰੀਦਕੋਟ ਸ਼੍ਰੀ ਮਨਜੀਤ ਸਿੰਘ ਬਰਾੜ, ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ, ਸਪੈਸ਼ਲ ਡੀ.ਜੀ.ਪੀ ਸ਼੍ਰੀ ਜਤਿੰਦਰ ਜੈਨ, ਏਡੀਜੀਪੀ ਸ਼੍ਰੀ ਐੱਸਪੀਐੱਸ ਪਰਮਾਰ, ਡੀ.ਆਈ.ਜੀ ਬਠਿੰਡਾ ਰੇਂਜ ਹਰਜੀਤ ਸਿੰਘ ਅਤੇ ਐੱਸਐੱਸਪੀ ਮੈਡਮ ਅਮਨੀਤ ਕੌਂਡਲ ਨੇ ਵਿਸ਼ੇਸ਼ ਤੌਰ 'ਤੇ ਸਵਾਗਤ ਕੀਤਾ। ਇਸ ਮੌਕੇ ਇੰਸਟੀਚਿਊਸ਼ਨਲ ਬੌਡੀ ਦੇ ਮੈਂਬਰ ਪ੍ਰੋ. ਕਮਲੇਸ਼ ਉਪਾਧਿਆ, ਪ੍ਰੋ. ਜੋਗਿੰਦਰ ਮਾਲਿਕ, ਏਮਜ਼ ਦੇ ਪ੍ਰੈਜੀਡੈਂਟ ਪ੍ਰੋ. ਡਾ. ਅਨਿਲ ਕੁਮਾਰ ਗੁਪਤਾ, ਏਮਜ਼ ਦੇ ਕਾਰਜਕਾਰੀ ਨਿਰਦੇਸ਼ਕ ਪ੍ਰੋ. ਡਾ. ਮੀਨੂ ਸਿੰਘ, ਏਮਜ਼ ਦੇ ਫਾਉਡਿੰਗ ਐਗਜੀਕਿਊਟਿਵ ਡਾਇਰੈਕਟਰ ਪ੍ਰੋ. ਡੀ.ਕੇ ਸਿੰਘ, ਡੀਨ ਅਕੈਡਮਿਕਸ ਪ੍ਰੋ. ਅਖਲੇਸ਼ ਪਾਠਕ ਆਦਿ ਹਾਜ਼ਰ ਸਨ।




# ਚੇਅਰਮੈਨ ਘੁੱਲੀ ਬਣੇ ਧੂਰੀ ਹਲਕੇ ਦੇ ਕੋਆਰਡੀਨੇਟਰ, ਵਰਕਰਾਂ 'ਚ ਖੁਸ਼ੀ ਦੀ ਲਹਿਰ ,ਆਗੂਆਂ ਨੇ ਦਿੱਤੀ ਮੁਬਾਰਕਬਾਦ



**ਧੂਰੀ ( ਰਣਜੀਤ ਸਿੰਘ ਪੇਧਨੀ )**-ਆਮ ਆਦਮੀ ਪਾਰਟੀ ਦੇ ਸੁਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ ,ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਪ੍ਰਧਾਨ ਸ੍ਰੀ ਅਮਨ ਅਰੋੜਾ ਵੱਲੋਂ ਪੰਜਾਬ ਭਰ ਵਿੱਚੋਂ 117 ਵਿਧਾਨ ਸਭਾ ਹਲਕਿਆਂ ਦੇ ਕੋਆਰਡੀਨੇਟਰ ਲਗਾਏ ਗਏ ਹਨ। ਜਿਨਾਂ ਵਿੱਚ ਧੂਰੀ ਵਿਧਾਨ ਸਭਾ ਹਲਕੇ ਤੋਂ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੂੰ ਹਲਕੇ ਦਾ ਕੁਆਰਡੀਨੇਟਰ ਲਗਾਇਆ ਗਿਆ ਹੈ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕਿਹਾ ਕਿ ਪਾਰਟੀ ਵੱਲੋਂ ਮਿਲੀ ਜਿੰਮੇਵਾਰੀ ਨੂੰ ਉਹ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਪਾਰਟੀ ਦੀ ਚੜ੍ਹਦੀ ਕਲਾ ਦੇ ਲਈ ਹਲਕੇ ਦੇ ਲੋਕਾਂ ਵਿੱਚ ਜਾ ਕੇ ਪਾਰਟੀ ਦੀਆਂ ਗਤੀਵਿਧੀਆਂ ਨੂੰ ਲੋਕਾਂ ਤੱਕ ਪਹੁੰਚਾਉਣਗੇ। ਚੇਅਰਮੈਨ ਘੁੱਲੀ ਨੂੰ ਕੋਆਰਡੀਨੇਟਰ ਲੱਗਣ ਤੇ ਮੁਬਾਰਕਵਾਦ ਦੇਣ ਵਾਲਿਆਂ ਵਿੱਚ ਪਰਮਜੀਤ ਸਿੰਘ ਕਾਂਝਲਾ, ਕਰਮਜੀਤ ਸਿੰਘ ਕਾਂਝਲਾ, ਰਣਜੋਧ ਸਿੰਘ ਕਾਂਝਲਾ, ਦਿਲਰਾਜ ਦੋਰਾਹਾ, ਚੇਅਰਮੈਨ ਅਮਰੀਕ ਸਿੰਘ ਸੋਹੀ, ਭਿੰਦਾ ਵਿਰਕ, ਮਾਣਾ ਗਰੇਵਾਲ, ਕੁਲਦੀਪ ਸਿੰਘ ਬੁੱਟਰ, ਜਸਵਿੰਦਰ ਸਿੰਘ ਖੁਰਮੀ, ਬਖਸਿਸ ਸਿੰਘ ਅਲਾਲ, ਰਜਿੰਦਰ ਸਿੰਘ ਪੇਧਨੀ, ਬਸੰਤ ਕੁਮਾਰ ਕਾਂਝਲਾ, ਸਾਬਕਾ ਸਰਪੰਚ ਸੁਖਦੀਪ ਸਿੰਘ ਚੀਮਾ, ਬੂਟਾ ਸੁਲਤਾਨਪੁਰ, ਮਾਨ ਰੰਗਿਆਂ, ਕੁਲਵਿੰਦਰ ਸਿੰਘ ਹਸਨਪੁਰ, ਪੰਚਾਇਤ ਯੂਨੀਅਨ ਬਲਾਕ ਧੂਰੀ ਦੇ ਪ੍ਰਧਾਨ ਸਰਪੰਚ ਜੱਗਾ ਭੋਜੋਵਾਲੀ, ਪੰਚਾਇਤ ਯੂਨੀਅਨ ਦੇ ਜਰਨਲ ਸਕੱਤਰ ਸਰਪੰਚ ਜਸਵੀਰ ਦਾਸ ਢਢੋਗਲ, ਸਰਪੰਚ ਗੁਰਜੰਟ ਸਿੰਘ ਭੜੀਮਾਨਸਾ, ਸਰਪੰਚ ਗੋਪੀ ਮੀਮਸਾ, ਸਰਪੰਚ ਸਿਮਰਨਜੀਤ ਸਿੰਘ ਕਾਲਾ ਬਟੂਹਾ , ਸਰਪੰਚ ਸੁਖਚੈਨ ਸਿੰਘ ਮੂਲੋਂਵਾਲ, ਸਰਪੰਚ ਅਮਨਦੀਪ ਸਿੰਘ ਰਣੀਕੇ, ਸਰਪੰਚ ਜਗਜੀਤ ਸਿੰਘ ਕੱਕੜਵਾਲ , ਸਰਪੰਚ ਜਗਰੂਪ ਸਿੰਘ ਕੋਲਸੇੜੀ, ਸਰਪੰਚ ਬਲਵੀਰ ਸਿੰਘ ਈਸੀ,ਸਰਪੰਚ ਭਗਵਾਨ ਸਿੰਘ ਭਲਵਾਨ,ਸਰਪੰਚ ਰਵਿੰਦਰ ਕੁਮਾਰ ਰਿੰਕਾ ਹਸਨਪੁਰ , ਸਰਪੰਚ ਗੁਰਮੇਲ ਸਿੰਘ ਬੁਰਜ ਗੌਹਰਾ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਅਮਨਦੀਪ ਸਿੰਘ, ਸਰਪੰਚ ਬਹਾਦਰ ਸਿੰਘ ਭਸੌੜ, ਸਰਪੰਚ ਗੋਗਾ ਦੁਗਨੀ, ਸਰਪੰਚ ਡਾ ਅਮਨ ਜਾਤੀਮਾਜਰਾ, ਸਰਪੰਚ ਦਲਵੀਰ ਸਿੰਘ ਧੰਦੀਵਾਲ, ਸਰਪੰਚ ਰਾਮ ਜੀ ਨੱਤ, ਸਰਪੰਚ ਗੁਰਸੇਵਕ ਸਿੰਘ ਕੁੰਭੜਵਾਲ,ਸਰਪੰਚ ਮੱਖਣ ਸਿੰਘ ਪੇਧਨੀ, ਸਰਪੰਚ ਰਾਜ ਸਿੰਘ ਮਾਨਵਾਲਾ, ਰਣਜੀਤ ਸਿੰਘ ਧੰਦੀਵਾਲ, ਰਣਜੀਤ ਸਿੰਘ ਸ਼ੇਰਗਿੱਲ ਆਦਿ ਆਗੂਆਂ ਨੇ ਜਿੱਥੇ ਮੁਬਾਰਕਬਾਦ ਦਿੱਤੀ ਉਥੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਪਰਮਾਤਮਾ ਚੇਅਰਮੈਨ ਘੁੱਲੀ ਨੂੰ ਦਿਨ ਦੁੱਗਣੀ ਰਾਤ ਚੌਗਣੀ ਤਰੱਕੀ ਬਖਸ਼ੇ।

# ਪਤੱਰਕਾਰ ਰਾਮ ਕੁਮਾਰ ਜਿੰਦਲ ਨੂੰ ਸਦਮਾ, ਪਿਤਾ ਦਾ ਦੇਹਾਂਤ



ਤਲਵੰਡੀ ਸਾਬੋ, 11 ਮਾਰਚ (ਗੁਰਜੰਟ ਸਿੰਘ ਨਥੇਹਾ)- ਦਮਦਮਾ ਪ੍ਰੈੱਸ ਕਲੱਬ ਤਲਵੰਡੀ ਸਾਬੋ ਦੇ ਸੀਨੀ. ਮੀਤ ਪ੍ਰਧਾਨ ਰਾਮ ਕੁਮਾਰ ਜਿੰਦਲ ਉਸ ਵੇਲੇ ਸਦਮਾ ਲੱਗ ਗਿਆ ਜਦੋਂ ਉਹਨਾਂ ਦੇ ਸਤਿਕਾਰਯੋਗ ਪਿਤਾ ਸ੍ਰੀ ਪ੍ਰੇਮ ਚੰਦ ਸਦੀਵੀ ਵਿਛੋੜਾ ਦੇ ਗਏ। ਪਿੰਡ ਜਗਾ ਰਾਮ ਤੀਰਥ ਵਿਖੇ ਆਪਣੇ ਦੋਵੇਂ ਪੁੱਤਰਾਂ ਸ੍ਰੀ ਪਵਨ ਕੁਮਾਰ ਜਿੰਦਲ ਅਤੇ ਰਾਮ ਕੁਮਾਰ ਜਿੰਦਲ ਨਾਲ ਰਹਿ ਰਹੇ ਪ੍ਰੇਮ ਚੰਦ ਅਚਾਨਕ ਹੀ ਸਵਰਗ ਸਿਧਾਰ ਗਏ। ਸ੍ਰੀ ਪ੍ਰੇਮ ਚੰਦ ਲਗਭਗ 92 ਸਾਲਾਂ ਦੇ ਸਨ। ਅੱਜ ਸੰਸਕਾਰ ਮੌਕੇ ਜਿੱਥੇ ਇਲਾਕੇ ਦੀਆਂ ਸਮਾਜਿਕ ਅਤੇ ਧਾਰਮਿਕ ਸ਼ਖ਼ਸੀਅਤਾਂ, ਪਿੰਡ ਵਾਸੀ ਪਹੁੰਚੇ ਉੱਥੇ ਕੈਬਨਿਟ ਰੈਂਕ ਪ੍ਰਾਪਤ ਹਲਕਾ ਵਿਧਾਇਕਾ ਬੀਬਾ ਬਲਜਿੰਦਰ ਕੌਰ, ਸੀਨੀ.'ਆਪ' ਆਗੂ ਐਡਵੋਕੇਟ ਉਦੈਵੀਰ ਸਿੰਘ ਜਗਾ, ਹਲਕੇ ਦੇ ਸਾਬਕਾ ਵਿਧਾਇਕ ਅਤੇ ਪਰਿਵਾਰ ਦੇ ਨਜ਼ਦੀਕੀ ਜੀਤਮਹਿੰਦਰ ਸਿੰਘ ਸਿੱਧੂ, ਗੁਰਬਾਜ਼ ਸਿੰਘ ਸਿੱਧੂ, ਖੁਸ਼ਬਾਜ ਜਟਾਨਾ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਵੀਪ੍ਰੀਤ ਸਿੰਘ ਸਿੱਧੂ, ਕਾਂਗਰਸ ਹਲਕਾ ਇੰਚਾਰਜ ਖੁਸ਼ਬਾਜ ਸਿੰਘ ਜਟਾਣਾ, ਭਾਜਪਾ ਹਲਕਾ ਇੰਚਾਰਜ ਗੋਪਾਲ ਕ੍ਰਿਸ਼ਨ ਬਾਂਸਲ, ਦਵਿੰਦਰ ਸਿੰਘ ਸੂਬਾ, ਸੁਖਦੇਵ ਸਿੰਘ, ਰਵੀ ਕੁਮਾਰ ਕੋਕੀ, ਸੁਰਜੀਤ ਸ਼ਿੰਦੀ, ਚੜ੍ਹਦੀਕਲਾ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਜੱਗਾ ਸਿੰਘ ਸਿੱਧੂ, ਜਸਵਿੰਦਰ ਸਿੰਘ ਜ਼ੈਲਦਾਰ ਅਤੇ ਸਮੁੱਚੇ ਪਤਰਕਾਰ ਭਾਈਚਾਰੇ ਤੋਂ ਇਲਾਵਾ ਵੱਡੀ ਗਿਣਤੀ 'ਚ ਮੁਹਤਬਰ ਸਖਸ਼ੀਅਤਾਂ ਨੇ ਪਰਿਵਾਰ ਨਾਲ ਦੁੱਖ ਪ੍ਰਗਟਾਇਆ।

# ਪੈਨਸ਼ਨਰਾਂ ਨੇ ਜਥੇਬੰਦੀ ਦੇ ਬਾਨੀ ਮਹਿੰਦਰ ਸਿੰਘ ਪਰਵਾਨਾ ਦੀ ਬਰਸੀ ਮਨਾਈ: ਪਿਆਰਾ ਸਿੰਘ



**ਜਲੰਧਰ, 11 ਮਾਰਚ ( ਆਵਾਜ਼ਿ ਕੌਮ ਬਿਊਰੋ )**-ਪੰਜਾਬ ਸਟੇਟ ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਜਲੰਧਰ ਦੀ ਮਹੀਨਾਵਾਰ ਮੀਟਿੰਗ ਸ:ਪਿਆਰਾ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਇਸ ਵਿਚ ਸਭ ਤੋ ਪਹਿਲਾਂ ਵਿਛੋੜਾ ਦੇ ਗਏ ਪੈਨਸ਼ਨਰ ਸਾਥੀਆਂ ਅਤੇ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ ਦੇ ਪ੍ਰਧਾਨ ਸਵਰਗਵਾਸੀ ਮਹਿੰਦਰ ਸਿੰਘ ਪ੍ਰਵਾਨਾ, ਜੋ 4 ਸਾਲ ਪਹਿਲਾਂ ਸਦੀਵੀ ਵਿਛੋੜਾ ਦੇ ਗਏ ਸਨ, ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਜਲੀ ਭੇਟ ਕੀਤੀ ਗਈ। ਪ੍ਰਧਾਨ ਪਿਆਰਾ ਸਿੰਘ ਨੇ ਪੈਨਸ਼ਨਰਜ ਪ੍ਰਤੀ ਉਹਨਾ ਦੀ ਲਗਨ ਅਤੇ ਮਿਹਨਤ ਨੂੰ ਵਿਸਤਾਰਪੂਰਵਕ ਯਾਦ ਕੀਤਾ। ਉਹਨਾ ਕਿਹਾ ਕਿ ਉਹਨਾ ਵੱਲੋ ਪੰਜਾਬ ਦੇ ਪੈਨਸ਼ਨਰਜ ਲਈ ਕੀਤੇ ਕੰਮਾ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਮਾਸਟਰ ਮਨੋਹਰ ਲਾਲ ਸਕੱਤਰ ਵਲੋ ਮੌਜੂਦਾ ਸਰਕਾਰ ਦੁਆਰਾ ਬਕਾਇਆ ਦੇਣ ਬਾਬਤ ਵਰਤੇ ਢੰਗ ਤਰੀਕੇ ਸਬੰਧੀ ਜਾਰੀ ਨੋਟੀਫਿਕੇਸ਼ਨ ਲਈ ਨਿਖੇਧੀ ਮਤਾ ਪੇਸ਼ ਕੀਤਾ। ਜਿਸ ਨੂੰ ਹਾਜਰ ਮੈਂਬਰਾ ਵਲੋ ਗਰਮਜੋਸ਼ੀ ਨਾਲ ਪਾਸ ਕੀਤਾ ਗਿਆ। ਉਹਨਾ ਸਰਕਾਰ ਨੂੰ ਚੇਤਾਵਨੀ ਦਿਤੀ ਕਿ ਪੈਨਸ਼ਨਰਜ ਦੀਆ ਬਾਕੀ ਮੰਗਾ ਜਿਵੇ ਕਿ 2.59 ਦਾ ਗੁਣਾਂਕ ਲਾਗੂ ਕਰਨਾ ਅਤੇ ਡੀ.ਏ ਦੀਆ ਬਕਾਇਆ ਰਹਿੰਦੀਆ ਕਿਸ਼ਤਾ ਦਾ ਨੋਟੀਫਿਕੇਸ਼ਨ ਜਾਰੀ ਕਰਨਾ ਆਦਿ ਮੰਗਾ ਨਾ ਮੰਨਣ ਦੀ ਸੂਰਤ ਵਿਚ ਪੰਜਾਬ ਦੇ ਪੈਨਸ਼ਨਰਜ ਵਲੋ ਸੰਘਰਸ਼ ਤੇਜ਼ ਕੀਤਾ ਜਾਵੇਗਾ। ਮੀਟਿੰਗ ਦੌਰਾਨ ਵਖ ਵਖ ਬੁਲਾਰਿਆ ਨੇ ਆਪਣੇ ਵਿਚਾਰ ਪੇਸ਼ ਕੀਤੇ। ਮੀਟਿੰਗ ਵਿਚ ਜਸਪਾਲ ਸਿੰਘ, ਕਸ਼ਮੀਰੀ ਲਾਲ ਚੰਨ, ਦੌਲਤ ਰਾਮ, ਜੋਗਿੰਦਰ ਸਿੰਘ ਮਕਸੂਦਾ, ਕਸ਼ਮੀਰ ਸਿੰਘ ਬਲ, ਜੋਗਿੰਦਰ ਸਿੰਘ pspcl, ਮਸੀਹ ਚਰਨ, ਪ੍ਰਿੰਸੀਪਲ ਰਜਿੰਦਰ ਸਿੰਘ ਆਦਿ ਇਲਾਵਾ ਹੋਰ ਵੱਡੀ ਗਿਣਤੀ ਵਿੱਚ ਮੈਂਬਰ ਹਾਜ਼ਰ ਸਨ।